

ਜਨ-ਜਨ ਦੀ ਅਵਾਜ਼

Epaper.onlinejagran.com

ਦਿੱਲੀ ਤੋਂ ਪ੍ਰਕਾਸ਼ਿਤ

# ਜਨ ਜਾਗਰਣ

R.N.I No. DELPUN/2015/65303

Email- janjagran1988@gmail.com

Daily Jan Jagran Delhi

ਜਨ ਜਾਗਰਣ ਟੀ. ਵੀ. ਪੰਜਾਬ ਦੇਖਣ ਲਈ ਹੇਠਾਂ ਦਿੱਤੇ ਫੇਸਬੁੱਕ ਅਕਾਊਂਟ 'ਤੇ ਜਾਓ

Facebook.com/ janjagranpunjab

ਸਾਲ : 12 ਅੰਕ : 157 ਦਿਨ : ਮੰਗਲਵਾਰ ਮਿਤੀ : 9 ਜੂਨ, 2026 ਮੁੱਲ : 2.00 ਰੁਪਏ ਫੋਨ : 099998-89104 ਕੁੱਲ ਸਫੇ =8


# ਵਿਰੋਧੀ ਧਿਰ ਦੇ ਆਗੂਆਂ ਵੱਲੋਂ ਏਕਤਾ ਦੀ ਮੰਗ, ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ

ਨਵੀਂ ਦਿੱਲੀ, 8 ਜੂਨ (ਜਨ ਜਾਗਰਣ ਬਿਊਰੋ)–ਗੱਠਜੋੜ ਦੇ ਕਈ ਚੋਟੀ ਦੇ ਆਗੂਆਂ ਨੇ ਕੁਝ ਭਾਈਵਾਲਾਂ ਵਿੱਚ ਉਭਰੇ ਮਤਭੇਦਾਂ ਦੇ ਮੱਦੇਨਜ਼ਰ ਸੰਵਿਧਾਨ ਕਲੱਬ ਵਿਖੇ ਮੁਲਾਕਾਤ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਕਈ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਗੱਠਜੋੜ ਵਿੱਚ ਏਕਤਾ 'ਤੇ ਜ਼ੋਰ ਦਿੱਤਾ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨ ਅਤੇ ਲੋਕਾਂ ਦੀ ਰੋਜ਼ੀ-ਰੋਟੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਕਾਂਗਰਸ ਤੋਂ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਮਲਿਕਾਰਜੁਨ ਖੜਗੇ, ਤ੍ਰਿਣਮੂਲ ਕਾਂਗਰਸ ਤੋਂ ਮਮਤਾ ਬੈਨਰਜੀ, ਸਮਾਜਵਾਦੀ ਪਾਰਟੀ ਤੋਂ ਅਖਿਲੇਸ਼ ਯਾਦਵ, ਆਰਜੇਡੀ ਤੋਂ ਤੇਜਸਵੀ ਯਾਦਵ, ਨੈਸ਼ਨਲ ਕਾਨਫਰੰਸ ਤੋਂ ਉਮਰ ਅਬਦੁੱਲਾ ਅਤੇ ਪੀਡੀਪੀ ਤੋਂ ਮਹਿਬੂਬਾ ਮੁਫਤੀ ਸਮੇਤ ਵਿਰੋਧੀ ਆਗੂਆਂ ਨੇ ਖੱਬੇ ਪੱਖੀ ਆਗੂਆਂ ਦੇ ਨਾਲ ਮੀਟਿੰਗ ਵਿੱਚ ਹਿੱਸਾ ਲਿਆ। ਐੱਨਸੀਪੀ(ਐੱਸਪੀ) ਦੇ ਆਗੂ ਸੁਪ੍ਰੀਆ ਸੁਲੇ, ਸੀਪੀਆਈ(ਐੱਮ) ਦੇ ਜੌਨ ਬ੍ਰਿਟਾਸ, ਸੀਪੀਆਈ ਦੇ ਡੀ ਰਾਜਾ ਅਤੇ ਕੁਝ ਛੋਟੀਆਂ ਪਾਰਟੀਆਂ ਦੇ ਆਗੂ ਵੀ ਵਿਚਾਰ-ਵਟਾਂਦਰੇ ਦਾ ਹਿੱਸਾ ਸਨ, ਜਦਕਿ ਸ਼ਿਵ ਸੈਨਾ (ਯੂਬੀਟੀ) ਦੇ ਉੱਧਵ ਠਾਕਰੇ ਵਰਚੁਅਲ ਤੌਰ 'ਤੇ ਸ਼ਾਮਲ ਹੋਏ। ਡੀਐੱਮਕੇ ਅਤੇ ਆਮ ਆਦਮੀ ਪਾਰਟੀ (ਆਪ) ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਹਨ ਕਿਉਂਕਿ ਉਨ੍ਹਾਂ ਨੇ ਗੱਠਜੋੜ ਤੋਂ ਬਾਹਰ ਹੋਣ ਦਾ ਫੈਸਲਾ ਕੀਤਾ ਹੈ; ਟੀਵੀਕੇ ਵੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਈ। ਸੂਤਰਾਂ ਨੇ ਦੱਸਿਆ ਕਿ ਜਿਨ੍ਹਾਂ ਪਾਰਟੀਆਂ ਕੋਲ ਸੰਸਦ ਮੈਂਬਰ ਹਨ ਅਤੇ ਜੋ ਮੂਲ 'ਇੰਡੀਆ' ਗੱਠਜੋੜ ਦਾ ਹਿੱਸਾ ਸਨ, ਉਨ੍ਹਾਂ ਨੂੰ ਸੱਦਾ ਦਿੱਤਾ ਗਿਆ ਸੀ। ਆਗੂਆਂ ਨੇ ਭਾਜਪਾ ਦਾ ਮੁਕਾਬਲਾ ਕਰਨ ਲਈ ਏਕਤਾ ਕਾਇਮ ਕਰਨ ਅਤੇ ਆਪਣੀ ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ ਸ਼ੁਰੂ ਕੀਤਾ, ਜਦਕਿ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਟੀਐੱਮਸੀ ਅਤੇ ਡੀਐੱਮਕੇ ਵਰਗੀਆਂ ਖੇਤਰੀ ਪਾਰਟੀਆਂ ਦੀ ਹਾਰ ਤੋਂ ਬਾਅਦ ਅੰਦਰੂਨੀ ਮਤਭੇਦਾਂ ਨੂੰ ਦੂਰ ਕਰਨ ਦਾ ਯਤਨ ਕੀਤਾ। ਇਹ ਮੀਟਿੰਗ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਆਪਣੇ ਲਗਾਤਾਰ ਤੀਜੇ ਕਾਰਜਕਾਲ ਵਿੱਚ 12 ਸਾਲ ਪੂਰੇ ਕਰ ਚੁੱਕੀ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ




ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਗੂਆਂ ਨੂੰ ਮੋਦੀ ਸਰਕਾਰ ਦੇ "ਕੁਸ਼ਾਸਨ" ਕਾਰਨ ਦੇਸ਼ ਨੂੰ ਦਰਪੇਸ਼ ਰਾਜਨੀਤਿਕ, ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਏਕਤਾ ਮਜ਼ਬੂਤ ਕਰਨ ਦੀ ਅਪੀਲ ਕੀਤੀ। ਵਿਰੋਧੀ ਆਗੂਆਂ ਵਿੱਚ ਏਕਤਾ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ, "17 ਅਪਰੈਲ 2026 ਨੂੰ, ਅਸੀਂ ਲੋਕ ਸਭਾ ਵਿੱਚ ਬਹੁਤ ਨਿਰਣਾਇਕ ਢੰਗ ਨਾਲ ਆਪਣੀ ਏਕਤਾ ਅਤੇ ਇਕਜੁੱਟਤਾ ਦਾ ਪ੍ਰਦਰਸ਼ਨ ਕੀਤਾ, ਜਦੋਂ ਅਸੀਂ ਸਾਰੇ ਮੋਦੀ ਸਰਕਾਰ ਦੇ ਹੱਦਬੰਦੀ ਸਬੰਧੀ ਮਾੜੇ ਬਿੱਲਾਂ ਨੂੰ ਹਰਾਉਣ ਲਈ ਦ੍ਰਿੜਤਾ ਨਾਲ ਇਕੱਠੇ ਹੋਏ। ਹੁਣ ਸਾਨੂੰ ਉਸੇ ਭਾਵਨਾ ਨੂੰ ਹੋਰ ਮਜ਼ਬੂਤ ??ਕਰਨਾ ਚਾਹੀਦਾ ਹੈ ਅਤੇ ਅੱਗੇ ਵਧਣਾ ਚਾਹੀਦਾ ਹੈ, ਤਾਂ ਜੋ ਅਸੀਂ ਮੋਦੀ ਸਰਕਾਰ ਦੇ ਕੁਸ਼ਾਸਨ ਕਾਰਨ ਦੇਸ਼ ਨੂੰ ਦਰਪੇਸ਼ ਕਈ ਰਾਜਨੀਤਿਕ, ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਸਕੀਏ। ਮੀਟਿੰਗ ਦੇ ਏਜੰਡੇ ਬਾਰੇ ਪੁੱਛੇ ਜਾਣ 'ਤੇ ਅਖਿਲੇਸ਼ ਯਾਦਵ ਨੇ ਕਿਹਾ ਕਿ ਗੱਠਜੋੜ ਦੇ ਭਾਈਵਾਲਾਂ ਦੁਆਰਾ ਸਮੂਹਿਕ ਤੌਰ 'ਤੇ ਫੈਸਲੇ ਲਏ ਜਾਣਗੇ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਜ਼ਰੂਰੀ ਹੈ। ਸੀਪੀਆਈ ਦੇ ਜਨਰਲ ਸਕੱਤਰ ਡੀ ਰਾਜਾ ਨੇ ਕਿਹਾ ਕਿ ਇਹ ਮੀਟਿੰਗ ਮਹੱਤਵਪੂਰਨ ਹੈ ਕਿਉਂਕਿ ਇਹ ਕਾਫੀ ਸਮੇਂ ਬਾਅਦ ਹੋ ਰਹੀ ਹੈ। ਕਾਂਗਰਸ, ਐੱਸਪੀ, ਟੀਐੱਮਸੀ, ਆਰਜੇਡੀ, ਐੱਨਸੀ, ਪੀਡੀਪੀ, ਜੇਐੱਮਐੱਮ, ਸ਼ਿਵ ਸੈਨਾ (ਯੂਬੀਟੀ), ਐੱਨਸੀਪੀ (ਐੱਸਪੀ), ਸੀਪੀਆਈ(ਐੱਮ), ਸੀਪੀਆਈ, ਸੀਪੀਆਈ(ਐੱਮਐੱਲ), ਆਰਐੱਸਪੀ, ਆਈਯੂਐੱਮਐੱਲ, ਵੀਸੀਕੇ, ਐੱਮਡੀਐੱਮਕੇ, ਕੇਰਲ ਕਾਂਗਰਸ, ਕੇਰਲ ਕਾਂਗਰਸ (ਐੱਮ), ਆਰਐੱਲਪੀ, ਬੀਏਪੀ, ਲੋਕ ਦਲ, ਫਾਰਵਰਡ ਬਲਾਕ ਅਤੇ ਸ਼ੇਤਕਾਰੀ ਕਾਮਗਾਰ ਪਕਸ਼ ਦੇ ਆਗੂ ਅਤੇ ਆਜ਼ਾਦ ਸੰਸਦ ਮੈਂਬਰ ਕਪਿਲ ਸਿੱਬਲ ਵਿਰੋਧੀ ਧਿਰ ਦੀ ਇਸ ਮੀਟਿੰਗ ਵਿੱਚ ਇਕੱਠੇ ਹੋਏ।

# ਮੁੱਖ ਮੰਤਰੀ ਮਾਨ ਦੀ ਲੋਕ ਮਿਲਣੀ : ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

## ਭਾਜਪਾ ਨੇ ਕਿਸਾਨ ਵਿਰੋਧੀ ਕਾਨੂੰਨ ਥੋਪੇ, ਅਕਾਲੀਆਂ ਨੇ ਧਰਮ ਦੀ ਦੁਰਵਰਤੋਂ ਕੀਤੀ: ਭਗਵੰਤ ਮਾਨ





ਬਲਵਿੰਦਰ ਰੈਤ

===============

ਨੂਰਪੁਰ ਬੇਦੀ, 8 ਜੂਨ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਨਜ਼ਦੀਕੀ ਪਿੰਡ ਬੜਵਾ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਲੋਕਾਂ ਵਿਚਕਾਰ ਪਹੁੰਚੇ। ਇਸ ਮੌਕੇ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਾਲ 2022 ਵਿੱਚ 7 ਸਾਬਕਾ ਮੁੱਖ ਮੰਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸੱਤਾ ਤੋਂ ਬਾਹਰ ਕਰਕੇ ਇਮਾਨਦਾਰ ਸਰਕਾਰ ਵਿੱਚ ਆਪਣਾ ਵਿਸ਼ਵਾਸ ਪ੍ਰਗਟਾ ਕੇ ਲੁੱਟ, ਵਿਸ਼ੇਸ਼ ਅਧਿਕਾਰ ਅਤੇ ਧੋਖੇ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ। ਕਾਂਗਰਸ, ਭਾਜਪਾ ਅਤੇ ਅਕਾਲੀਆਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਕੋਲ ਪੰਜਾਬ ਦੇ ਵਿਕਾਸ ਦਾ ਕੋਈ ਏਜੰਡਾ ਨਹੀਂ ਹੈ ਅਤੇ ਇਨ੍ਹਾਂ ਦੀ ਦਿਲਚਸਪੀ ਸਿਰਫ਼ ਸੱਤਾ ਹਥਿਆਉਣ ਅਤੇ ਨਿੱਜੀ ਹਿੱਤਾਂ ਵਿੱਚ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਿੱਥੇ ਵਿਰੋਧੀ ਆਗੂ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੇ ਅਧੀਨ ਪੰਜਾਬ ਦੀ ਤਰੱਕੀ ਨੂੰ ਹਜ਼ਮ ਨਹੀਂ ਕਰ ਪਾ ਰਹੇ, ਉੱਥੇ ਹੀ ਹੁਣ ਕਰਦਾਤਾਵਾਂ ਦੇ ਪੈਸੇ ਦਾ ਇੱਕ-ਇੱਕ ਰੁਪਿਆ ਸੱਤਾਧਾਰੀਆਂ ਦੇ ਐਸ਼ੋ-ਆਰਾਮ ਦੀ ਬਜਾਏ ਲੋਕ ਭਲਾਈ 'ਤੇ ਖ਼ਰਚ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਭਾਜਪਾ ਨੇ ਕਿਸਾਨ ਵਿਰੋਧੀ ਕਾਨੂੰਨ ਥੋਪੇ ਅਤੇ ਅਕਾਲੀਆਂ ਨੇ ਸਿਆਸੀ ਲਾਹੇ ਲਈ ਧਰਮ ਦੀ ਦੁਰਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਨਵਾਂ ਅਕਾਲੀ-ਭਾਜਪਾ ਗਠਜੋੜ ਸਿਰਫ਼ ਸੱਤਾ ਹਾਸਲ ਕਰਨ ਦੀ ਮੌਕਾਪ੍ਰਸਤ ਚਾਲ ਖੇਡਣ ਦੀ ਕੋਸ਼ਿਸ਼ ਵਿੱਚ ਹੈ, ਜਿਸ ਨੂੰ ਪੰਜਾਬ ਦੇ ਲੋਕ ਬੁਰੀ ਤਰ੍ਹਾਂ ਨਕਾਰ ਦੇਣਗੇ। ਉਨ੍ਹਾਂ ਕਿਹਾ, ਆਮ ਆਦਮੀ ਪਾਰਟੀ ਉਨ੍ਹਾਂ ਰਵਾਇਤੀ ਸਿਆਸੀ ਪਾਰਟੀਆਂ ਦੇ ਆਗੂਆਂ ਵਿੱਚ ਡਰ ਪੈਦਾ ਕਰ ਰਹੀ ਹੈ ਜਿਨ੍ਹਾਂ ਨੇ ਦਹਾਕਿਆਂ ਤੱਕ ਆਪਣੇ ਨਿੱਜੀ ਹਿੱਤਾਂ ਲਈ ਸੱਤਾ ਦੀ ਦੁਰਵਰਤੋਂ ਕੀਤੀ। ਭਾਜਪਾ ਵੱਲੋਂ ਥੋਪੇ ਗਏ ਕਿਸਾਨ ਵਿਰੋਧੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ 700 ਤੋਂ ਵੱਧ ਕਿਸਾਨ ਸ਼ਹੀਦ ਹੋਏ ਸਨ। ਇਹ ਇੱਕ ਹਕੀਕਤ ਹੈ ਕਿ ਭਾਜਪਾ ਨੇ ਹਮੇਸ਼ਾ ਪੰਜਾਬ ਨਾਲ ਬੇਇਨਸਾਫ਼ੀ ਕੀਤੀ ਹੈ ਅਤੇ ਅੱਜ ਇਹ ਪਾਰਟੀਆਂ ਸਿਆਸੀ ਲਾਹੇ ਲਈ ਧਰਮ ਦੇ ਨਾਂ 'ਤੇ ਲੋਕਾਂ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਦੇ ਨਵੇਂ ਗਠਜੋੜ 'ਤੇ ਤਿੱਖਾ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਗਠਜੋੜ ਦੋਵਾਂ ਪਾਰਟੀਆਂ ਲਈ ਸਿਆਸੀ ਤੌਰ 'ਤੇ ਤਬਾਹਕੁੰਨ ਸਾਬਤ ਹੋਵੇਗਾ ਕਿਉਂਕਿ ਇਹ ਨਾ ਤਾਂ ਕਿਸੇ ਵਿਚਾਰਧਾਰਾ 'ਤੇ ਅਧਾਰਤ ਹੈ ਅਤੇ ਨਾ ਹੀ ਲੋਕ ਭਲਾਈ ਪ੍ਰਤੀ ਕਿਸੇ ਵਚਨਬੱਧਤਾ 'ਤੇ ਟਿਕਦਾ ਹੈ। ਉਨ੍ਹਾਂ ਕਿਹਾ, ਇਸ ਗਠਜੋੜ ਦਾ ਇੱਕੋ-ਇੱਕ ਉਦੇਸ਼ ਪੰਜਾਬ ਵਿੱਚ ਸੱਤਾ ਹਥਿਆਉਣਾ ਹੈ। ਦੋਵਾਂ ਪਾਰਟੀਆਂ ਦੇ ਆਗੂਆਂ ਨੇ ਵਾਰ-ਵਾਰ ਇੱਕ-ਦੂਜੇ ਖ਼ਿਲਾਫ਼ ਬਿਆਨਬਾਜ਼ੀ ਕੀਤੀ ਹੈ ਅਤੇ ਦੋਸ਼ ਲਾਏ ਹਨ। ਪੰਜਾਬ ਦੇ ਲੋਕ ਪੁੱਛ ਰਹੇ ਹਨ ਕਿ ਉਹ ਹੁਣ ਕਿਹੜਾ ਮੂੰਹ ਲੈ ਕੇ ਇਕੱਠੇ ਵੋਟਾਂ ਮੰਗਣਗੇ। ਲੋਕ ਅਜਿਹੇ ਸਿਆਸੀ ਡਰਾਮਿਆਂ ਦੇ ਝਾਂਸੇ ਵਿੱਚ ਨਹੀਂ ਆਉਣਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਨੂੰ ਕਰਾਰਾ ਸਬਕ ਸਿਖਾਉਣਗੇ। ਆਪਣੀ ਸਰਕਾਰ ਦੇ ਕੰਮਾਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਆਪਣਾ ਖ਼ੂਨ-ਪਸੀਨਾ ਵਹਾਇਆ ਹੈ ਅਤੇ ਹਰ ਦਿਨ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦੇ ਉਦੇਸ਼ ਨਾਲ ਨਵੀਆਂ ਲੋਕ-ਪੱਖੀ ਪਹਿਲਕਦਮੀਆਂ ਦੇਖਣ ਨੂੰ ਮਿਲ ਰਹੀਆਂ ਹਨ। ਸਿੰਚਾਈ ਖੇਤਰ ਵਿੱਚ 'ਆਪ' ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਇਸ ਸਾਲ ਬਿਹਤਰ ਸਿੰਚਾਈ ਪ੍ਰਣਾਲੀ ਰਾਹੀਂ ਉਪਲਬਧ ਨਹਿਰੀ ਪਾਣੀ ਦਾ 96 ਫੀਸਦੀ ਵਰਤੋਂ ਵਿੱਚ ਲਿਆਂਦਾ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਫਾਇਦਾ ਹੋਇਆ ਹੈ। ਔਰਤਾਂ ਦੀ ਭਲਾਈ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਜਿਸ ਆਮ ਸ਼੍ਰੇਣੀਆਂ ਨਾਲ ਸਬੰਧਤ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਜਦੋਂ ਕਿ ਅਨੁਸੂਚਿਤ ਜਾਤੀ ਸ਼੍ਰੇਣੀ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਪਰਿਵਾਰਾਂ, ਖਾਸ ਕਰਕੇ ਗਰੀਬ ਪਰਿਵਾਰਾਂ ਲਈ, 1,000 ਤੋਂ 1,500 ਰੁਪਏ ਦੀ ਰਕਮ ਵੀ ਕਾਫ਼ੀ ਮਾਇਨੇ ਰੱਖਦੀ ਹੈ। ਇਸ ਤੋਂ ਵੀ ਮਹੱਤਵਪੂਰਨ ਇਹ ਸਹਾਇਤਾ ਸਾਡੀਆਂ ਮਾਵਾਂ-ਧੀਆਂ ਪ੍ਰਤੀ ਸਾਡੇ ਸਤਿਕਾਰ ਅਤੇ ਮਾਣ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤੋਂ ਲਾਭ ਲੈ ਰਹੀਆਂ ਔਰਤਾਂ ਦੇ ਚਿਹਰਿਆਂ 'ਤੇ ਮੁਸਕਰਾਹਟ ਦੇਖ ਕੇ ਬਹੁਤ ਖੁਸ਼ੀ ਅਤੇ ਸੰਤੁਸ਼ਟੀ ਮਿਲਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ, ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ ਖੇਤੀਬਾੜੀ ਟਿਊਬਵੈੱਲਾਂ ਨੂੰ ਅੱਠ ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਗਈ ਹੈ। ਉਨ੍ਹਾਂ ਦੁਹਰਾਇਆ ਕਿ ਸਰਕਾਰੀ ਖਜ਼ਾਨੇ ਵਿੱਚੋਂ ਇੱਕ ਇੱਕ ਰੁਪਿਆ ਲੋਕ ਭਲਾਈ ਅਤੇ ਵਿਕਾਸ ਲਈ ਖਰਚ ਕੀਤਾ ਜਾ ਰਿਹਾ ਹੈ। ਇਸ ਲੋਕ ਮਿਲਣੀ ਵਿੱਚ ਅਨੰਦਪੁਰ ਸਾਹਿਬ ਦੀ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ, ਵਿਧਾਇਕ ਦਿਨੇਸ਼ ਚੱਢਾ, ਆਪ ਦੇ ਜਿਲਾ ਇੰਚਾਰਜ ਡਾਕਟਰ ਸੰਜੀਵ ਗੌਤਮ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੇ ਨੁਮਾਇੰਦੇ ਹਾਜ਼ਰ ਸਨ।

# ਰਿਸ਼ਵਤ ਕਾਂਡ: ਹੁਣ ਤਿੱਕੜੀ ਖੋਲ੍ਹੇਗੀ ਵਿਜੀਲੈਂਸ ਦੇ ਰਾਜ਼?

## ਅਦਾਲਤ ਵੱਲੋਂ ਰੀਡਰ ਰਾਣਾ, ਰਾਘਵ ਗੋਇਲ ਅਤੇ ਅੰਕਿਤ ਵਧਵਾ ਦਾ 5 ਦਿਨ ਦਾ ਰਿਮਾਂਡ

ਚੰਡੀਗੜ੍ਹ, 8 ਜੂਨ (ਜਨ ਜਾਗਰਣ ਬਿਊਰੋ)–ਚੰਡੀਗੜ੍ਹ ਦੇ ਵਧੀਕ ਸੈਸ਼ਨ ਜੱਜ ਦੀ ਅਦਾਲਤ ਨੇ ਅੱਜ ਵਿਜੀਲੈਂਸ ਮੁਖੀ ਦੇ ਰੀਡਰ ਓ ਪੀ ਰਾਣਾ ਦੇ ਪੁਲੀਸ ਰਿਮਾਂਡ 'ਚ ਪੰਜ ਦਿਨਾਂ ਦਾ (12 ਜੂਨ ਤੱਕ) ਵਾਧਾ ਕਰ ਦਿੱਤਾ ਹੈ ਅਤੇ ਇਸੇ ਤਰ੍ਹਾਂ ਬੁੜੈਲ ਜੇਲ੍ਹ 'ਚ ਬੰਦ ਮੁਲਜ਼ਮ ਰਾਘਵ ਗੋਇਲ ਅਤੇ ਅੰਕਿਤ ਵਧਵਾ ਨੂੰ ਵੀ ਪੰਜ ਦਿਨਾਂ ਦੇ ਪੁਲੀਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ। ਸੀ ਬੀ ਆਈ ਨੇ ਜੇਲ੍ਹ 'ਚੋਂ ਮੁਲਜ਼ਮਾਂ ਨੂੰ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਹੈ। ਸੀ ਬੀ ਆਈ ਵੱਲੋਂ ਪਹਿਲੀ ਵਾਰ ਰੀਡਰ ਰਾਣਾ ਅਤੇ ਬਾਕੀ ਦੋਵੇਂ ਮੁਲਜ਼ਮਾਂ ਨੂੰ ਆਹਮੋ-ਸਾਹਮਣੇ ਬਿਠਾ ਕੇ ਪੁੱਛਗਿੱਛ ਕੀਤੀ ਜਾਵੇਗੀ। ਇਹ ਤਿੱਕੜੀ ਵਿਜੀਲੈਂਸ ਦੇ ਰਾਜ਼ ਖੋਲ੍ਹ ਸਕਦੀ ਹੈ। ਰੀਡਰ ਰਾਣਾ ਦੇ ਆਤਮ-ਸਮਰਪਣ ਕਰਨ ਮਗਰੋਂ ਇਹ ਪਹਿਲਾ ਮੌਕਾ ਹੋਵੇਗਾ ਕਿ ਜਦੋਂ ਸੀ ਬੀ ਆਈ ਟੀਮ ਆਹਮੋ-ਸਾਹਮਣੇ ਬਿਠਾ ਕੇ ਮੁਲਜ਼ਮਾਂ ਨੂੰ ਵਿੱਤੀ ਲੈਣ-ਦੇਣ ਅਤੇ ਆਪਸ ਵਿੱਚ ਹੋਈਆਂ ਮੀਟਿੰਗਾਂ ਬਾਰੇ ਸਵਾਲ-ਜਵਾਬ ਕਰੇਗੀ।



ਸੀ ਬੀ ਆਈ ਨੂੰ ਰੀਡਰ ਰਾਣਾ ਤੋਂ ਕੀਤੀ ਪੁੱਛਗਿੱਛ ਦੌਰਾਨ ਇੱਕ ਅਹਿਮ ਡਿਵਾਈਸ ਹੱਥ ਲੱਗੀ ਸੀ, ਜਿਸ ਤੋਂ ਕਈ ਨਵੇਂ ਭੇਤ ਖੁੱਲ੍ਹੇ ਹਨ। ਇਸ ਡਿਵਾਈਸ ਤੋਂ ਮਿਲੇ ਸੁਰਾਗਾਂ ਦੇ ਆਧਾਰ 'ਤੇ ਪੁੱਛਗਿੱਛ ਅਗਲੇ ਪੜਾਅ ਵਿੱਚ ਦਾਖਲ ਹੋਵੇਗੀ। ਸੀ ਬੀ ਆਈ ਨੂੰ ਪਿਛਲੇ ਦਿਨਾਂ ਵਿੱਚ ਪੁੱਛਗਿੱਛ ਦੌਰਾਨ ਇੱਕ ਹੋਰ ਡਿਵਾਈਸ ਦੀ ਵਰਤੋਂ ਦਾ ਪਤਾ ਲੱਗਿਆ ਹੈ, ਜਿਸ ਨੂੰ ਹਾਲੇ ਬਰਾਮਦ ਕੀਤਾ ਜਾਣਾ ਹੈ। ਇਸ ਡਿਵਾਈਸ 'ਚ ਸੌਦੇਬਾਜ਼ੀ ਨਾਲ ਸਬੰਧਿਤ ਅਹਿਮ ਸਬੂਤ ਹੋਣ ਦੀ ਸੰਭਾਵਨਾ ਹੈ। ਸੀ ਬੀ ਆਈ ਦੀ ਪਿਛਲੀ ਪੁੱਛਗਿੱਛ ਦੌਰਾਨ ਕਈ ਨਵੇਂ ਖ਼ੁਲਾਸੇ ਵੀ ਹੋਏ ਹਨ ਜਿਸ 'ਚ ਸਾਹਮਣੇ ਆਇਆ ਹੈ ਕਿ ਕਿਵੇਂ ਵਿਜੀਲੈਂਸ ਦੀਆਂ ਗੁਪਤ ਸ਼ਿਕਾਇਤਾਂ ਤੱਕ ਪਹੁੰਚ ਬਣਾਈ ਜਾਂਦੀ ਸੀ ਅਤੇ ਕਿਵੇਂ ਲੋਕਾਂ ਤੋਂ ਪੈਸੇ ਵਸੂਲ ਕਰਨ ਵਾਸਤੇ ਇਨ੍ਹਾਂ ਸ਼ਿਕਾਇਤਾਂ ਦਾ ਨਾਜਾਇਜ਼ ਫ਼ਾਇਦਾ ਉਠਾਇਆ ਜਾਂਦਾ ਸੀ। ਸੀ ਬੀ ਆਈ ਹੁਣ ਪੰਜ ਦਿਨਾਂ ਪੁਲੀਸ ਰਿਮਾਂਡ ਦੌਰਾਨ ਵਿਜੀਲੈਂਸ ਬਿਊਰੋ ਦੇ ਉੱਚ ਅਫ਼ਸਰਾਂ ਵੱਲ ਰਾਹ ਬਣਾ ਸਕਦੀ ਹੈ। ਮੁਲਜ਼ਮ ਰਾਘਵ ਗੋਇਲ ਦੇ ਮੋਬਾਈਲ ਫ਼ੋਨ ਤੋਂ ਕੁਝ ਅਜਿਹੀ ਚੈਟ ਦਾ ਵੀ ਪਤਾ ਲੱਗਿਆ ਹੈ ਜੋ ਸਿੱਧੀ ਉੱਚ ਅਫ਼ਸਰਾਂ ਨਾਲ ਤਾਰ ਜੋੜਦੀ ਹੈ। ਵਿਜੀਲੈਂਸ ਅਫ਼ਸਰਾਂ ਲਈ ਆਉਂਦੇ ਦਿਨ ਮੁਸ਼ਕਲਾਂ ਭਰੇ ਹੋ ਸਕਦੇ ਹਨ। ਸੀ ਬੀ ਆਈ ਦੀ ਪੁੱਛਗਿੱਛ 'ਚ ਨਵੇਂ ਰਾਜ਼ ਖੁੱਲ੍ਹਣ ਦੀ ਸੰਭਾਵਨਾ ਹੈ। ਅਦਾਲਤ ਨੇ ਮੁਲਜ਼ਮਾਂ ਦੀ ਮੈਡੀਕਲ ਜਾਂਚ ਕਰਵਾਏ ਜਾਣ ਦੇ ਨਿਰਦੇਸ਼ ਵੀ ਦਿੱਤੇ ਅਤੇ ਰੀਡਰ ਰਾਣਾ ਨੂੰ ਉਸ ਦੇ ਵਕੀਲ ਨਾਲ ਰੋਜ਼ਾਨਾ ਅੱਧਾ ਘੰਟਾ ਮਿਲਣ ਦੀ ਇਜਾਜ਼ਤ ਵੀ ਦਿੱਤੀ ਗਈ ਹੈ। ਅੱਜ ਅਦਾਲਤ 'ਚ ਮੁਲਜ਼ਮਾਂ ਦੇ ਵਕੀਲਾਂ ਨੇ ਹੋਰ ਪੁਲੀਸ ਰਿਮਾਂਡ ਲੈਣ ਲਈ ਸੀ ਬੀ ਆਈ ਵੱਲੋਂ ਬਣਾਏ ਆਧਾਰਾਂ ਨੂੰ ਮਨਘੜਤ ਅਤੇ ਅਸਪਸ਼ਟ ਦੱਸਿਆ। ਚੇਤੇ ਰਹੇ ਕਿ ਸੀ ਬੀ ਆਈ ਨੇ ਟੈਕਸ ਅਧਿਕਾਰੀ ਦੀ ਸ਼ਿਕਾਇਤ 'ਤੇ 11 ਮਈ ਨੂੰ ਟਰੈਪ ਅਪਰੇਸ਼ਨ ਕੀਤਾ ਸੀ ਜਿਸ 'ਚ ਅੰਕਿਤ ਵਧਵਾ ਨੂੰ ਟੈਕਸ ਅਧਿਕਾਰੀ ਤੋਂ 13 ਲੱਖ ਰੁਪਏ ਦੀ ਨਗਦੀ ਅਤੇ ਇੱਕ ਮੋਬਾਈਲ ਫ਼ੋਨ ਲੈਂਦੇ ਫੜਿਆ ਸੀ।

# ਭਾਜਪਾ ਦਾ ਪੰਜਾਬ 'ਚ ਚੋਣ ਬਿਗੁਲ: ਪਹਿਲੀ ਵਾਰ ਪੰਜਾਬ ਆਉਣਗੇ ਨਿਤਿਨ ਨਬੀਨ

ਨਵੀਂ ਦਿੱਲੀ, 8 ਜੂਨ (ਜਨ ਜਾਗਰਣ ਬਿਊਰੋ)–ਭਾਰਤੀ ਜਨਤਾ ਪਾਰਟੀ ਇਸੇ ਮਹੀਨੇ ਤੋਂ ਪੰਜਾਬ ਵਿੱਚ ਆਪਣੀਆਂ ਚੋਣ ਸਰਗਰਮੀਆਂ ਸ਼ੁਰੂ ਕਰਨ ਜਾ ਰਹੀ ਹੈ, ਜਿਸ ਲਈ ਕਈ ਵੱਡੇ ਆਗੂਆਂ ਦੇ ਦੌਰਿਆਂ ਦੀ ਤਿਆਰੀ ਕਰ ਲਈ ਗਈ ਹੈ। ਸੂਤਰਾਂ ਮੁਤਾਬਕ, ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਜੂਨ ਦੇ ਅਖੀਰ ਵਿੱਚ ਪਹਿਲੀ ਵਾਰ ਪੰਜਾਬ ਦਾ ਦੌਰਾ ਕਰਨਗੇ। ਉਹ ਅੰਮ੍ਰਿਤਸਰ ਤੋਂ ਆਪਣੇ ਦੌਰੇ ਦੀ ਸ਼ੁਰੂਆਤ ਕਰਨਗੇ, ਜਿੱਥੇ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ



ਦੁਰਗਿਆਣਾ ਮੰਦਿਰ ਵਿਖੇ ਨਤਮਸਤਕ ਹੋਣਗੇ। ਨਿਤਿਨ ਨਬੀਨ ਦੇ ਆਉਣ ਤੋਂ ਪਹਿਲਾਂ, ਕੇਂਦਰ ਸਰਕਾਰ ਦੇ ਦੋ ਸੀਨੀਅਰ ਮੰਤਰੀ ਪੰਜਾਬ ਆਉਣਗੇ। ਸਭ ਤੋਂ ਪਹਿਲਾਂ ਕੇਂਦਰੀ ਸ਼ਹਿਰੀ ਵਿਕਾਸ ਅਤੇ ਹਾਊਸਿੰਗ ਮੰਤਰੀ ਐਮ.ਐਲ. ਖੱਟਰ 13 ਜੂਨ ਨੂੰ ਅੰਮ੍ਰਿਤਸਰ ਪਹੁੰਚ ਰਹੇ ਹਨ। ਉਨ੍ਹਾਂ ਤੋਂ ਬਾਅਦ ਅਗਲੇ ਕੁਝ ਦਿਨਾਂ ਵਿੱਚ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਵੀ ਪੰਜਾਬ ਦਾ ਦੌਰਾ ਕਰਨਗੇ। ਇਨ੍ਹਾਂ ਦੌਰਿਆਂ ਤੋਂ ਬਾਅਦ ਭਾਜਪਾ ਆਪਣੇ ਹੋਰ ਵੀ ਕਈ ਸੀਨੀਅਰ ਮੰਤਰੀਆਂ ਨੂੰ ਪੰਜਾਬ ਚੋਣ ਪ੍ਰਚਾਰ ਦੀ ਜ਼ਿੰਮੇਵਾਰੀ ਸੌਂਪੇਗੀ।

# ਅੰਮ੍ਰਿਤਪਾਲ ਦੀ 'ਵਾਰਿਸ ਪੰਜਾਬ ਦੇ' ਜਥੇਬੰਦੀ 'ਚ ਸ਼ਾਮਲ ਹੋਣਗੇ ਮਨਪ੍ਰੀਤ ਸਿੰਘ ਇਆਲੀ

ਚੰਡੀਗੜ੍ਹ, 8 ਜੂਨ (ਜਨ ਜਾਗਰਣ ਬਿਊਰੋ)–ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡਾ ਫੇਰਬਦਲ ਹੋਣ ਜਾ ਰਿਹਾ ਹੈ। ਹਲਕਾ ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਰਸਮੀ ਤੌਰ 'ਤੇ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣਗੇ। ਇਸ ਸਮਾਗਮ ਦੀ ਪ੍ਰਧਾਨਗੀ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਕਰਨਗੇ। ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਇਆਲੀ ਨੇ ਖ਼ੁਦ ਇਸ ਖ਼ਬਰ ਦੀ ਪੁਸ਼ਟੀ ਕੀਤੀ ਹੈ। ਉਹ ਪਿਛਲੇ ਕਈ ਮਹੀਨਿਆਂ ਤੋਂ ਇਸ ਜਥੇਬੰਦੀ ਨਾਲ ਜੁੜੇ ਹੋਏ ਸਨ ਅਤੇ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਚੋਣਾਂ ਵਿੱਚ ਉਨ੍ਹਾਂ ਦੇ ਸਮਰਥਕਾਂ ਨੇ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਲਗਾ ਕੇ ਚੋਣ ਪ੍ਰਚਾਰ ਵੀ ਕੀਤਾ ਸੀ। ਕਿਉਂਕਿ 'ਵਾਰਿਸ ਪੰਜਾਬ ਦੇ' ਚੋਣ ਕਮਿਸ਼ਨ ਕੋਲ ਇੱਕ ਰਜਿਸਟਰਡ ਸਿਆਸੀ ਪਾਰਟੀ ਵਜੋਂ ਦਰਜ ਨਹੀਂ ਹੈ, ਇਸ ਲਈ ਮਨਪ੍ਰੀਤ ਇਆਲੀ 'ਤੇ ਦਲ-ਬਦਲੀ ਕਾਨੂੰਨ ਤਹਿਤ ਵਿਧਾਇਕ ਵਜੋਂ ਅਯੋਗ ਕਰਾਰ ਦਿੱਤੇ ਜਾਣ ਦਾ ਖ਼ਤਰਾ ਨਹੀਂ ਹੋਵੇਗਾ।

# ਪੰਜਾਬ ਵਿਚ ਗਰਮੀ ਨੇ ਲੋਕਾਂ ਦਾ ਕੀਤਾ ਬੁਰਾ ਹਾਲ, ਅੱਜ ਤੋਂ 12 ਜੂਨ ਤੱਕ ਚੱਲੇਗੀ ਲੂ

## 44.8 ਡਿਗਰੀ ਤਾਪਮਾਨ ਨਾਲ ਬਠਿੰਡਾ ਰਿਹਾ ਸਭ ਤੋਂ ਗਰਮ ਸ਼ਹਿਰ

ਚੰਡੀਗੜ੍ਹ, 8 ਜੂਨ (ਜਨ ਜਾਗਰਣ ਬਿਊਰੋ)–ਪੰਜਾਬ ਅਤੇ ਚੰਡੀਗੜ੍ਹ ਵਿਚ ਇੱਕ ਵਾਰ ਫਿਰ ਤੋਂ ਗਰਮੀ ਵੱਧ ਗਈ ਹੈ। ਅੱਜ ਤੋਂ ਹੀਟਵੇਵ ਸ਼ੁਰੂ ਹੋ ਗਈ ਅਤੇ ਇਸ ਦੇ 11 ਜੂਨ ਤੱਕ ਜਾਰੀ ਰਹਿਣ ਦੀ ਉਮੀਦ ਹੈ। ਚੰਡੀਗੜ੍ਹ ਮੌਸਮ ਨੇ ਯੈਲੋ ਅਲਰਟ ਜਾਰੀ ਕੀਤਾ ਹੈ। ਸੂਬੇ ਦਾ ਵੱਧ ਤੋਂ ਵੱਧ ਤਾਪਮਾਨ 2.1 ਡਿਗਰੀ ਸੈਲਸੀਅਸ ਵਧਿਆ, ਜੋ ਹੁਣ ਆਮ ਵਾਂਗ ਹੋ ਰਿਹਾ ਹੈ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 44.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 39.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਦੇ ਅਨੁਸਾਰ, ਰਾਜਸਥਾਨ ਦੀ ਸਰਹੱਦ ਨਾਲ ਲੱਗਦੇ ਚਾਰ ਜ਼ਿਲ੍ਹਿਆਂ ਫਾਜ਼ਿਲਕਾ, ਮੁਕਤਸਰ ਸਾਹਿਬ, ਬਠਿੰਡਾ ਅਤੇ ਮਾਨਸਾ ਵਿੱਚ ਅੱਜ ਗਰਮੀ ਦੀ ਲਹਿਰ ਰਹੇਗੀ। ਹਾਲਾਂਕਿ, ਮੌਸਮ ਖੁਸ਼ਕ ਰਹੇਗਾ।



ਮਾਹਿਰਾਂ ਨੇ ਲੋਕਾਂ ਨੂੰ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਦੇ ਵਿਚਕਾਰ ਆਪਣੇ ਘਰਾਂ ਤੋਂ ਬਾਹਰ ਨਿਕਲਣ ਤੋਂ ਬਚਣ ਦੀ ਸਲਾਹ ਦਿੱਤੀ ਹੈ। ਸਿਰਫ਼ ਉਦੋਂ ਹੀ ਬਾਹਰ ਜਾਓ ਜਦੋਂ ਬਹੁਤ ਜ਼ਰੂਰੀ ਹੋਵੇ। ਜਿਵੇਂ-ਜਿਵੇਂ ਪੰਜਾਬ ਵਿੱਚ ਗਰਮੀ ਵਧਦੀ ਜਾ ਰਹੀ ਹੈ, ਬਿਜਲੀ ਦੀ ਮੰਗ ਵੀ ਵੱਧ ਰਹੀ ਹੈ। ਇਸ ਸਮੇਂ ਦੌਰਾਨ, ਪੰਜਾਬ ਨੇ 5,216 ਮੈਗਾਵਾਟ ਬਿਜਲੀ ਪੈਦਾ ਕੀਤੀ, ਜਦੋਂ ਕਿ ਬਾਕੀ 6,603 ਮੈਗਾਵਾਟ ਕੇਂਦਰ ਸਰਕਾਰ ਤੋਂ ਪ੍ਰਾਪਤ ਕੀਤੀ ਗਈ। ਅੱਜ ਇਹ ਅੰਕੜਾ ਹੋਰ ਵਧਣ ਦੀ ਉਮੀਦ ਹੈ। ਹਾਲਾਂਕਿ, ਪਾਵਰਕਾਮ ਨੂੰ ਬਿਜਲੀ ਦੀ ਕੋਈ ਕਮੀ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ ਹੈ। ਉੱਤਰੀ ਹਰਿਆਣਾ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਸਮੁੰਦਰ ਤਲ ਤੋਂ ਲਗਭਗ 1.5 ਕਿਲੋਮੀਟਰ ਦੀ ਉਚਾਈ 'ਤੇ ਇੱਕ ਉੱਪਰੀ ਹਵਾ ਚੱਕਰਵਾਤੀ ਸਰਕੂਲੇਸ਼ਨ ਬਣਿਆ ਹੋਇਆ ਹੈ। 11 ਜੂਨ ਤੋਂ ਪੱਛਮੀ ਹਿਮਾਲੀਅਨ ਖੇਤਰ ਵਿੱਚ ਇੱਕ ਨਵੀਂ ਪੱਛਮੀ ਗੜਬੜੀ ਦੇ ਸਰਗਰਮ ਹੋਣ ਦੀ ਉਮੀਦ ਹੈ। ਔਸਤ ਸਮੁੰਦਰ ਤਲ 'ਤੇ ਟ੍ਰੈਫ਼, ਜੋ ਕਿ ਸ਼੍ਰੀਗੰਗਾਨਗਰ, ਰੋਹਤਕ, ਰੀਵਾ, ਰਾਂਚੀ ਅਤੇ ਕੈਨਿੰਗ ਤੋਂ ਉੱਤਰ-ਪੂਰਬੀ ਬੰਗਾਲ ਦੀ ਖਾੜੀ ਵਿੱਚ ਫੈਲਿਆ ਹੋਇਆ ਸੀ, ਕਮਜ਼ੋਰ ਹੋ ਗਿਆ ਹੈ। ਜੰਮੂ ਡਿਵੀਜ਼ਨ ਅਤੇ ਨਾਲ ਲੱਗਦੇ ਖੇਤਰਾਂ ਉੱਤੇ ਸਮੁੰਦਰ ਤਲ ਤੋਂ 3.1 ਕਿਲੋਮੀਟਰ ਉੱਪਰ ਸਥਿਤ ਪੱਛਮੀ ਗੜਬੜੀ ਅਤੇ ਇਸ ਨਾਲ ਜੁੜਿਆ ਟ੍ਰੈਫ਼ ਕਮਜ਼ੋਰ ਹੋ ਗਿਆ ਹੈ ਅਤੇ ਉੱਤਰ-ਪੂਰਬ ਵੱਲ ਵਧਿਆ ਹੈ। ਪੰਜਾਬ ਅਤੇ ਨਾਲ ਲੱਗਦੇ ਖੇਤਰਾਂ ਤੋਂ ਸਮੁੰਦਰ ਤਲ ਤੋਂ 0.9 ਕਿਲੋਮੀਟਰ ਉੱਪਰ ਉੱਤਰ-ਪੂਰਬੀ ਅਰਬ ਸਾਗਰ ਤੱਕ ਫੈਲਿਆ ਟ੍ਰੈਫ਼ ਵੀ ਕਮਜ਼ੋਰ ਹੋ ਗਿਆ ਹੈ।




# ਖਨੌਰੀ ਪੁਲਿਸ ਨੇ ਚੋਰੀ ਦੇ ਮਾਮਲੇ ਦਾ ਕੀਤਾ ਪਰਦਾਫਾਸ਼, ਤਿੰਨ ਦੋਸ਼ੀ ਕਾਬੂ, ਇੱਕ ਫਰਾਰ

### ਘਰ ਵਿੱਚ ਪਾੜ ਪਾ ਕੇ ਰਸੋਈ ਦਾ ਸਮਾਨ ਚੋਰੀ ਕਰਨ ਵਾਲੇ ਗਿਰੋਹ ਦੇ 3 ਮੈਂਬਰਾਂ ਕੋਲੋਂ 10 ਦੇ ਕਰੀਬ ਚੋਰੀਸ਼ੁਦਾ ਆਈਟਮਾਂ ਬਰਾਮਦ



ਖਨੌਰੀ, 8 ਜੂਨ (ਸਤਨਾਮ ਸਿੰਘ ਕੰਬੋਜ) ਥਾਣਾ ਖਨੌਰੀ ਪੁਲਿਸ ਨੇ ਪਿੰਡ ਨਵਾਂਗਾਉਂ ਵਿੱਚ ਹੋਈ ਚੋਰੀ ਦੀ ਵਾਰਦਾਤ ਦਾ ਸਫਲਤਾਪੂਰਵਕ ਪਰਦਾਫਾਸ਼ ਕਰਦਿਆਂ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਇੱਕ ਦੋਸ਼ੀ ਅਜੇ ਵੀ ਫਰਾਰ ਹੈ। ਪੁਲਿਸ ਨੇ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਕੋਲੋਂ ਚੋਰੀ ਕੀਤਾ ਗਿਆ ਸਮਾਨ ਵੀ ਬਰਾਮਦ ਕਰ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਖਨੌਰੀ ਦੇ ਮੁਖੀ ਐਸ.ਐਚ.ਓ. ਜੋਗੇਸ਼ ਗਰਗ ਨੇ ਦੱਸਿਆ ਕਿ 23-24 ਮਈ ਦੀ ਦਰਮਿਆਨੀ ਰਾਤ ਨੂੰ ਪਿੰਡ ਨਵਾਂਗਾਉਂ ਵਿਖੇ ਚੋਰਾਂ ਵੱਲੋਂ ਇੱਕ ਘਰ ਵਿੱਚ ਪਾੜ ਪਾ ਕੇ ਰਸੋਈ ਵਿੱਚ ਪਿਆ ਕੀਮਤੀ ਸਮਾਨ ਚੋਰੀ ਕਰ ਲਿਆ ਗਿਆ ਸੀ। ਇਸ ਮਾਮਲੇ ਵਿੱਚ ਥਾਣਾ ਖਨੌਰੀ ਵਿਖੇ ਮੁਕੱਦਮਾ ਨੰਬਰ 55 ਦਰਜ ਕਰਕੇ ਜਾਂਚ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਤਫ਼ਤੀਸ਼ ਦੌਰਾਨ ਚਾਰ ਵਿਅਕਤੀਆਂ ਦੇ ਨਾਮ ਸਾਹਮਣੇ ਆਏ, ਜਿਨ੍ਹਾਂ ਵਿੱਚੋਂ ਤਿੰਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਪਛਾਣ ਮਨਦੀਪ ਸਿੰਘ ਉਰਫ ਮੰਗਾ ਪੁੱਤਰ ਹੀਰਾ ਸਿੰਘ,.ਜਸਮੀਤ ਸਿੰਘ ਉਰਫ ਨੋਨਾ ਪੁੱਤਰ ਹੀਰਾ ਸਿੰਘ ਵਾਸੀਆਨ ਪਿੰਡ ਨਵਾਗਾਉ ਥਾਣਾ ਖਨੌਰੀ,ਕਾਲੂ ਉਰਫ ਸੁੱਖਾ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਪੈਦ ਥਾਣਾ ਪਾਤੜਾ ਜਿਲਾ ਪਟਿਆਲਾ ਵਜੋਂ ਹੋਈ ਹੈ ਐਸ.ਐਚ.ਓ. ਜੋਗੇਸ਼ ਗਰਗ ਨੇ ਦੱਸਿਆ ਕਿ ਦੋਸ਼ੀਆਂ ਕੋਲੋਂ ਚੋਰੀ ਕੀਤਾ ਗਿਆ ਅਨਮੈਟਰ ਗੈਸ ਚੁੱਲ੍ਹਾ, ਆਟਾ ਗੁੰਨਣ ਵਾਲੀ ਮਸ਼ੀਨ, ਕੱਪੜਿਆਂ ਵਾਲੀ ਪ੍ਰੈੱਸ, ਇੰਡਕਸ਼ਨ ਚੁੱਲ੍ਹਾ ਅਤੇ ਹੋਰ ਘਰੇਲੂ ਸਮਾਨ ਸਮੇਤ ਲਗਭਗ 10 ਆਈਟਮਾਂ ਬਰਾਮਦ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮਾਮਲੇ ਦਾ ਇੱਕ ਹੋਰ ਦੋਸ਼ੀ ਸੁਖਵਿੰਦਰ ਸਿੰਘ ਉਰਫ਼ ਕਾਲੂ ਅਜੇ ਫਰਾਰ ਹੈ, ਜਿਸ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਨੂੰ ਮਾਣਯੋਗ ਮੂਨਕ ਦੀ ਚ ਅਦਾਲਤ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਨ੍ਹਾਂ ਨੇ ਇਸ ਤੋਂ ਇਲਾਵਾ ਹੋਰ ਕਿਹੜੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ।ਇਸ ਮੌਕੇ ਸਬ ਇੰਸਪੈਕਟਰ ਅਮਰਨਾਥ ਸਿੰਘ, ਥਾਣੇਦਾਰ ਗੁਰਮੇਲ ਰਾਮ, ਮੁੱਖ ਮੁਨਸ਼ੀ ਅਰਸ਼ਪ੍ਰੀਤ ਸਿੰਘ, ਹੌਲਦਾਰ ਵੀਰ ਦਵਿੰਦਰ ਸਿੰਘ, ਮਨੀਸ਼ ਗੋਰਸੀ, ਕਰਨ ਸਿੰਘ ਅਤੇ ਹੋਰ ਪੁਲਿਸ ਮੁਲਾਜ਼ਮ ਹਾਜ਼ਰ ਸਨ।

## ਜ਼ਿਲ੍ਹਾ ਟਾਸਕ ਫੋਰਸ ਵੱਲੋਂ ਸੰਗਰੂਰ ਵਿਖੇ ਵਿਸ਼ੇਸ਼ ਚੈਕਿੰਗ



ਸੰਗਰੂਰ, 8 ਜੂਨ (ਕ੍ਰਿਸ਼ਨ ਚੌਹਾਨ)- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਹਿਤ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸੰਗਰੂਰ ਪਰਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਐਂਟੀ ਬੈਗਿੰਗ ਟਾਸਕ ਟੀਮ ਵੱਲੋਂ ਸੰਗਰੂਰ ਸ਼ਹਿਰ ਦੇ ਬੱਸ ਸਟੈਂਡ, ਕਿਲਾ ਮਾਰਕੀਟ, ਛੋਟਾ ਅਤੇ ਵੱਡਾ ਚੌਂਕ, ਕੋਲਾ ਪਾਰਕ, ਮੇਨ ਬਾਜ਼ਾਰ ਅਤੇ ਹੋਰ ਜਨਤਕ ਸਥਾਨਾਂ ਵਿਖੇ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੌਰਾਨ ਸਿੱਖਿਆ ਵਿਭਾਗ ਤੋਂ ਹਰਜਿੰਦਰ ਸਿੰਘ, ਪੁਲਿਸ ਵਿਭਾਗ ਤੋਂ ਏ.ਐਸ.ਆਈ. ਹਰੀਸ਼ ਕੁਮਾਰ, ਸਿਹਤ ਵਿਭਾਗ ਤੋਂ ਡਾ. ਭਾਵੇਸ਼, ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਸੰਗਰੂਰ ਤੋਂ ਗਰਗਨਦੀਪ ਗਰਗ ਅਤੇ ਰੁਪਿੰਦਰ ਸਿੰਘ ਸ਼ਾਮਲ ਰਹੇ। ਚੈਕਿੰਗ ਦੌਰਾਨ ਸੰਗਰੂਰ ਬੱਸ ਸਟੈਂਡ ਤੋਂ ਇੱਕ ਬੱਚਾ ਪਾਇਆ ਗਿਆ। ਟੀਮ ਵੱਲੋਂ ਬੱਚੇ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਉਸ ਦੀ ਸੁਰੱਖਿਆ ਅਤੇ ਭਲਾਈ ਨੂੰ ਮੁੱਖ ਰੱਖਦੇ ਹੋਏ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਤੋਂ ਇਲਾਵਾ ਜਨਤਕ ਸਥਾਨਾਂ 'ਤੇ ਮੌਜੂਦ ਲੋਕਾਂ ਨੂੰ ਬਾਲ ਭਿਖਾਰੀ ਪ੍ਰਥਾ ਦੇ ਖਾਤਮੇ, ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਅਤੇ ਬਾਲ ਸੁਰੱਖਿਆ ਸੇਵਾਵਾਂ ਸਬੰਧੀ ਜਾਗਰੂਕ ਵੀ ਕੀਤਾ ਗਿਆ। ਟੀਮ ਵੱਲੋਂ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਜੇਕਰ ਕੋਈ ਬੱਚਾ ਭੀਖ ਮੰਗਦਾ, ਲਾਵਾਰਿਸ, ਬੇਸਹਾਰਾ ਜਾਂ ਕਿਸੇ ਵੀ ਪ੍ਰਕਾਰ ਦੀ ਸੰਕਟਮਈ ਸਥਿਤੀ ਵਿੱਚ ਨਜ਼ਰ ਆਵੇ ਤਾਂ ਤੁਰੰਤ ਚਾਈਲਡ ਹੈਲਪਲਾਈਨ 1098 ਜਾਂ ਨਜ਼ਦੀਕੀ ਪੁਲਿਸ ਪ੍ਰਸ਼ਾਸਨ ਨਾਲ ਸੰਪਰਕ ਕੀਤਾ ਜਾਵੇ, ਤਾਂ ਜੋ ਬੱਚੇ ਨੂੰ ਸਮੇਂ ਸਿਰ ਸੁਰੱਖਿਆ ਅਤੇ ਪੁਨਰਵਾਸ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ। ਜ਼ਿਲ੍ਹਾ ਪ੍ਰਸ਼ਾਸਨ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਇਕਾਈ ਵੱਲੋਂ ਬਾਲ ਭਿਖਾਰੀ ਪ੍ਰਥਾ ਦੀ ਰੋਕਥਾਮ ਅਤੇ ਬੱਚਿਆਂ ਦੇ ਸਰਵੋਤਮ ਹਿੱਤਾਂ ਦੀ ਰੱਖਿਆ ਲਈ ਅਜਿਹੀਆਂ ਚੈਕਿੰਗ ਅਤੇ ਜਾਗਰੂਕਤਾ ਗਤੀਵਿਧੀਆਂ ਨਿਰੰਤਰ ਜਾਰੀ ਰੱਖੀਆਂ ਜਾਣਗੀਆਂ।

## ਸਕੂਲ ਆਫ਼ ਐਮੀਨੈਂਸ ਛਾਜਲੀ ਨੂੰ ਮਿਲਿਆ 'ਸ਼ਹੀਦ ਭਗਤ ਸਿੰਘ ਰਾਜ ਪੱਧਰੀ ਵਾਤਾਵਰਨ ਅਵਾਰਡ'



ਸੁਨਾਮ ਊਧਮ ਸਿੰਘ ਵਾਲਾ, 8 ਜੂਨ (ਰਾਜੂ ਸਿੰਗਲਾ / ਰਾਜ਼ੇਸ਼ ਕੁਮਾਰ): ਸਾਇੰਸ, ਟੈਕਨੋਲੋਜੀ ਅਤੇ ਵਾਤਾਵਰਨ ਵਿਭਾਗ, ਪੰਜਾਬ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ 'ਤੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਦੇ ਕਨਵੈਂਸ਼ਨ ਹਾਲ ਵਿੱਚ ਰਾਜ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਪ੍ਰਸਿੱਧ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ (ਮੈਂਬਰ ਰਾਜ ਸਭਾ), ਰੀਮਾ ਗੁਪਤਾ (ਚੇਅਰਪਰਸਨ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ) ਅਤੇ ਕਮਲ ਕਿਸ਼ੋਰ ਯਾਦਵ (ਆਈ.ਏ.ਐੱਸ.), ਸਕੱਤਰ ਸਾਇੰਸ, ਟੈਕਨੋਲੋਜੀ ਅਤੇ ਵਾਤਾਵਰਨ ਵਿਭਾਗ, ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸਕੂਲ ਆਫ਼ ਐਮੀਨੈਂਸ ਛਾਜਲੀ (ਜ਼ਿਲ੍ਹਾ ਸੰਗਰੂਰ) ਨੂੰ ਵਾਤਾਵਰਨ ਸੰਭਾਲ ਅਤੇ ਸੁਰੱਖਿਆ ਦੇ ਖੇਤਰ ਵਿੱਚ ਪਾਏ ਗਏ ਸ਼ਾਨਦਾਰ ਯੋਗਦਾਨ ਲਈ ਵਕਾਰੀ 'ਸ਼ਹੀਦ ਭਗਤ ਸਿੰਘ ਰਾਜ ਪੱਧਰੀ ਵਾਤਾਵਰਨ ਅਵਾਰਡ-2026' ਨਾਲ ਸਨਮਾਨਿਤ ਕੀਤਾ ਗਿਆ। ਇਸ ਪੁਰਸਕਾਰ ਤਹਿਤ ਸਕੂਲ ਨੂੰ 1 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ, ਯਾਦਗਾਰੀ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਵੀ ਭੇਂਟ ਕੀਤਾ ਗਿਆ। ਇਹ ਵੱਕਾਰੀ ਸਨਮਾਨ ਪ੍ਰਾਪਤ ਕਰਨ ਲਈ ਸਕੂਲ ਦੇ ਸਾਇੰਸ ਮਾਸਟਰ ਜਸਵਿੰਦਰ ਸਿੰਘ ਨੇ ਦੋ ਹੋਣਹਾਰ ਵਿਦਿਆਰਥੀਆਂ ਸਮੇਤ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਅਤੇ ਸਕੂਲ ਦੀ ਨੁਮਾਇੰਦਗੀ ਕਰਦਿਆਂ ਇਹ ਪੁਰਸਕਾਰ ਪ੍ਰਾਪਤ ਕੀਤਾ। ਸਕੂਲ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਸਕੂਲ ਪ੍ਰਿੰਸੀਪਲ ਅਤੇ ਸਮੂਹ ਸਟਾਫ਼, ਮਾਪਿਆਂ, ਵਿਦਿਆਰਥੀਆਂ ਅਤੇ ਸਮੁੱਚੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਉਪਲਬਧੀ ਨੂੰ ਸਕੂਲ ਵੱਲੋਂ ਵਾਤਾਵਰਨ ਸੁਰੱਖਿਆ ਪ੍ਰਤੀ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਵੱਡੀ ਪ੍ਰਾਪਤੀ ਵਜੋਂ ਦੇਖਿਆ ਜਾ ਰਿਹਾ ਹੈ।

## ਨੌਜਵਾਨਾਂ ਵੱਲੋ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ

### ਪਾਣੀ ਨੂੰ ਲੋੜ ਅਨੁਸਾਰ ਹੀ ਵਰਤਣ ਦਾ ਦਿੱਤਾ ਗਿਆ ਸੁਨੇਹਾ



ਸਮਾਣਾ, 8 ਜੂਨ (ਸੱਤਪਾਲ ਕਲਵਾਨੂੰ) ਅੱਜ ਸਮਾਣਾ ਵਿਖੇ ਨੇੜੇ ਟਰੱਕ ਯੂਨੀਅਨ ਗੁਰਦੁਆਰਾ ਸਾਹਿਬ ਦੇ ਸਾਹਮਣੇ ਅੱਤ ਦੀ ਪੈ ਰਹੀ ਗਰਮੀ ਤੋਂ ਆਮ ਪਬਲਿਕ ਨੂੰ ਰਾਹਤ ਦਿਵਾਉਣ ਲਈ ਸਮਾਣਾ ਦੇ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ, ਨੌਜਵਾਨਾਂ ਵੱਲੋਂ ਵੱਡੀ ਗਿਣਤੀ ਦੇ ਵਿੱਚ ਸ਼ਮੂਲੀਅਤ ਕੀਤੀ ਅਤੇ ਰਾਹਗੀਰਾਂ ਨੂੰ ਠੰਡਾ ਮਿੱਠਾ ਜਲ ਛਕਾਇਆ ਗਿਆ ਇਸ ਮੌਕੇ ਸ਼੍ਰੀ ਚਰਨਜੀਤ ਕੁਮਾਰ ਨੇ ਆਖਿਆ ਕਿ ਅਸੀਂ ਪੰਜਾਬ ਵਾਸੀ ਸ਼ੁਰੂ ਤੋਂ ਹੀ ਸੇਵਾ ਭਾਵਨਾ ਦੇ ਨਾਲ ਜੁੜੇ ਹੋਏ ਹਾਂ ਸਾਨੂੰ ਸਕੂਨ ਤੇ ਸਰਬਤ ਦੇ ਭਲੇ ਦੀ ਕਾਮਨਾ ਕਰਨੀ ਚਾਹੀਦੀ ਹੈ ਇਸ ਠੰਡੇ ਮਿੱਠੇ ਪਾਣੀ ਦੀ ਛਬੀਲ ਵਿੱਚ ਇੱਕ ਹੋਰ ਖਾਸੀਅਤ ਵੇਖਣ ਨੂੰ ਮਿਲੀ ਕੀ ਛਵੀਲ ਦੇ ਨਾਲ ਆਮ ਲੋਕਾਂ ਨੂੰ ਪਾਣੀ ਦੀ ਲੋੜ ਅਨੁਸਾਰ ਹੀ ਵਰਤੋਂ ਕਰਨ ਅਤੇ ਪਾਣੀ ਨੂੰ ਬਚਾਉਣ ਦਾ ਸੁਨੇਹਾ ਦਿੱਤਾ। ਸ਼੍ਰੀ ਵਿਨੋਦ ਕੁਮਾਰ ਨੇ ਇੱਕ ਨਾਰਾ ਦਿੰਦੇ ਹੋਏ ਆਖਿਆ ਕੀ ਜੇਕਰ ਪਾਣੀ ਨਹੀਂ ਬਚਾਵਾਂਗੇ ਤਾਂ ਛਬੀਲਾਂ ਕਿੱਥੋਂ ਲਾਵਾਂਗੇ ਉਹਨਾਂ ਆਖਿਆ ਕੀ ਜੇਕਰ ਜਲ ਹੈ ਤਾ ਕਲ ਹੈ,ਇਸ ਮੌਕੇ ਯੂਨਕੋਮ ਬਰਾਂਚ ਦੇ ਮੈਨੇਜਰ ਸ਼੍ਰੀ ਜਗਸੀਰ ਨਾਥ ਤਜਿੰਦਰ ਕੁਮਾਰ ਤੇਜੀ ਚਰਨਜੀਤ ਸਿੰਘ,ਬਰਿੰਦਰ ਸਿੰਘ, ਅਮਨਦੀਪ ਸਿੰਘ ਆਦਿ ਵੱਡੀ ਗਿਣਤੀ ਦੇ ਵਿਚ ਨੌਜਵਾਨ ਹਾਜਰ ਸਨ।

## ਅਨਾਜ ਮੰਡੀ ਬਣੀ ਆਵਾਰਾ ਪਸ਼ੂਆਂ ਦੀ ਗਊਸ਼ਾਲਾ

### ਪ੍ਰਸ਼ਾਸਨ ਦੀ ਲਾਪਰਵਾਹੀ ਉਤੇ ਸਵਾਲ



ਭਵਾਨੀਗੜ੍ਹ 8 ਜੂਨ (ਕ੍ਰਿਸ਼ਨ ਚੌਹਾਨ)- ਸਥਾਨਕ ਅਨਾਜ ਮੰਡੀ ਵਿੱਚ ਆਵਾਰਾ ਪਸ਼ੂਆਂ ਦੀ ਵਧਦੀ ਗਿਣਤੀ ਨੇ ਆਮ ਲੋਕਾਂ ਅਤੇ ਵਪਾਰੀਆਂ ਲਈ ਗੰਭੀਰ ਸਮੱਸਿਆ ਖੜੀ ਕਰ ਦਿੱਤੀ ਹੈ। ਮੰਡੀ ਵਿੱਚ ਗਊਆਂ ਅਤੇ ਹੋਰ ਆਵਾਰਾ ਪਸ਼ੂਆਂ ਦੀ ਬੇਰੋਕ-ਟੋਕ ਆਵਾਜਾਈ ਕਾਰਨ ਸਫਾਈ ਅਤੇ ਸੁਰੱਖਿਆ ਦੀ ਹਾਲਤ ਬਹੁਤ ਖਰਾਬ ਹੋ ਗਈ ਹੈ। ਇਸ ਦੌਰਾਨ ਸਥਾਨਕ ਲੋਕਾਂ ਨੇ ਦੱਸਿਆ ਕਿ ਨੇੜਲੇ ਪਿੰਡਾਂ ਚੋਂ ਲੋਕ ਟਰਾਲੀਆ ਭਰਕੇ ਆਵਾਰਾ ਪਸ਼ੂ ਇੱਥੇ ਮੰਡੀ ਵਿੱਚ ਛੱਡ ਜਾਂਦੇ ਹਨ ਪ੍ਰਸ਼ਾਸਨ ਨੂੰ ਕਈ ਵਾਰ ਸ਼ਿਕਾਇਤਾਂ ਦੇ ਬਾਵਜੂਦ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਜਿਸ ਕਾਰਨ ਮੰਡੀ ਵਿੱਚ ਹਾਲਾਤ ਦਿਨੋਂ-ਦਿਨ ਬਦਤਰ ਹੁੰਦੇ ਜਾ ਰਹੇ ਹਨ ਅਤੇ ਇਹਨਾ ਆਵਾਰਾ ਪਸ਼ੂਆਂ ਦਾ ਇੱਕਠ ਹਰ ਦਿਨ ਵੱਧਦਾ ਜਾ ਰਿਹਾ ਹੈ, ਇਸੇ ਦੌਰਾਨ ਇੱਕ ਛੋਟੇ ਗਊ ਦੇ ਵੱਛੇ ਦੀ ਮੌਤ ਤੋਂ ਬਾਅਦ ਉਸ ਦੀ ਲਾਸ਼ ਨੂੰ ਆਵਾਰਾ ਕੁੱਤੇ ਖਾ ਰਹੇ ਹਨ, ਜਿਸ ਨਾਲ ਕਈ ਤਰਾਂ ਦੀਆਂ ਬਿਮਾਰੀਆਂ ਵੀ ਪੈਦਾ ਹੋਣਗੀਆਂ, ਪਰ ਨਾ ਤਾਂ ਸਥਾਨਕ ਮੰਡੀ ਬੋਰਡ ਅਤੇ ਨਾ ਨਗਰ ਕੌਂਸਲ ਦਾ ਇਸ ਵੱਲ ਕੋਈ ਧਿਆਨ ਹੈ, ਇਸ ਘਟਨਾ ਨੇ ਸਥਾਨਕ ਲੋਕਾਂ ਵਿੱਚ ਗਹਿਰੀ ਚਿੰਤਾ ਅਤੇ ਗੁੱਸੇ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਵਪਾਰੀਆਂ ਅਤੇ ਨਗਰ ਨਿਵਾਸੀਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਆਵਾਰਾ ਪਸ਼ੂਆਂ ਨੂੰ ਮੰਡੀ ਤੋਂ ਹਟਾਉਣ ਲਈ ਸਥਾਈ ਪ੍ਰਬੰਧ ਕੀਤੇ ਜਾਣ, ਤਾਂ ਜੋ ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਿਆ ਜਾ ਸਕੇ। ਇਸ ਸਬੰਧੀ ਪੱਤਰਕਾਰ ਵੱਲੋਂ ਜਦੋਂ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਰਵੀ ਬੰਸਲ ਨਾਲ ਫੋਨ ਪਰ ਗੱਲਬਾਤ ਕੀਤੀ ਤਾਂ ਉਨਾ ਕਿਹਾ ਕਿ ਇਸ ਬਾਰੇ ਇੰਸਪੈਕਟਰ ਨਾਲ ਗੱਲਬਾਤ ਕਰੋ ਪਰ ਕਈ ਵਾਰ ਫੋਨ ਕਰਨ ਦੇ ਬਾਵਜੂਦ ਇੰਸਪੈਕਟਰ ਨੇ ਫੋਨ ਨਹੀ ਚੁੱਕਿਆ, ਦੇਖਿਆ ਜਾਏ ਤਾਂ ਪੰਜਾਬ ਸਰਕਾਰ ਆਵਾਰਾ ਪਸ਼ੂਆਂ ਦੀ ਸਾਂਭ-ਸੰਭਾਲ ਕਰਨ ਦੇ ਵੱਡੇ ਵੱਡੇ ਦਾਅਵੇ ਕਰ ਰਹੀ ਹੈ, ਪਰ ਹਕੀਕਤ ਕੁਝ ਹੋਰ ਹੈ, ਜਦੋ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਆਵਾਰਾ ਪਸ਼ੂਆਂ ਦੀ ਸੰਭਾਲ ਲਈ ਕੋਈ ਠੋਸ ਕਦਮ ਚੁੱਕਣਾ ਚਾਹੀਦਾ ਹੈ।

### ਕਲਾ ਭਵਨ ਵਿੱਚ ਸਾਂਝੀ ਵਰਕਸ਼ਾਪ

ਸ਼ਾਹਬਾਦ ਮਾਰਕੰਡਾ, 8 ਜੂਨ (ਪੱਤਰ ਪ੍ਰੇਰਕ) ਹਰਿਆਣਾ ਦੇ ਕਲਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਕੁਰੂਕਸ਼ੇਤਰ ਦੇ ਕਲਾ ਕੀਰਤੀ ਭਵਨ ਵਿੱਚ ਕਰਵਾਈ ਗਈ ਤਿੰਨ ਰੋਜ਼ਾ ਸਾਂਝੀ ਵਰਕਸ਼ਾਪ ਅੱਜ ਸਮਾਪਤ ਹੋ ਗਈ।ਇਸ ਮੌਕੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਮਾਸ ਕਮਿਊਨੀਕੇਸ਼ਨ ਐਂਡ ਮੀਡੀਆ ਟੈਕਨਾਲੋਜੀ ਇੰਸਟੀਚਿਊਟ ਦੇ ਡਾਇਰੈਕਟਰ ਅਤੇ ਹਰਿਆਣਵੀ ਲੋਕ ਕਲਾ ਦੇ ਮਾਹਿਰ ਡਾ. ਮਹਾਂ ਸਿੰਘ ਪੂਨੀਆ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।

### ਵਿਦਿਆਰਥੀਆਂ ਨੇ ਵਾਤਾਵਰਨ ਦੀ ਸੰਭਾਲ ਲਈ ਸਹੁੰ ਚੁੱਕੀ

ਸ਼ਾਹਬਾਦ ਮਾਰਕੰਡਾ, 8 ਜੂਨ (ਪੱਤਰ ਪ੍ਰੇਰਕ) ਵਿਸ਼ਵ ਵਾਤਾਵਰਨ ਦਿਵਸ ਮੌਕੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮ ਨਾਥ ਸਚਦੇਵਾ ਦੀ ਅਗਵਾਈ ਹੇਠ ਯੂਨੀਵਰਸਿਟੀ ਸੀਨੀਅਰ ਸੈਕੰਡਰੀ ਮਾਡਲ ਸਕੂਲ ਵਿੱਚ ਵਾਤਾਵਰਨ ਦੀ ਸੰਭਾਲ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਭਾਰਤ ਵਿਕਾਸ ਪਰਿਸ਼ਦ, ਮੈਤ੍ਰੇਈ ਸ਼ਾਖਾ ਦੇ ਸਹਿਯੋਗ ਨਾਲ ਸਕੂਲ ਵਿੱਚ ਇੱਕ ਹਰਬਲ ਗਾਰਡਨ ਵਿਕਸਤ ਕਰਨ ਲਈ ਕਈ ਜੜੀ-ਬੂਟੀਆਂ ਵਾਲੇ ਬੂਟੇ ਲਗਾਏ ਗਏ। ਮੈਤ੍ਰੇਈ ਸ਼ਾਖਾ ਦੀ ਪ੍ਰਧਾਨ ਡਾ. ਮਮਤਾ ਸਚਦੇਵਾ ਨੇ ਕਿਹਾ ਕਿ ਵਾਤਾਵਰਨ ਸੁਰੱਖਿਆ ਇੱਕ ਦਿਨ ਤੱਕ ਸੀਮਤ ਵਿਸ਼ਾ ਨਹੀਂ ਹੈ, ਸਗੋਂ ਇਹ ਜੀਵਨ ਸ਼ੈਲੀ ਦਾ ਅੰਗ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹਰਬਲ ਗਾਰਡਨ ਦੀ ਸਥਾਪਨਾ ਨਾ ਸਿਰਫ਼ ਕੈਂਪਸ ਵਿੱਚ ਹਰਿਆਲੀ ਨੂੰ ਉਤਸ਼ਾਹਿਤ ਕਰੇਗੀ, ਬਲਕਿ ਵਿਦਿਆਰਥੀਆਂ ਨੂੰ ਔਸ਼ਧੀ ਬੂਟਿਆਂ, ਜੈਵ-ਵਿਭਿੰਨਤਾ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੇ ਮਹੱਤਵ ਤੋਂ ਵੀ ਜਾਣੂ ਕਰਵਾਏਗੀ।

## ਪੱਛਮੀ ਏਸ਼ੀਆ 'ਚ ਤਣਾਅ ਵਿਚਾਲੇ ਭਾਰਤ ਕੋਲ ਕਿੰਨੇ ਦਿਨਾਂ ਦਾ ਤੇਲ ਭੰਡਾਰ ਮੌਜੂਦ? ਜਾਣੋਂ ਕੇਂਦਰੀ ਮੰਤਰੀ ਹਰਦੀਪ ਪੁਰੀ ਨੇ ਕੀ ਕਿਹਾ




ਨਵੀਂ ਦਿੱਲੀ, 8 ਜੂਨ (ਰਿੰਕੂ)- ਐਤਵਾਰ ਰਾਤ ਨੂੰ ਇਰਾਨ ਨੇ ਇਜ਼ਰਾਈਲ 'ਤੇ ਤਾਜ਼ਾ ਹਮਲੇ ਕੀਤੇ ਹਨ, ਜਿਸ ਕਾਰਨ ਪੱਛਮੀ ਏਸ਼ੀਆ ਵਿੱਚ ਤਣਾਅ ਮੁੜ ਤੋਂ ਵੱਧ ਗਿਆ ਹੈ। ਇਸ ਦਰਮਿਆਨ ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਨੇ ਸੋਮਵਾਰ ਨੂੰ ਦੱਸਿਆ ਕਿ ਭਾਰਤ ਕੋਲ 76 ਤੋਂ 80 ਦਿਨਾਂ ਤੱਕ ਵਰਤਿਆ ਜਾਣ ਵਾਲਾ ਤੇਲ ਦਾ ਭੰਡਾਰ ਮੌਜੂਦ ਹੈ। ਪੁਰੀ ਨੇ ਚਿਤਾਵਨੀ ਦਿੱਤੀ ਕਿ ਪੱਛਮੀ ਏਸ਼ੀਆ ਵਿੱਚ ਲੰਮੇ ਸਮੇਂ ਤੱਕ ਚੱਲਣ ਵਾਲੀ ਜੰਗ ਕਾਰਨ ਦੁਨੀਆ ਦੀ ਆਰਥਿਕਤਾ ਨੂੰ ਕਾਫ਼ੀ ਨੁਕਸਾਨ ਝੱਲਣਾ ਪੈ ਸਕਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਤੇਲ ਦੀਆਂ ਕੀਮਤਾਂ ਹੇਠਾਂ ਆਉਣਗੀਆਂ ਅਤੇ ਦੇਸ਼ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਭਾਰਤ ਸਾਹਮਣੇ ਤੁਰੰਤ ਕੋਈ ਤੇਲ ਦਾ ਸੰਕਟ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ 'ਹੋਰਮੁਜ਼ ਜਲਮਾਰਗ' ਬੰਦ ਵੀ ਰਹਿੰਦਾ ਹੈ, ਤਾਂ ਵੀ ਭਾਰਤ ਕੋਲ ਘੱਟੋ-ਘੱਟ 30 ਤੋਂ 60 ਦਿਨਾਂ ਦਾ ਬੈਕਅੱਪ ਦੇਣ ਲਈ ਲੋੜੀਂਦੇ ਰਣਨੀਤਕ ਪੈਟਰੋਲੀਅਮ ਭੰਡਾਰ, ਰਿਫਾਇਨਰੀ ਸਟਾਕ ਅਤੇ ਵਪਾਰਕ ਸਟਾਕ ਮੌਜੂਦ ਹਨ। ਇਸ ਦੌਰਾਨ, ਤੇਲ ਲੰਘਣ ਵਾਲੇ ਇਸ ਅਹਿਮ ਸਮੁੰਦਰੀ ਰਸਤੇ ਦੇ ਸੰਭਾਵਿਤ ਤੌਰ 'ਤੇ ਬੰਦ ਹੋਣ ਦੀਆਂ ਚਿੰਤਾਵਾਂ 'ਤੇ ਜਵਾਬ ਦਿੰਦਿਆਂ ਕੇਂਦਰੀ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਕੋਲ ਬਾਲਣ (ਊਰਜਾ) ਦੀ ਲੋੜੀਂਦੀ ਸਪਲਾਈ ਮੌਜੂਦ ਹੈ ਅਤੇ ਦੇਸ਼ ਨੇ ਸਿਰਫ਼ ਇੱਕ ਰਸਤੇ 'ਤੇ ਨਿਰਭਰ ਰਹਿਣ ਦੀ ਬਜਾਏ ਵੱਖ-ਵੱਖ ਦੇਸ਼ਾਂ ਤੋਂ ਤੇਲ ਮੰਗਵਾਉਣ ਦੇ ਹੋਰ ਪ੍ਰਬੰਧ ਵੀ ਕਰ ਲਏ ਹਨ। ਕੇਂਦਰੀ ਮੰਤਰੀ ਨੇ ਕਿਹਾ, ਇੱਥੇ ਦੋ-ਤਿੰਨ ਗੱਲਾਂ ਦੇਖਣ ਨੂੰ ਮਿਲ ਰਹੀਆਂ ਹਨ। ਪਹਿਲੀ ਇਹ ਕਿ ਜੇਕਰ ਹਿੰਸਾ ਜੰਗ ਦੇ ਮੈਦਾਨ ਤੋਂ ਬਾਹਰ (ਦੂਜੇ ਇਲਾਕਿਆਂ ਵਿੱਚ) ਫੈਲਦੀ ਹੈ, ਤਾਂ ਇਹ ਸਭ ਤੋਂ ਖਰਾਬ ਸਥਿਤੀ ਹੋਵੇਗੀ, ਜੋ ਕਿ ਚਿੰਤਾ ਦੀ ਗੱਲ ਹੈ। ਦੂਜੀ ਗੱਲ ਇਹ ਹੈ ਕਿ 'ਹੋਰਮੁਜ਼ ਜਲਮਾਰਗ' ਦੇ ਬੰਦ ਰਹਿਣ ਦੇ ਖ਼ਦਸ਼ੇ ਨੂੰ ਦੇਖਦੇ ਹੋਏ ਅਸੀਂ ਪਹਿਲਾਂ ਹੀ ਵੱਖ-ਵੱਖ ਦੇਸ਼ਾਂ ਤੋਂ ਤੇਲ-ਗੈਸ ਮੰਗਵਾਉਣ ਦੇ ਬਦਲਵੇਂ ਪ੍ਰਬੰਧ ਸ਼ੁਰੂ ਕਰ ਦਿੱਤੇ ਹਨ। ਯੂ ਏ ਈ ਵਰਗੇ ਦੋਸਤ ਦੇਸ਼ ਦਾ ਸਾਥ ਹੋਣਾ ਸਾਡੇ ਲਈ ਬਹੁਤ ਵੱਡੀ ਰਾਹਤ ਹੈ। ਸਾਨੂੰ ਯੂ ਏ ਈ ਵੱਲੋਂ ਸਿੱਧੇ ਤੌਰ 'ਤੇ ਹੀ ਐੱਲ ਪੀ ਜੀ ਦੇ ਵੱਡੇ ਜਹਾਜ਼ (ਕਾਰਗੋ) ਭੇਜਣ ਦੀ ਪੇਸ਼ਕਸ਼ ਕੀਤੀ ਗਈ ਸੀ। ਇਸ ਲਈ ਮੈਨੂੰ ਵਿਸ਼ਵਾਸ ਹੈ ਕਿ ਅਸੀਂ ਇਸ ਸਥਿਤੀ ਨੂੰ ਸੰਭਾਲ ਸਕਦੇ ਹਾਂ।

## ਦਲਿਤ ਪਰਿਵਾਰ ਦੇ ਘਰ ਨੂੰ ਅੱਗ ਲਗਾਉਣ ਦਾ ਮਾਮਲਾ: ਕੌਮੀ ਐਸ ਸੀ ਕਮਿਸ਼ਨ ਵੱਲੋਂ ਜ਼ਿਲ੍ਹਾ ਪੁਲੀਸ ਮੁਖੀ ਨੂੰ ਰਿਪੋਰਟ ਪੇਸ਼ ਕਰਨ ਦੀ ਹਦਾਇਤ

ਸ੍ਰੀ ਗੋਇੰਦਵਾਲ ਸਾਹਿਬ, 8 ਜੂਨ (ਜਨ ਜਾਗਰਣ ਬਿਊਰੋ)-ਹਲਕਾ ਖਡੂਰ ਸਾਹਿਬ ਦੇ ਪਿੰਡ ਵੇਈਂਪੂਈਂ ਵਿੱਚ ਇੱਕ ਗਰੀਬ ਦਲਿਤ ਪਰਿਵਾਰ ਦੇ ਘਰ ਨੂੰ ਕਥਿਤ ਤੌਰ 'ਤੇ ਅੱਗ ਲਗਾਉਣ ਅਤੇ ਪੁਲੀਸ ਵੱਲੋਂ ਮੁਲਜ਼ਮਾਂ ਖਿਲਾਫ਼ ਕਾਰਵਾਈ ਨਾ ਕਰਨ ਦੇ ਮਾਮਲੇ ਵਿੱਚ, ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਸ਼ਿਕਾਇਤ 'ਤੇ ਕੌਮੀ ਅਨੁਸੂਚਿਤ ਜਾਤੀ ਕਮਿਸ਼ਨ (ਨਵੀਂ ਦਿੱਲੀ) ਨੇ ਸਖ਼ਤ ਨੋਟਿਸ ਲਿਆ ਹੈ। ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਬ੍ਰਹਮਪੁਰਾ ਵੱਲੋਂ ਇਸ ਮਾਮਲੇ ਬਾਬਤ ਕੀਤੀ ਗਈ ਪੈਰਵਾਈ ਦੇ ਚੱਲਦਿਆਂ, ਕਮਿਸ਼ਨ ਨੇ ਜ਼ਿਲ੍ਹਾ ਪੁਲੀਸ ਮੁਖੀ ਨੂੰ ਮੁੜ ਨੋਟਿਸ ਜਾਰੀ ਕਰਦਿਆਂ ਪੂਰੇ ਮਾਮਲੇ ਦੀ ਰਿਪੋਰਟ ਇੱਕ ਹਫ਼ਤੇ ਦੇ ਅੰਦਰ-ਅੰਦਰ ਪੇਸ਼ ਕਰਨ ਦੀ ਹਦਾਇਤ ਕੀਤੀ ਹੈ।

ਕਮਿਸ਼ਨ ਨੇ ਸਪਸ਼ਟ ਕੀਤਾ ਹੈ ਕਿ ਪਹਿਲਾਂ 20 ਅਪਰੈਲ 2026 ਅਤੇ ਫਿਰ 7 ਮਈ 2026 ਨੂੰ ਰਿਪੋਰਟ ਮੰਗੇ ਜਾਣ ਦੇ ਬਾਵਜੂਦ ਪੁਲੀਸ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ, ਜਿਸ ਨੂੰ ਬੇਹੱਦ ਗੰਭੀਰਤਾ ਨਾਲ ਲਿਆ ਗਿਆ ਹੈ। ਇਹ ਮਾਮਲਾ ਬੀਬੀ ਦਲਬੀਰ ਕੌਰ ਵਾਸੀ ਵੇਈਂਪੂਈਂ ਦੀ ਸ਼ਿਕਾਇਤ (ਐੱਫ ਆਈ ਆਰ ਨੰਬਰ: 0167, ਮਿਤੀ 01-04-2026) ਵਿੱਚ ਪੁਲੀਸ ਦੀ ਢਿੱਲੀ ਕਾਰਗੁਜ਼ਾਰੀ ਨਾਲ ਸਬੰਧਤ ਹੈ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਦੋਸ਼ ਲਗਾਇਆ ਕਿ ਹਲਕੇ ਵਿੱਚ ਇੱਕ ਨਵਾਂ-ਨਵਾਂ ਬਣਿਆ ਵਿਧਾਇਕ ਆਪਣੀ ਤਾਕਤ ਦੇ ਨਸ਼ੇ ਵਿੱਚ ਇੰਨਾ ਅੰਨ੍ਹਾ ਹੋ ਚੁੱਕਾ ਹੈ ਕਿ ਉਸ ਦੇ ਕਰਿੰਦਿਆਂ ਵੱਲੋਂ ਸ਼ਰੇਆਮ ਗਰੀਬਾਂ ਤੇ ਦਲਿਤ ਪਰਿਵਾਰਾਂ ਨਾਲ ਧੱਕੇਸ਼ਾਹੀ ਕੀਤੀ ਗਈ ਹੈ ਅਤੇ ਇਸ ਮਾਮਲੇ ਵਿੱਚ ਪੁਲੀਸ ਪ੍ਰਸ਼ਾਸਨ ਨੇ ਮੌਜੂਦਾ ਵਿਧਾਇਕ ਦੇ ਇਸ਼ਾਰੇ 'ਤੇ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ।

## ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਨੇ ਮਹੀਨਾਵਾਰ ਮੀਟਿੰਗ 'ਚ ਮੰਗਾਂ ਅਤੇ ਮੁਸ਼ਕਿਲਾਂ ਬਾਰੇ ਕੀਤਾ ਵਿਚਾਰ-ਵਟਾਂਦਰਾ

### ਮੰਗਾਂ ਸਬੰਧੀ 14 ਜੂਨ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਅੱਗੇ ਕੀਤਾ ਜਾਵੇਗਾ ਰੋਸ਼ ਮੁਜ਼ਾਹਰਾ



ਸੁਨਾਮ ਊਧਮ ਸਿੰਘ ਵਾਲਾ, 8 ਜੂਨ (ਰਾਜੂ ਸਿੰਗਲਾ / ਰਾਜ਼ੇਸ਼ ਕੁਮਾਰ): ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ ਯੂਨੀਅਨ ਮੰਡਲ ਸੁਨਾਮ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸਾਥੀ ਸੁਰਿੰਦਰ ਸਿੰਘ ਸੁਨਾਮ ਦੀ ਪ੍ਰਧਾਨਗੀ ਹੇਠ ਹੋਈ ਅਤੇ ਵਿਛੜੇ ਸਾਥੀਆਂ ਨੂੰ ਸਰਧਾਂਜਲੀ ਦੇਣ ਉਪਰੰਤ ਮੀਟਿੰਗ ਵਿੱਚ ਜਿੱਥੇ ਪੈਨਸ਼ਨਰ ਸਾਥੀਆਂ ਦੀਆਂ ਮੰਗਾਂ, ਮੁਸ਼ਕਿਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ, ਉੱਥੇ ਹੀ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਜੰਮ ਕੇ ਨਿਖੇਧੀ ਕੀਤੀ ਗਈ। ਇਸ ਮੀਟਿੰਗ ਦੌਰਾਨ ਬੀਤੇ ਦਿਨੀਂ ਪਟਿਆਲਾ ਵਿਖੇ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਅਪਰੈਂਟਿਸ ਸਾਥੀਆਂ ਉੱਤੇ ਅੰਨੇਵਾਹ ਕੀਤੇ ਤਸ਼ੱਦਦ ਦਾ ਜਥੇਬੰਦੀ ਵੱਲੋਂ ਸ਼ਖਤ ਨੋਟਿਸ ਲਿਆ ਗਿਆ ਅਤੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਸਾੜੀ ਗਈ। ਇਸ ਮੌਕੇ ਸੰਬੋਧਨ ਕਰਦੇ ਹੋਏ ਸੂਬਾ ਆਗੂ ਸਾਥੀ ਜਗਦੇਵ ਸਿੰਘ ਬਾਹੀਆ ਨੇ ਸਾਥੀਆਂ ਨੂੰ ਆਉਣ ਵਾਲੇ ਤਕੜੇ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇਸ ਦੌਰਾਨ ਸਾਥੀਆਂ ਨੇ ਮੰਗ ਕੀਤੀ ਕਿ ਮਨੁੱਖੀ ਅਧਿਕਾਰ ਕਮਿਸ਼ਨ ਇਸਦਾ ਗੰਭੀਰ ਨੋਟਿਸ ਲਏ ਅਤੇ ਤਸੱਦਦ ਕਰਨ ਵਾਲੇ ਅਧਿਕਾਰੀਆਂ ਤੇ ਕੇਸ ਦਰਜ ਕੀਤਾ ਜਾਵੇ, ਕਰਮਚਾਰੀਆਂ, ਪੈਨਸ਼ਨਰਾਂ ਦਾ ਡੀ ਏ, ਏਰੀਅਰ ਤੁਰੰਤ ਜਾਰੀ ਕੀਤਾ ਜਾਵੇ, ਸਰਕਾਰ ਵੱਲੋਂ ਥੋਪਿਆ ਜਜ਼ੀਆ ਟੈਕਸ ਭਾਵ ਡਿਵੈਲਪਮੈਂਟ ਟੈਕਸ ਬੰਦ ਕੀਤਾ ਜਾਵੇ, 2.59 ਦਾ ਫਾਰਮੂਲਾ, 23 ਸਾਲਾ ਸਾਰੇ ਪੈਨਸ਼ਨਰਾਂ ਤੇ ਲਾਗੂ ਕੀਤਾ ਜਾਵੇ। ਇਸ ਮੌਕੇ ਸਾਥੀ ਤੇਜਿੰਦਰ ਸਿੰਘ, ਪ੍ਰਿਤਪਾਲ ਸਿੰਘ ਮਹਿਰੋਕ, ਬਰਖਾ ਸਿੰਘ, ਮਹਿੰਦਰ ਸਿੰਘ, ਸਰਕਲ ਆਗੂ ਕਰਨੈਲ ਸਿੰਘ ਦਿੜ੍ਹਬਾ, ਕਰਮਚੰਦ ਮਾਰਕੰਡਾ ਨੇ ਸੰਬੋਧਨ ਕਰਦਿਆਂ 14 ਜੂਨ 2026 ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਤੇ ਕੀਤੇ ਜਾ ਰਹੇ ਮੁਜਾਹਰੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਅਤੇ ਬਿਜਲੀ ਮੁਲਾਜ਼ਮਾਂ ਵੱਲੋਂ 16 ਅਤੇ 17 ਜੂਨ ਨੂੰ ਕੀਤੀ ਜਾ ਰਹੀ ਹੜਤਾਲ ਦਾ ਸਮਰਥਨ ਕਰਦਿਆਂ ਪੈਨਸ਼ਨਰਾਂ ਨੂੰ ਜੇਲ੍ਹ ਭਰਨ ਅਤੇ ਗ੍ਰਿਫ਼ਤਾਰੀਆਂ ਲਈ ਆਪਣੇ ਆਪ ਨੂੰ ਪੇਸ਼ ਕਰਨ ਦਾ ਵੀ ਸੱਦਾ ਦਿੱਤਾ।

## ਐਮ ਪੀ ਸਾਹਨੀ ਵੱਲੋਂ ਮੁਜ਼ਾਹਰਾਕਾਰੀਆਂ ਨੂੰ ਨੌਕਰੀਆਂ ਦੀ ਪੇਸ਼ਕਸ਼

ਨਵੀਂ ਦਿੱਲੀ, 8 ਜੂਨ (ਰਿੰਕੂ) ਰਾਜ ਸਭਾ ਮੈਂਬਰ ਅਤੇ ਕੇਂਦਰੀ ਅਪ੍ਰੈਂਟਿਸਸ਼ਿਪ ਕੌਂਸਲ ਦੇ ਵਾਈਸ ਚੇਅਰਪਰਸਨ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਪਟਿਆਲਾ ਵਿੱਚ ਮੁਜ਼ਾਹਰਾ ਕਰ ਰਹੇ ਅਪ੍ਰੈਂਟਿਸ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਪੰਜਾਬ ਦੇ ਨੌਜਵਾਨਾਂ ਨਾਲ ਇਕਜੁੱਟਤਾ ਪ੍ਰਗਟ ਕੀਤੀ ਹੈ। ਡਾ. ਸਾਹਨੀ ਨੇ ਦੱਸਿਆ ਕਿ ਉਨ੍ਹਾਂ ਦਾ ਦਫ਼ਤਰ ਮੁਜ਼ਾਹਰਾਕਾਰੀ ਅਪ੍ਰੈਂਟਿਸਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਉਹ ਪੀ ਐੱਸ ਪੀ ਸੀ ਐੱਲ ਵਿੱਚ ਰੁਜ਼ਗਾਰ ਦੀ ਉਨ੍ਹਾਂ ਦੀ ਜਾਇਜ਼ ਮੰਗ ਦਾ ਪੂਰਾ ਸਮਰਥਨ ਕਰਦੇ ਹਨ ਅਤੇ ਉਨ੍ਹਾਂ ਦੀ ਐੱਨ ਜੀ ਓ ਸੰਨ ਫਾਊਂਡੇਸ਼ਨ, ਪੰਜਾਬ ਦੇ ਉਦਯੋਗਿਕ ਖੇਤਰ ਵਿੱਚ ਸਾਰੇ 2,600 ਅਪ੍ਰੈਂਟਿਸਾਂ ਲਈ ਸਨਮਾਨਜਨਕ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਤਿਆਰ ਹੈ। ਇਹ ਮੌਕੇ ਇਲੈਕਟ੍ਰੀਕਲ ਅਪਰੇਸ਼ਨ ਟੈਕਨੀਸ਼ੀਅਨ, ਮੇਨਟੇਨੈਂਸ ਇਲੈਕਟ੍ਰੀਸ਼ੀਅਨ, ਯੂਟੀਲਿਟੀ ਅਤੇ ਫੈਸੀਲੀਟੀਜ਼ ਇਲੈਕਟ੍ਰੀਸ਼ੀਅਨ, ਪਲਾਂਟ ਇਲੈਕਟ੍ਰੀਸ਼ੀਅਨ ਅਤੇ ਹੋਰ ਸਹਾਇਕ ਤਕਨੀਕੀ ਅਹੁਦਿਆਂ ਵਰਗੀਆਂ ਨੌਕਰੀਆਂ ਦੀਆਂ ਭੂਮਿਕਾਵਾਂ ਵਿੱਚ ਪ੍ਰਦਾਨ ਕੀਤੇ ਜਾ ਸਕਦੇ ਹਨ।

## ਮਿਸ਼ਨ ਕਲੀਨ ਪੰਜਾਬ, ਪਰਾਊਡ ਪੰਜਾਬ : ਨਗਰ ਨਿਗਮ ਕਮਿਸ਼ਨਰ ਨੇ ਸਵੇਰੇ 6 ਵਜੇ ਫੀਲਡ ਚੈਕਿੰਗ ਕੀਤੀ, ਸਫ਼ਾਈ ਪ੍ਰਬੰਧਾਂ ਦਾ ਲਿਆ ਜਾਇਜ਼ਾ

### ਲੋਕ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਨਗਰ ਨਿਗਮ ਦੇ ਉੱਚ ਅਧਿਕਾਰੀਆਂ ਨੂੰ ਰੋਜ਼ਾਨਾ ਫੀਲਡ ਚੈਕਿੰਗ ਦੇ ਆਦੇਸ਼



ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਵੱਲੋਂ ''ਮਿਸ਼ਨ ਕਲੀਨ ਪੰਜਾਬ, ਪਰਾਊਡ ਪੰਜਾਬ'' ਤਹਿਤ ਸ਼ਹਿਰ ਵਿੱਚ ਫੀਲਡ ਚੈਕਿੰਗ ਦੌਰਾਨ।

ਬਠਿੰਡਾ, 8 ਜੂਨ (ਗਗਨਦੀਪ ਸਿੰਘ) ''ਮਿਸ਼ਨ ਕਲੀਨ ਪੰਜਾਬ, ਪਰਾਊਡ ਪੰਜਾਬ'' ਤਹਿਤ ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਵੱਲੋਂ ਅੱਜ ਸਵੇਰੇ 6 ਵਜੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਕੇ ਸਫ਼ਾਈ ਪ੍ਰਬੰਧਾਂ, ਕੂੜਾ ਨਿਪਟਾਰੇ ਅਤੇ ਨਾਗਰਿਕ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਮੌਕੇ 'ਤੇ ਹੀ ਨਿਪਟਾਰਾ ਵੀ ਕਰਵਾਇਆ। ਕਮਿਸ਼ਨਰ ਲਵਜੀਤ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ ''ਮਿਸ਼ਨ ਕਲੀਨ ਪੰਜਾਬ, ਪਰਾਊਡ ਪੰਜਾਬ'' ਤਹਿਤ ਸਥਾਨਕ ਸਰਕਾਰਾਂ ਮੰਤਰੀ, ਪੰਜਾਬ ਅਤੇ ਪ੍ਰਮੁੱਖ ਸਕੱਤਰ, ਸਥਾਨਕ ਸਰਕਾਰਾਂ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਨਗਰ ਨਿਗਮ ਬਠਿੰਡਾ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਖ਼ੂਬਸੂਰਤ ਬਣਾਈ ਰੱਖਣ ਅਤੇ ਲੋਕ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਨਗਰ ਨਿਗਮ ਦੇ ਉੱਚ ਅਧਿਕਾਰੀ ਰੋਜ਼ਾਨਾ ਫੀਲਡ ਵਿਜ਼ਿਟ ਕਰਨਗੇ, ਤਾਂ ਜੋ ਸ਼ਹਿਰ ਵਾਸੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਕਮਿਸ਼ਨਰ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਆਮ ਲੋਕਾਂ ਦੀ ਸਹੂਲਤ ਲਈ ਸਮੂਹ ਨਿਗਰਾਨ ਇੰਜੀਨੀਅਰਾਂ, ਨਿਗਮ ਇੰਜੀਨੀਅਰਾਂ ਅਤੇ ਸੈਨੀਟੇਸ਼ਨ ਅਧਿਕਾਰੀਆਂ ਦੀਆਂ ਡਿਊਟੀਆਂ ਰੋਜ਼ਾਨਾ ਸ਼ਹਿਰ ਦੇ 8 ਜ਼ੋਨਾਂ ਵਿੱਚ ਲਗਾਈਆਂ ਗਈਆਂ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਫੀਲਡ ਸਟਾਫ਼ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ ਅਤੇ ਸਫ਼ਾਈ, ਕੂੜੇ ਦੇ ਨਿਪਟਾਰੇ, ਬੁਨਿਆਦੀ ਢਾਂਚੇ ਦੀ ਮੁਰੰਮਤ ਅਤੇ ਸਟਰੀਟ ਲਾਈਟਾਂ ਦੀ ਮੁਰੰਮਤ ਨਾਲ ਸਬੰਧਤ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇ। ਇਸ ਦੇ ਨਾਲ ਹੀ ਸ਼ਹਿਰ ਵਾਸੀਆਂ ਦੀਆਂ ਸ਼ਿਕਾਇਤਾਂ ਨੂੰ ਸੁਣ ਕੇ ਉਨ੍ਹਾਂ ਦਾ ਸਮਾਂਬੱਧ ਨਿਪਟਾਰਾ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।ਕਮਿਸ਼ਨਰ ਲਵਜੀਤ ਕਲਸੀ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਨਗਰ ਨਿਗਮ ਦਾ ਸਹਿਯੋਗ ਕਰਨ ਅਤੇ ਜਨਤਕ ਥਾਵਾਂ 'ਤੇ ਕੂੜਾ ਸੁੱਟਣ ਤੋਂ ਗੁਰੇਜ਼ ਕਰਨ।



# ਗੁਰਨੇ ਕਲਾਂ ਵਿਖੇ ਕਰਵਾਇਆ ਪਹਿਲਾ ਮਹਾਨ ਸਤਿਸੰਗ ਸਮਾਗਮ

### ਹਜਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਲਗਵਾਈ ਹਾਜ਼ਰੀ



ਬੁਢਲਾਡਾ, 8 ਜੂਨ ( ਸੋਨੂੰ ਕਟਾਰੀਆ ) ਡਾਕਟਰ ਬੀ. ਆਰ. ਅੰਬੇਡਕਰ ਯਾਦਗਾਰ ਯੂਥ ਤੇ ਸਪੋਰਟਸ ਕਲੱਬ ਗੁਰਨੇ ਕਲਾਂ ਵਲੋਂ ਪਹਿਲਾ ਮਹਾਨ ਸਤਿਸੰਗ ਸਮਾਗਮ ਸਰਧਾ ਸਾਹਿਤ ਕਰਵਾਇਆ ਗਿਆ। ਭਾਰਤੀ ਸੰਵਿਧਾਨ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਮਹਾਰਿਸ਼ੀ ਭਗਵਾਨ ਵਾਲਮੀਕ ਮਹਾਰਾਜ ਜੀ ਦੇ 135ਵੇਂ ਪਵਿੱਤਰ ਜਨਮ ਦਿਵਸ ਨੂੰ ਸਮਰਪਿਤ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਅਪਾਰ ਕਿਰਪਾ ਸਦਕਾ, ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੜੀ ਸਰਧਾ ਅਤੇ ਪ੍ਰੇਮ-ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਭਾਈ ਪ੍ਰੀਤ ਰਵੀਦਾਸੀਆ ਜੀ ਮੁੱਖ ਪ੍ਰਚਾਰਕ, ਗੁਰੂ ਰਵਿਦਾਸ ਭਜਨ ਮੰਡਲੀ ਬੇਗਮਪੁਰਾ(ਹਰਿਆਣਾ) ਵਾਲਿਆਂ ਅਤੇ ਭੋਲਾ ਸਿੰਘ ਗੁਰਨੇ ਖੁਰਦ ਨੇ ਪ੍ਰੋਗਰਾਮ ਦੌਰਾਨ ਸੰਗਤਾਂ ਨੂੰ ਗੁਰੂ ਰਵਿਦਾਸ ਤੇ ਬਾਬਾ ਸਾਹਿਬ ਦੇ ਇਤਿਹਾਸ ਬਾਰੇ ਦੱਸਿਆ ਤੇ ਵਿਚਾਰਾਂ ਦੀ ਸਾਝ ਪਾਈ ਤੇ ਸਮਾਜ ਨੂੰ ਦਿੱਤੇ ਅਧਿਕਾਰਾ ਬਾਰੇ ਸੰਗਤ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ। ਸੰਗਤ ਦੀ ਸੇਵਾ ਲਈ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਬਸਪਾ ਦੇ ਕੁਲਦੀਪ ਸਿੰਘ, ਆਪ ਦੇ ਚੁਸਪਿੰਦਰ ਸਿੰਘ ਚਹਿਲ, ਅਕਾਲੀ ਆਗੂ ਡਾ. ਨਿਸਾਨ ਸਿੰਘ, ਹਲਕਾ ਵਿਧਾਇਕ ਬੁੱਧ ਰਾਮ, ਬਸਪਾ ਦੇ ਹਲਕਾ ਪ੍ਰਧਾਨ ਅਵਤਾਰ ਸਿੰਘ ਕਟਾਰੀਆ, ਪ੍ਰਧਾਨ ਬਲਜਿੰਦਰ ਸਿੰਘ, ਖਜਾਨਚੀ ਰਾਜਿੰਦਰ ਸਿੰਘ ਜੇ. ਈ, ਸਕੱਤਰ ਮੰਗਲ ਸਿੰਘ, ਸਰਪ੍ਰਸਤ ਖੁਸ਼ੀ ਰਾਮ ਕਟਾਰੀਆ, ਮਿੱਠਾ ਸਿੰਘ ਗੁਰਨੇ ਕਲਾਂ, ਤਰਸੇਮ ਸਿੰਘ ਸੇਮਾ, ਰਾਮ ਸਿੰਘ ਫੌਜੀ, ਗੁਰਚਰਨ ਸਿੰਘ, ਮਨਿੰਦਰ ਸਿੰਘ, ਬਲਵੀਰ ਸਿੰਘ, ਗੁਰਧਿਆਨ ਸਿੰਘ, ਬੱਗੜ ਸਿੰਘ, ਮੈਂਬਰ ਹਰਪ੍ਰੀਤ ਸਿੰਘ, ਲੱਖਾ ਸਿੰਘ, ਸੁਰਿੰਦਰ ਨਿਭੋਰੀਆ ਮਾਨਸਾ, ਡਾ. ਦਰਸਨ ਮਾਨਸਾ, ਮਾਸਟਰ ਗੁਰਮੇਲ ਸਿੰਘ ਬੋੜਾਵਾਲ, ਮੇਜਰ ਸਿੰਘ ਬਸਪਾ ਆਗੂ ਬੁਢਲਾਡਾ, ਪੱਤਰਕਾਰ ਸੋਨੂੰ ਕਟਾਰੀਆ, ਆਦਿ ਨੇ ਆਪਣਾ ਵਿਸ਼ੇਸ਼ ਸਹਿਯੋਗ ਦਿੱਤਾ।

# ਗੈਂਗਸਟਰਾਂ ਤੇ ਵਾਰ ਮੁਹਿੰਮ, ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸੁਧਾਰ ਘਰ (ਜੇਲ੍ਹ) ਅੰਦਰ ਸਰਚ ਅਭਿਆਨ



ਸ੍ਰੀ ਮੁਕਤਸਰ ਸਾਹਿਬ, 8 ਜੂਨ (ਅਨਮੋਲ ਸਿੰਘ ਵੜਿੰਗ ): ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬਾ ਪੱਧਰ 'ਤੇ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਗੈਂਗਸਟਰਾਂ ਤੇ ਵਾਰ ਤਹਿਤ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ਼੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ ਵੱਲੋਂ ਜ਼ਿਲ੍ਹਾ ਅੰਦਰ ਅਪਰਾਧਿਕ ਨੈਟਵਰਕਾਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਖ਼ਤ ਅਤੇ ਲਗਾਤਾਰ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਜਾ ਰਹੀਆਂ ਹਨ। ਇਸੇ ਕੜੀ ਵਿੱਚ, ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ, ਆਈ.ਪੀ.ਐਸ ਦੀ ਸਖ਼ਤ ਨਿਗਰਾਨੀ ਅਤੇ ਰਣਨੀਤਿਕ ਯੋਜਨਾ ਅਧੀਨ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) ਅੰਦਰ ਇੱਕ ਵਿਸ਼ੇਸ਼, ਸੁਚਿੰਤਿਤ ਅਤੇ ਅਚਨਚੇਤ ਤਲਾਸ਼ੀ ਅਭਿਆਨ ਚਲਾਇਆ ਗਿਆ। ਇਸ ਕਾਰਵਾਈ ਦਾ ਮੁੱਖ ਉਦੇਸ਼ ਜੇਲ੍ਹ ਅੰਦਰ ਕਾਨੂੰਨੀ ਅਨੁਸ਼ਾਸਨ ਨੂੰ ਮਜ਼ਬੂਤ ਕਰਨਾ, ਗੈਰਕਾਨੂੰਨੀ ਸੰਪਰਕ ਮਾਧਿਅਮਾਂ 'ਤੇ ਪਾਬੰਦੀ ਲਗਾਉਣਾ ਅਤੇ ਅਪਰਾਧਿਕ ਤੱਤਾਂ ਵੱਲੋਂ ਚਲਾਏ ਜਾ ਰਹੇ ਕਿਸੇ ਵੀ ਗੁਪਤ ਨੈਟਵਰਕ ਨੂੰ ਤੋੜਨਾ ਸੀ। ਅਭਿਆਨ ਦੀ ਅਗਵਾਈ ਅਤੇ ਪ੍ਰਬੰਧ ਇਹ ਅਭਿਆਨ ਜੇਲ੍ਹ ਸੁਪਰਡੈਂਟ ਇਕਬਾਲ ਸਿੰਘ ਬਰਾੜ ਦੇ ਸਹਿਯੋਗ ਨਾਲ ਡਿਪਟੀ ਸੁਪਰਡੈਂਟ ਪੁਨੀਤ ਗਰਗ ਅਤੇ ਡੀ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਬਚਨ ਸਿੰਘ ਦੀ ਅਗਵਾਈ ਹੇਠ ਸੁਚਾਰੂ ਢੰਗ ਨਾਲ ਅਮਲ ਵਿੱਚ ਲਿਆਂਦਾ ਗਿਆ। ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਤੋਂ 65 ਤੋਂ ਵੱਧ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਵਿਸ਼ੇਸ਼ ਪਹਿਰੇਵਾਜ਼ੀ ਹੇਠ ਤੈਨਾਤ ਰਹੇ। ਪੂਰੇ ਅਭਿਆਨ ਦੌਰਾਨ ਜੇਲ੍ਹ ਦੇ ਅੰਦਰ ਅਤੇ ਬਾਹਰ ਸੁਰੱਖਿਆ ਦੇ ਮਜ਼ਬੂਤ ਘੇਰੇ ਤਹਿਤ ਹਰ ਪਹਿਲੂ 'ਤੇ ਨਿਗਰਾਨੀ ਕੀਤੀ ਗਈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਸੁਰੱਖਿਆ ਵਿੱਚ ਕਮੀ ਨਾ ਰਹੇ। ਮੁੱਖ ਕਾਰਵਾਈਆਂ ਅਤੇ ਜਾਂਚ ਪ੍ਰਕਿਰਿਆ ਅਚਾਨਕ ਸਰਚ ਦੌਰਾਨ ਹੇਠ ਲਿਖੀਆਂ ਵਿਸਥਾਰਪੂਰਕ ਕਾਰਵਾਈਆਂ ਕੀਤੀਆਂ ਗਈਆਂ ਜੇਲ੍ਹ ਦੀਆਂ ਸਾਰੀਆਂ ਬੈਰਕਾਂ, ਵਾਰਡਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਦੀ ਬਰੀਕੀ ਨਾਲ ਜਾਂਚ ਕੀਤੀ ਗਈ। ਕੈਦੀਆਂ ਅਤੇ ਹਵਾਲਾਤੀਆਂ ਦੀ ਨਿੱਜੀ ਤਲਾਸ਼ੀ ਲੈ ਕੇ ਉਨ੍ਹਾਂ ਦੇ ਸਮਾਨ ਦੀ ਵਿਸਥਾਰਪੂਰਕ ਚੈਕਿੰਗ ਕੀਤੀ ਗਈ। ਬਾਥਰੂਮ, ਸਟੋਰ ਰੂਮ, ਕੰਧਾਂ ਦੇ ਕੋਨੇ, ਛੱਤਾਂ ਅਤੇ ਹੋਰ ਸੰਭਾਵੀ ਓਹਲੇ ਸਥਾਨਾਂ 'ਤੇ ਸਖ਼ਤ ਨਿਗਰਾਨੀ ਕੀਤੀ ਗਈ। ਅੰਦਰੂਨੀ ਅਤੇ ਬਾਹਰੀ ਆਵਾਜਾਈ ਰਸਤੇ 'ਤੇ ਪਹਿਰੇਵਾਜ਼ੀ ਮਜ਼ਬੂਤ ਕੀਤੀ ਗਈ। ਕੁਝ ਸ਼ੱਕੀ ਤੱਤਾਂ ਨਾਲ ਪੁੱਛਗਿੱਛ ਕਰਕੇ ਸੰਭਾਵੀ ਗੈਰਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਇਕੱਤਰ ਕੀਤੀ ਗਈ।

ਇਸ ਦੌਰਾਨ ਜੇਲ੍ਹ ਪ੍ਰਸ਼ਾਸਨ ਅਤੇ ਪੁਲਿਸ ਦੇ ਸਾਂਝੇ ਸਹਿਯੋਗ ਨਾਲ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ ਗਈ ਅਤੇ ਜਿੱਥੇ ਲੋੜ ਸੀ, ਉੱਥੇ ਸੁਧਾਰਕ ਕਦਮ ਚੁੱਕਣ ਦੇ ਨਿਰਦੇਸ਼ ਜਾਰੀ ਕੀਤੇ ਗਏ। ਜੇਲ੍ਹ ਅੰਦਰ ਗੈਰਕਾਨੂੰਨੀ ਨੈਟਵਰਕਾਂ 'ਤੇ ਨਕੇਲ ਅਧਿਕਾਰੀਆਂ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਜੇਲ੍ਹ ਅੰਦਰ ਬੰਦ ਗੈਂਗਸਟਰਾਂ, ਨਸ਼ਾ ਤਸਕਰਾਂ ਜਾਂ ਹੋਰ ਅਪਰਾਧਿਕ ਤੱਤਾਂ ਨੂੰ ਬਾਹਰੀ ਸੰਪਰਕ ਸਥਾਪਿਤ ਕਰਨ ਦੀ ਕੋਈ ਵੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜੇਲ੍ਹਾਂ ਅੰਦਰ ਮੋਬਾਈਲ ਫੋਨ, ਸਿਮ ਕਾਰਡ, ਨਸ਼ੀਲੇ ਪਦਾਰਥ ਜਾਂ ਹੋਰ ਗੈਰਕਾਨੂੰਨੀ ਸਮੱਗਰੀ ਦੀ ਤਸਕਰੀ ਨੂੰ ਰੋਕਣ ਲਈ ਵਿਸ਼ੇਸ਼ ਇੰਟੈਲੀਜੈਂਸ ਮਕੈਨਿਜ਼ਮ ਲਾਗੂ ਕੀਤਾ ਗਿਆ ਹੈ। ਪੁਲਿਸ ਅਤੇ ਜੇਲ੍ਹ ਪ੍ਰਸ਼ਾਸਨ ਦੀ ਸਾਂਝੀ ਕਾਰਵਾਈ ਨਾਲ ਹਰ ਅਪਰਾਧਿਕ ਲੜੀ ਨੂੰ ਤੋੜਨ ਦੀ ਯੋਜਨਾ ਬਣਾਈ ਗਈ ਹੈ। ਹਰ ਅਜਿਹੀ ਤਲਾਸ਼ੀ ਤੋਂ ਬਾਅਦ ਵਿਸਥਾਰਪੂਰਕ ਰਿਪੋਰਟ ਤਿਆਰ ਕਰਕੇ ਕਾਨੂੰਨੀ ਕਾਰਵਾਈ ਅਨੁਸਾਰ ਅਗਲੇ ਕਦਮ ਚੁੱਕੇ ਜਾਂਦੇ ਹਨ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਕਿਸਮ ਦੀ ਅਪਰਾਧਿਕ ਗਤੀਵਿਧੀ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਿਰੰਤਰ ਸਰਚ ਅਤੇ ਸਖ਼ਤ ਪਹਿਰੇਵਾਜ਼ੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਦੋਹਰਾਇਆ ਕਿ ਗੈਂਗਸਟਰਾਂ ਦੇ ਵਾਰ ਮੁਹਿੰਮ ਤਹਿਤ ਅਚਾਨਕ ਤਲਾਸ਼ੀਆਂ, ਵਿਸ਼ੇਸ਼ ਸਰਚ ਅਭਿਆਨ ਅਤੇ ਸਖ਼ਤ ਨਿਗਰਾਨੀ ਪ੍ਰਕਿਰਿਆ ਅਗਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹੇਗੀ। ਜ਼ਿਲ੍ਹੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣ ਲਈ ਪੁਲਿਸ ਪੂਰੀ ਤਰ੍ਹਾਂ ਸਚੇਤ ਅਤੇ ਪਹਿਰੇਵਾਜ਼ ਹੈ। ਨਸ਼ਿਆਂ, ਗੈਂਗਸਟਰ ਗਤੀਵਿਧੀਆਂ ਅਤੇ ਹੋਰ ਗੈਰਕਾਨੂੰਨੀ ਸਰਗਰਮੀਆਂ ਨੂੰ ਖਤਮ ਕਰਨ ਲਈ ਕਾਨੂੰਨੀ ਦਾਇਰੇ ਵਿੱਚ ਰਹਿੰਦਿਆਂ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ ਐਸ.ਐਸ.ਪੀ ਦਾ ਸੰਦੇਸ਼ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਜਨਤਕ ਸੁਰੱਖਿਆ ਸਾਡੀ ਪਹਿਲ ਹੈ। ਜੇਲ੍ਹ ਅੰਦਰੋਂ ਕਿਸੇ ਵੀ ਤਰ੍ਹਾਂ ਦੀ ਅਪਰਾਧਿਕ ਯੋਜਨਾ ਜਾਂ ਨੈਟਵਰਕ ਚਲਾਉਣ ਦੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਾਨੂੰਨ ਦੀ ਉਲੰਘਣਾ ਕਰਨ ਵਾਲੇ ਹਰ ਤੱਤ ਖ਼ਿਲਾਫ਼ ਬਿਨਾਂ ਕਿਸੇ ਢਿੱਲ ਦੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅੰਤ ਵਿੱਚ ਪੁਲਿਸ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਜੇ ਕਿਸੇ ਨੂੰ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਜਾਣਕਾਰੀ ਹੋਵੇ ਤਾਂ ਤੁਰੰਤ ਪੁਲਿਸ ਨਾਲ ਸਾਂਝੀ ਕੀਤੀ ਜਾਵੇ, ਤਾਂ ਜੋ ਸਾਂਝੇ ਯਤਨਾਂ ਨਾਲ ਅਮਨ-ਕਾਨੂੰਨ ਦੀ ਸਥਿਤੀ ਹੋਰ ਮਜ਼ਬੂਤ ਬਣਾਈ ਜਾ ਸਕੇ।

# ਰੋਟਰੀ ਡਿਸਟ੍ਰਿਕਟ 3090 ਦੀ ਅਸੈਂਬਲੀ ਚੰਡੀਗੜ੍ਹ ਵਿਖੇ ਹੋਈ ਸੰਪੰਨ

### ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਘਨਸ਼ਿਆਮ ਕਾਂਸਲ ਦਾ ਕੀਤਾ ਸਨਮਾਨ



ਸੁਨਾਮ ਊਧਮ ਸਿੰਘ ਵਾਲਾ, 8 ਜੂਨ (ਰਾਜੂ ਸਿੰਗਲਾ / ਰਾਜੇਸ਼ ਕੁਮਾਰ): ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ-3090 ਦੀ ਮਹੱਤਵਪੂਰਨ ਅਸੈਂਬਲੀ ਦਾ ਆਯੋਜਨ ਚੰਡੀਗੜ੍ਹ ਵਿਖੇ ਕੀਤਾ ਗਿਆ ਜਿਸ ਵਿੱਚ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਵੱਖ-ਵੱਖ ਰੋਟਰੀ ਕਲੱਬਾਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਇਹ ਅਸੈਂਬਲੀ ਸਾਲ 2026-27 ਦੇ ਰੋਟਰੀ ਡਿਸਟ੍ਰਿਕਟ ਗਵਰਨਰ ਅਮਿਤ ਸਿੰਗਲਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ, ਜਿਸ ਵਿੱਚ ਰੋਟਰੀ ਦੇ ਆਗਾਮੀ ਸੇਵਾ ਕਾਰਜਾਂ ਦੀ ਰੂਪਰੇਖਾ ਤਿਆਰ ਕੀਤੀ ਗਈ। ਇਸ ਅਸੈਂਬਲੀ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੇ ਰੋਟਰੀ ਕਲੱਬ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਸਮੇਂ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਮਾਜ ਪ੍ਰਤੀ ਸ਼ਾਨਦਾਰ ਸੇਵਾਵਾਂ ਲਈ ਘਨਸ਼ਿਆਮ ਕਾਂਸਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਇਸ ਦੌਰਾਨ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਘਨਸ਼ਿਆਮ ਕਾਂਸਲ ਦੇ ਕਾਰਜਕਾਲ ਦੌਰਾਨ ਸਥਾਪਿਤ ਕੀਤੇ ਗਏ ਇਤਿਹਾਸਕ ਸੇਵਾ ਪ੍ਰੋਜੈਕਟਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਘਨਸ਼ਿਆਮ ਕਾਂਸਲ ਵੱਲੋਂ ਸ਼ੁਰੂ ਕੀਤੇ ਗਏ ਕਾਰਜ ਸਮਾਜ ਦੇ ਲੋੜਵੰਦ ਵਰਗ ਲਈ ਅੱਜ ਵੀ ਵਰਦਾਨ ਸਾਬਤ ਹੋ ਰਹੇ ਹਨ। ਉਹਨਾਂ ਵਿਸ਼ੇਸ਼ ਤੌਰ 'ਤੇ ਸੁਨਾਮ ਵਿਖੇ ਸਥਾਪਿਤ ਕੀਤੇ ਗਏ ਰੋਟਰੀ ਆਈ (ਅੱਖਾਂ) ਦੇ ਹਸਪਤਾਲ ਅਤੇ ਕੈਂਸਰ ਹਸਪਤਾਲ ਵਿੱਚ ਆਧੁਨਿਕ ਉਪਕਰਨ ਮੁਹੱਈਆ ਕਰਵਾਉਣ ਵਰਗੇ ਵੱਡੇ ਸੇਵਾ ਕਾਰਜਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੀ ਹੌਂਸਲਾ ਅਫਜਾਈ ਕੀਤੀ। ਇਸ ਅਸੈਂਬਲੀ ਵਿੱਚ ਸਮਾਜ ਅਤੇ ਰਾਜਨੀਤੀ ਨਾਲ ਜੁੜੀਆਂ ਕਈ ਜਾਣੀਆਂ-ਪਛਾਣੀਆਂ ਸ਼ਖਸੀਅਤਾਂ ਨੇ ਆਪਣੀ ਹਾਜ਼ਰੀ ਦਰਜ ਕਰਵਾਈ। ਪ੍ਰੋਗਰਾਮ ਵਿੱਚ ਸੇਵਾਮੁਕਤ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ, ਸੀਨੀਅਰ ਭਾਜਪਾ ਆਗੂ ਦਾਮਨ ਬਾਜਵਾ ਅਤੇ ਮੱਖਣ ਲਾਲ ਗਰਗ ਸਮੇਤ ਕਈ ਹੋਰ ਪਤਵੰਤੇ ਅਤੇ ਰੋਟਰੀ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਚੇਅਰਮੈਨ ਵੇਅਰ ਹਾਊਸਿੰਗ ਕਾਰਪੋਰੇਸ਼ਨ ਰਣਧੀਰ ਸਿੰਘ ਧੀਰਾ ਖੁੱਡੀਆਂ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ

### ਵਪਾਰੀ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ



ਬਠਿੰਡਾ, 8 ਜੂਨ (ਗਗਨਦੀਪ ਸਿੰਘ): ਪੰਜਾਬ ਸਟੇਟ ਕੰਟੇਨਰ ਐਂਡ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਚੇਅਰਮੈਨ ਨਿਯੁਕਤ ਹੋਣ ਬਾਅਦ ਪ੍ਰਮਾਤਮਾ ਦਾ ਸ਼ੁਕਰਾਨਾ ਕਰਨ ਲਈ ਰਣਧੀਰ ਸਿੰਘ ਧੀਰਾ ਖੁੱਡੀਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨੇ ਗੁਰੂ ਘਰ ਵਿਖੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦਾ ਸੰਕਲਪ ਲਿਆ। ਇਸ ਦੌਰਾਨ ਉਨ੍ਹਾਂ ਵਪਾਰੀਆਂ ਨਾਲ ਗੱਲਬਾਤ ਕਰਦਿਆਂ ਪੂਰਨ ਭਰੋਸਾ ਦਿਵਾਇਆ ਕਿ ਵਪਾਰੀ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਇਸ ਅਹਿਮ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਨੇ ਜੋ ਵਿਸ਼ਵਾਸ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ ਤੇ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਇਕ ਇਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਨਜ਼ਰ ਆ ਰਹੇ ਹਨ। ਇਸ ਮੌਕੇ ਹਲਕਾ ਤਲਵੰਡੀ ਸਾਬੋ ਤੋਂ ਵਿਧਾਇਕ ਤੇ ਚੀਫ਼ ਵਿਪ ਕੈਬਿਨੇਟ ਰੈਂਕ ਪ੍ਰੋ: ਬਲਜਿੰਦਰ ਕੌਰ ਦੇ ਪਿਤਾ ਸ. ਦਰਸ਼ਨ ਸਿੰਘ ਜਗਾ ਰਾਮ ਤੀਰਥ ਨੇ ਓਹਨਾਂ ਦਾ ਸਵਾਗਤ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਤਲਵੰਡੀ ਸਾਬੋ ਦੇ ਚੇਅਰਮੈਨ ਟੇਕ ਸਿੰਘ ਬੰਗੀ ਅਤੇ ਹੋਰ ਆਗੂ ਤੇ ਪਾਰਟੀ ਵਰਕਰ ਹਾਜ਼ਰ ਸਨ।

# ਸੰਗਰੂਰ ਪੁਲਿਸ ਵੱਲੋਂ ਇਕ ਭਗੌੜਾ ਅਪਰਾਧੀ ਕਾਬੂ

### 4 ਨਜਾਇਜ ਪਿਸਤੌਲ, 3 ਮੈਗਜੀਨ, 8 ਜਿੰਦਾ ਰੌਂਦ, 1 ਕਾਰ ਬਰਾਮਦ



ਸੰਗਰੂਰ, 8 ਜੂਨ (ਕ੍ਰਿਸ਼ਨ ਚੌਹਾਨ)- ਐਸ.ਐਸ.ਪੀ ਸੰਗਰੂਰ ਡਾ. ਰਵਜੋਤ ਗਰੇਵਾਲ (ਆਈ.ਪੀ.ਐਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਸੁਨਾਮ ਦੇ ਖੇਤਰ ਵਿੱਚੋਂ ਇਕਅਪਰਾਧੀ ਨੂੰ ਕਾਬੂ ਕਰਕੇ ਉਸ ਪਾਸੋਂ 4 ਨਜਾਇਜ ਪਿਸਤੌਲ 32 ਬੋਰ, 3 ਮੈਗਜੀਨ ਅਤੇ 8 ਜਿੰਦਾ ਰੌਂਦ 32 ਬੋਰ ਸਮੇਤ ਕਾਰ ਡਿਜਾਇਰ ਕਾਰ ਨੰਬਰ ਐਚ.ਆਰ-14ਐਮ-4194 ਬ੍ਰਾਮਦ ਕਰਵਾਏ ਗਏ। ਡਾ. ਰਵਜੋਤ ਗਰੇਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੋਸ਼ੀ ਮਨਪ੍ਰੀਤ ਸਿੰਘ ਉਰਫ ਮਨੀ ਵਾਸੀ ਜਗਤਪੁਰਾ ਬਸਤੀ ਸੁਨਾਮ, ਮੁਕੱਦਮਾ ਨੰਬਰ 261 ਮਿਤੀ 08.12.2025 ਅ/ਧ 109, 115(2), 333, 324(4), 351(3), 3(5) 2ਟਛ ਥਾਣਾ ਸਿਟੀ ਸੁਨਾਮ ਵਿੱਚ ਕਰੀਬ 06 ਮਹੀਨੇ ਤੋਂ ਭਗੌੜਾ ਚੱਲਿਆ ਆ ਰਿਹਾ ਸੀ ਅਤੇ ਇਸ ਖਿਲਾਫ ਵੱਖ-ਵੱਖ ਸੰਗੀਨ ਜੁਰਮਾਂ ਤਹਿਤ ਕਰੀਬ 10 ਮੁਕੱਦਮੇ ਦਰਜ ਰਜਿਸਟਰ ਹਨ। ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦਵਿੰਦਰ ਅੱਤਰੀ ਦੀ ਯੋਗ ਅਗਵਾਈ ਹੇਠ ਉਪ ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਹਰਸਿਮਰਨ ਸਿੰਘ ਦੀ ਨਿਗਰਾਨੀ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਸੰਗਰੂਰ ਦੀ ਟੀਮ ਨੇ ਮਿਤੀ 05.06.2026 ਨੂੰ ਮੁਖਬਰ ਖਾਸ ਦੀ ਇਤਲਾਹ 'ਤੇ ਮਨਪ੍ਰੀਤ ਸਿੰਘ ਉਰਫ ਮਨੀ ਉਕਤ ਨੂੰ ਕਾਬੂ ਕਰਕੇ ਉਸ ਪਾਸੋਂ 4 ਨਜਾਇਜ ਪਿਸਤੌਲ 32 ਬੋਰ, 3 ਮੈਗਜੀਨ ਅਤੇ 8 ਜਿੰਦਾ ਰੌਂਦ 32 ਬੋਰ ਸਮੇਤ ਕਾਰ ਡਿਜਾਇਰ ਕਾਰ ਨੰਬਰ ਐਚ.ਆਰ-14ਐਮ-4194 ਬਰਾਮਦ ਕਰਵਾਏ ਗਏ। ਦੋਸ਼ੀ ਦੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਉਸਨੇ ਇਸ ਅਸਲੇ ਨਾਲ ਲਖਵਿੰਦਰ ਸਿੰਘ ਉਰਫ ਲੱਖੀ ਉਰਫ ਪੱਥਰ ਵਾਸੀ ਪਰਮਾਨੰਦ ਬਸਤੀ ਸੁਨਾਮ ਦਾ ਕਤਲ ਕਰਨਾ ਸੀ, ਇਸ ਤਰਾਂ ਦੋਸ਼ੀ ਮਨਪ੍ਰੀਤ ਸਿੰਘ ਉਰਫ ਮਨੀ ਨੂੰ ਗ੍ਰਿਫਤਾਰ ਕਰਕੇ ਅਣਸੁਖਾਂਵੀ ਘਟਨਾ ਵਾਪਰਨ ਤੋਂ ਰੋਕਿਆ ਗਿਆ ਹੈ। ਦੋਸ਼ੀ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾਵੇਗੀ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਅਪ੍ਰੇਂਟਸਿਪ ਲਾਈਨਮੈਨਾਂ ਉੱਤੇ ਹੋਏ ਲਾਠੀਚਾਰਜ ਦੀ ਕੀਤੀ ਤਿੱਖੀ ਨਿੰਦਾ, ਫੂਕੀ ਅਰਥੀ



ਜੋਗਾ 8 ਜੂਨ (ਗੋਪਾਲ ਅਕਲੀਆ) ਵੰਡ ਉਪ ਮੰਡਲ ਸਬ ਡਿਵੀਜ਼ਨ ਪੀ.ਐਸ.ਪੀ.ਸੀ.ਐਲ ਜੋਗਾ ਵਿਖੇ ਬਿਜਲੀ ਬੋਰਡ ਹੁਣ ਪਾਵਰਕਾਮ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਅਪਰੇਂਟਸਿਪ ਲਾਈਨਮਾਈਨਾਂ ਵੱਲੋਂ ਆਪਣੀਆਂ ਰੋਜ਼ਗਾਰ ਲੈਣ ਬਾਰੇ ਸੰਵਿਧਾਨਕ ਮੰਗ ਨੂੰ ਲੈ ਕੇ ਪੀਐਸਪੀਸੀਐਲ ਦੇ ਮੁੱਖ ਦਫਤਰ ਪਟਿਆਲਾ ਵਿਖੇ ਕੀਤੇ ਜਾ ਰਹੇ ਸ਼ਾਂਤਮਈ ਧਰਨੇ ਦੌਰਾਨ ਬੇਰੋਜ਼ਗਾਰ ਅਪਰੇਂਟਸਿਪਸ ਲਾਈਨਮੈਨਾ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਅੰਨੇਵਾਹ ਲਾਠੀਚਾਰਜ ਦੀ ਤਿੱਖੀ ਨਿੰਦਾ ਕੀਤੀ ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਪ੍ਰਧਾਨ ਸੁਖਵਿੰਦਰ ਸਿੰਘ ਕੋਟੜ ਨੇ ਸੰਬੋਧਨ ਦੌਰਾਨ ਕਿਹਾ ਕਿ ਜੇਕਰ ਅਪਰੇਂਟਸਿਪ ਲਾਈਨਮੈਨ ਸਾਥੀਆਂ ਨਾਲ ਪਹਿਲਾਂ ਬਣੀ ਸਹਿਮਤੀ ਅਨੁਸਾਰ ਗੱਲਬਾਤ ਕਰਕੇ ਮਸਲੇ ਦਾ ਠੋਸ ਹੱਲ ਨਾ ਕੀਤਾ ਗਿਆ ਤਾਂ ਸਮੂਹ ਜਥੇਬੰਦੀਆਂ ਵੱਲੋਂ ਭਰਾਤਰੀ ਜਥੇਬੰਦੀ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਸਰਕਾਰ ਬਣਨ ਤੋਂ ਪਹਿਲਾਂ ਵੋਟਾਂ ਲੈਣ ਵੇਲੇ ਜੋ ਮਾਨ ਸਰਕਾਰ ਨੇ ਮੁਲਾਜ਼ਮਾਂ ਨਾਲ ਵਾਅਦੇ ਕੀਤੇ ਸਨ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ। ਜਿਸ ਵਿੱਚ ਮੁੱਖ ਤੌਰ ਤੇ ਡੀਏ ਦਾ ਬਕਾਇਆ ਦੇਣਾ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨੀ ਅਤੇ ਹੋਰ ਵਾਅਦੇ ਸਨ ਜੋ ਅਜੇ ਤੱਕ ਪੂਰੇ ਨਹੀਂ ਕੀਤੇ ਗਏ ਹਨ। ਜਿੱਥੇ ਲੋਕ ਮਹਿੰਗਾਈ ਦੀ ਮਾਰ ਅਤੇ ਵੱਧ ਰਹੀਆਂ ਤੇਲ ਕੀਮਤਾਂ ਤੋਂ ਪਰੇਸ਼ਾਨ ਹਨ। ਉੱਥੇ ਉਨ੍ਹਾਂ ਲੋਕ ਮੁੱਦਿਆਂ ਵੱਲ ਧਿਆਨ ਨਾ ਦੇ ਕੇ ਕੰਮ ਮੰਗ ਰਹੇ ਬੇਰੋਜ਼ਗਾਰਾਂ ਨੂੰ ਲਾਠੀਆਂ ਮਾਰੀਆਂ ਜਾ ਰਹੀਆਂ ਹਨ। ਜੇਕਰ ਸਰਕਾਰ ਇਸੇ ਤਰ੍ਹਾਂ ਆਪਣੇ ਵਾਅਦਿਆਂ ਤੋਂ ਭੱਜਦੀ ਰਹੀ ਅਤੇ ਬੇਰੁਜ਼ਗਾਰਾਂ ਤੇ ਤਸ਼ੱਦਦ ਕਰਦੀ ਰਹੀ ਤਾਂ 2027 ਵਿੱਚ ਆਉਣ ਵਾਲੀਆਂ ਵੋਟਾਂ ਵਿੱਚ ਨਤੀਜੇ ਭੁਗਤਣ ਲਈ ਤਿਆਰ ਰਹੇ। ਅੱਜ ਦੇ ਇਸ ਅਰਥੀ ਫੂਕ ਮੁਜਾਰੇ ਵਿੱਚ ਸਬ ਡਿਵੀਜ਼ਨ ਪ੍ਰਧਾਨ ਸੁਖਵਿੰਦਰ ਸਿੰਘ ਕੋਟੜਾ, ਬਲਵੀਰ ਸਿੰਘ ਜੋਗਾ, ਭੁਪਿੰਦਰ ਸਿੰਘ, ਇੰਜਨੀਅਰ ਸੁਖਵਿੰਦਰ ਸਿੰਘ ਜੇਈ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਗੁਰਸੇਵਕ ਸਿੰਘ, ਪਰਗਟ ਸਿੰਘ ਗਾਗੋਵਾਲ ਅਤੇ ਕ੍ਰਿਸ਼ਨ ਮਾਨਬੀਬੜੀਆਂ ਹਾਜ਼ਰ ਸਨ।

# ਸਹਾਇਕ ਲਾਈਨਮੈਨ ਅਤੇ ਆਪਰੇਟਰਸ਼ਿਪ ਮੁਲਾਜ਼ਮਾਂ 'ਤੇ ਲਾਠੀਚਾਰਜ ਦੀ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸਖ਼ਤ ਨਿੰਦਾ

### ਡੀਐਸਪੀ ਸੰਜੀਵ ਸਿੰਗਲਾ ਸਮੇਤ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਪਰਚਾ ਦਰਜ ਕਰਨ ਦੀ ਮੰਗ, ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਵੇਗਾ ਹੋਰ ਤਿੱਖਾ



ਮੂਣਕ, 8 ਜੂਨ (ਗੁਰਮੇਲ ਸਿੰਘ ਸੰਗਤਪੁਰਾ) ; ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਸਹਾਇਕ ਲਾਈਨਮੈਨ ਅਤੇ ਆਪਰੇਟਰਸ਼ਿਪ ਯੂਨੀਅਨ ਦੇ ਸੰਘਰਸ਼ ਕਰ ਰਹੇ ਮੁਲਾਜ਼ਮਾਂ ਉੱਤੇ ਹੋਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਯੂਨੀਅਨ ਨੇ ਕਿਹਾ ਕਿ ਆਪਣੇ ਹੱਕਾਂ ਅਤੇ ਜਾਇਜ਼ ਮੰਗਾਂ ਲਈ ਲੋਕਤੰਤਰੀ ਢੰਗ ਨਾਲ ਸੰਘਰਸ਼ ਕਰ ਰਹੇ ਮੁਲਾਜ਼ਮਾਂ ਉੱਤੇ ਕੀਤਾ ਗਿਆ ਬਲ ਪ੍ਰਯੋਗ ਗੈਰ-ਜ਼ਰੂਰੀ ਅਤੇ ਨਿੰਦਣਯੋਗ ਹੈ। ਯੂਨੀਅਨ ਨੇ ਮੰਗ ਕੀਤੀ ਕਿ ਇਸ ਘਟਨਾ ਲਈ ਜ਼ਿੰਮੇਵਾਰ ਡੀਐਸਪੀ ਸੰਜੀਵ ਸਿੰਗਲਾ ਸਮੇਤ ਲਾਠੀਚਾਰਜ ਵਿੱਚ ਸ਼ਾਮਲ ਅਧਿਕਾਰੀਆਂ ਅਤੇ ਕਰਮਚਾਰੀਆਂ ਖ਼ਿਲਾਫ਼ ਸਖ਼ਤ ਧਾਰਾਵਾਂ ਤਹਿਤ ਪਰਚਾ ਦਰਜ ਕਰਕੇ ਨਿਰਪੱਖ ਜਾਂਚ ਕਰਵਾਈ ਜਾਵੇ। ਪ੍ਰੈੱਸ ਬਿਆਨ ਜਾਰੀ ਕਰਦਿਆਂ ਯੂਨੀਅਨ ਆਗੂਆਂ ਨੇ ਕਿਹਾ ਕਿ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਸੰਘਰਸ਼ ਕਰ ਰਹੇ ਸਮੂਹ ਮੁਲਾਜ਼ਮਾਂ ਨਾਲ ਪੂਰੀ ਏਕਤਾ ਦਾ ਪ੍ਰਗਟਾਵਾ ਕਰਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕੱਲ੍ਹ ਹੋਣ ਵਾਲੀ ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਅਤੇ ਦੋਸ਼ੀਆਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਹੜਤਾਲ ਜਾਰੀ ਰਹੇਗੀ ਅਤੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁਲਾਜ਼ਮ ਵਰਗ ਦੀ ਆਵਾਜ਼ ਨੂੰ ਦਬਾਉਣ ਦੀ ਹਰ ਕੋਸ਼ਿਸ਼ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ਅਤੇ ਆਪਣੇ ਹੱਕਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਦੌਰਾਨ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਸੰਗਰੂਰ ਦੇ ਧਰਨੇ ਵਿੱਚ ਪਹੁੰਚੇ ਜਸਵੰਤ ਸਿੰਘ ਚਾਹੜ, ਮਦਨ ਸਿੰਘ ਸਹੀਲਾ, ਕੇਵਲ ਸਿੰਘ ਜਵੰਦਾ, ਬਲਾਕ ਪ੍ਰਧਾਨ ਗੁਰਦੇਵ ਸਿੰਘ, ਉਦਮ ਸਿੰਘ ਸੰਤੋਖਪੁਰਾ, ਕਰਮਜੀਤ ਸਿੰਘ ਰਣ ਸਿੰਘ ਚੱਠਾ, ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸਰਬਜੀਤ ਸਿੰਘ ਅਤੇ ਸੀਟੀਯੂ ਪ੍ਰਧਾਨ ਸੰਗਰੂਰ ਨੇ ਯੂਨੀਅਨ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਉਹ ਹਰ ਸਮੇਂ ਮੁਲਾਜ਼ਮਾਂ ਦੇ ਸੰਘਰਸ਼ ਵਿੱਚ ਨਾਲ ਖੜ੍ਹੇ ਰਹਿਣਗੇ। ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਇਸ ਮੌਕੇ ਸਾਰੀਆਂ ਜਥੇਬੰਦੀਆਂ, ਕਿਸਾਨ ਯੂਨੀਅਨਾਂ, ਲੋਕ ਪੱਖੀ ਸੰਸਥਾਵਾਂ ਅਤੇ ਮਜ਼ਦੂਰ ਏਕਤਾ ਜਥੇਬੰਦੀਆਂ ਦਾ ਸਹਿਯੋਗ ਦੇਣ ਲਈ ਤਹਿ ਦਿਲੋਂ ਧੰਨਵਾਦ ਵੀ ਕੀਤਾ।




# ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਮੂਣਕ ਤੋਂ ਸੈਂਕੜੇ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ

### ਕਬੀਰ ਦਾਸ ਮੰਦਰ ਕਮੇਟੀ ਦੀ ਅਗਵਾਈ ਹੇਠ ਸਮੁੱਚੀ ਕਲੋਨੀ ਨੇ ਫੜਿਆ 'ਆਪ' ਦਾ ਪੱਲਾ, ਮੰਤਰੀ ਗੋਇਲ ਨੇ ਕੀਤਾ ਸਨਮਾਨਿਤ



ਮੂਣਕ, 8 ਜੂਨ (ਗੁਰਮੇਲ ਸਿੰਘ ਸੰਗਤਪੁਰਾ) ; ਲਹਿਰਾਗਾਗਾ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਹੁੰਗਾਰਾ ਮਿਲਿਆ ਜਦੋਂ ਕਬੀਰ ਦਾਸ ਮੰਦਰ ਕਮੇਟੀ ਮੂਣਕ ਦੇ ਪ੍ਰਧਾਨ ਸੰਜੇ ਕਬੀਰ ਦੀ ਅਗਵਾਈ ਹੇਠ ਸੈਂਕੜੇ ਪਰਿਵਾਰਾਂ ਅਤੇ ਸਮੁੱਚੀ ਕਲੋਨੀ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਅਤੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਇਹ ਫੈਸਲਾ ਲੈ ਰਹੇ ਹਨ। ਇਸ ਸਬੰਧੀ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਅਤੇ ਉਨ੍ਹਾਂ ਦੇ ਬੇਟੇ ਗੌਰਵ ਗੋਇਲ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਕੀਤਾ। ਮੰਤਰੀ ਗੋਇਲ ਨੇ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਹਰ ਛੋਟੇ-ਵੱਡੇ ਵਰਕਰ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ। ਸੰਬੋਧਨ ਕਰਦਿਆਂ ਮੰਤਰੀ ਗੋਇਲ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਪਸੰਦ ਕਰ ਰਹੇ ਹਨ, ਜਿਸ ਕਾਰਨ ਵੱਖ-ਵੱਖ ਰਾਜਨੀਤਿਕ ਪਾਰਟੀਆਂ ਨਾਲ ਜੁੜੇ ਲੋਕ ਲਗਾਤਾਰ 'ਆਪ' ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ, ਤਰੱਕੀ ਅਤੇ ਅਮਨ-ਸ਼ਾਂਤੀ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮ ਇਤਿਹਾਸਕ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਨੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ, 60 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ, 600 ਯੂਨਿਟ ਤੱਕ ਮੁਫ਼ਤ ਬਿਜਲੀ ਮੁਹੱਈਆ ਕਰਵਾਉਣ ਅਤੇ ਸਿੱਖਿਆ ਤੇ ਸਿਹਤ ਖੇਤਰ ਵਿੱਚ ਵੱਡੇ ਸੁਧਾਰ ਕਰਨ ਵਰਗੇ ਮਹੱਤਵਪੂਰਨ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਉਪਰਾਲੇ ਇਤਿਹਾਸ ਦੇ ਸੁਨਹਿਰੇ ਪੰਨਿਆਂ ਵਿੱਚ ਦਰਜ ਹੋਣਗੇ। ਮੰਤਰੀ ਗੋਇਲ ਨੇ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਨ੍ਹਾਂ ਕੋਲ ਸਰਕਾਰ ਦੀ ਆਲੋਚਨਾ ਤੋਂ ਇਲਾਵਾ ਕੋਈ ਠੋਸ ਏਜੰਡਾ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਮੁੜ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਸੱਤਾ ਵਿੱਚ ਲਿਆਉਣਗੇ। ਉਨ੍ਹਾਂ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਬੂਥ ਪੱਧਰ 'ਤੇ ਸੰਗਠਨ ਮਜ਼ਬੂਤ ਕਰਨ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਟਕਸਾਲੀ ਕਾਂਗਰਸੀ ਆਗੂ ਦੇਬਾ ਸਿੰਘ, ਕਬੀਰ ਦਾਸ ਮੰਦਰ ਕਮੇਟੀ ਦੇ ਪ੍ਰਧਾਨ ਸੰਜੇ ਕਬੀਰ, ਕ੍ਰਿਸ਼ਨ ਸਿੰਘ, ਦਰਬਾਰਾ ਸਿੰਘ, ਕੁਲਦੀਪ ਸਿੰਘ, ਬਲਵੰਤ ਸਿੰਘ, ਸੋਨੀ, ਬੇਬੋ ਕੌਰ ਅਤੇ ਹੋਰ ਪਾਰਟੀ ਆਗੂ ਤੇ ਵਲੰਟੀਅਰ ਹਾਜ਼ਰ ਸਨ।

# ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਵਿੱਚ ਗੈਸਟ ਲੈਕਚਰ ਦਾ ਆਯੋਜਨ



ਮੋਗਾ, 8 ਜੂਨ (ਲਛਮਣ ਜੀਤ ਸਿੰਘ ਪੁਰਬਾ): ਸੂਬੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਆਈ.ਐਸ.ਐਫ. ਕਾਲਜ ਆਫ ਫਾਰਮੇਸੀ ਦੇ ਡਿਪਾਰਟਮੈਂਟ ਆਫ ਫਾਰਮਾਕੋਲੋਜੀ ਵਿੱਚ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਡਾ. ਸ਼ਮਸ਼ੇਰ ਸਿੰਘ ਡੀਨ ਆਰ.ਐਨ.ਡੀ. ਅਤੇ ਹੈੱਡ ਫਾਰਮਾਕੋਲੋਜੀ ਨੇ ਦੱਸਿਆ ਕਿ ਡਾ. ਪਵਨ ਕ੍ਰਿਸ਼ਨ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਮ. ਫਾਰਮ ਦੇ ਵਿਦਿਆਰਥੀਆਂ ਨੂੰ ਰਿਸਰਚ ਦੇ ਗੁਣ ਸਿਖਾਏ ਗਏ। ਡਾ. ਪਵਨ ਕ੍ਰਿਸ਼ਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਰਟੀਫਿਸ਼ਲ ਇੰਟੈਲੀਜੈਂਸ ਦੇ ਯੁੱਗ ਵਿੱਚ ਅਸਲ ਰਿਸਰਚ ਨੂੰ ਸਹੀ ਦਿਸ਼ਾ ਅਤੇ ਪੂਰੀ ਨੈਤਿਕਤਾ ਨਾਲ ਕਰਨ ਲਈ ਤਕਨੀਕੀ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਟੈਕਨਾਲੋਜੀ ਬਹੁਤ ਤੇਜ਼ੀ ਨਾਲ ਵਿਕਸਤ ਹੋ ਰਹੀ ਹੈ, ਇਸ ਲਈ ਤਰਕਸੰਗਤ ਕੰਮ ਹੀ ਕੀਤਾ ਜਾਣਾ ਚਾਹੀਦਾ ਹੈ ਅਤੇ ਹਰ ਕੰਮ ਸਮਾਜ ਲਈ ਲਾਭਦਾਇਕ ਹੋਣ ਦੇ ਨਾਲ-ਨਾਲ ਵਾਤਾਵਰਣ ਨੂੰ ਬਿਨਾਂ ਪ੍ਰਭਾਵਿਤ ਕੀਤੇ ਕੀਤਾ ਜਾਣਾ ਚਾਹੀਦਾ ਹੈ। ਇਸ ਗੈਸਟ ਲੈਕਚਰ ਦੇ ਅੰਤ ਵਿੱਚ ਸਭ ਦਾ ਧੰਨਵਾਦ ਡਾ. ਸਿੱਧਾਰਥ ਮਹੇਨ ਕੋਆਰਡੀਨੇਟਰ ਆਈ.ਕਿਊ.ਏ.ਸੀ. ਵੱਲੋਂ ਕੀਤਾ ਗਿਆ। ਇਸ ਮੌਕੇ ਲਵ ਗੋਯਲ, ਰੋਮਨਪ੍ਰੀਤ, ਸਾਨੀਆ ਗਰੋਵਰ, ਅਰੁਣ ਕੁਮਾਰ, ਕਰਿਸ਼ਮਾ ਅਗਰਵਾਲ ਅਤੇ ਐਮ. ਫਾਰਮ ਫਾਈਨਲ ਵਰ੍ਹੇ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਗੈਸਟ ਲੈਕਚਰ ਦੇ ਸਫਲ ਆਯੋਜਨ 'ਤੇ ਸੰਸਥਾ ਦੇ ਚੇਅਰਮੈਨ ਪ੍ਰਵੀਣ ਗਰਗ, ਸਕੱਤਰ ਇੰਜੀ. ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ.ਡੀ. ਗੁਪਤਾ ਅਤੇ ਆਈ.ਐਸ.ਐਫ.ਸੀ.ਪੀ.ਆਰ. ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ ਨੇ ਸ਼ੁਭਕਾਮਨਾਵਾਂ ਦਿੱਤੀਆਂ।

## ਜਨ ਜਾਗਰਣ

# ਪਹਾੜਾਂ ਦੀ ਸੈਰ

ਗਰਮੀ ਦਾ ਮੌਸਮ ਤੇ ਪਹਾੜਾਂ ਤੇ ਰੌਣਕਾਂ ਸ਼ੁਰੂ ਹੋ ਜਾਂਦੀਆ ਤੇ ਖਾਸਕਰ ਪਹਾੜੀ ਇਲਾਕੇ ਦੇ ਨਾਲ ਲੱਗਦੇ ਪੰਜਾਬ, ਹਰਿਆਣਾ ਅਤੇ ਦਿੱਲੀ ਵਿਚ ਗਰਮੀ ਦੀਆਂ ਛੁੱਟੀਆਂ ਹੋਣ ਤਾਂ ਸਕੂਲੀ ਬੱਚਿਆਂ ਨਾਲ ਮਾਪੇ ਪਹਾੜਾਂ ਵੱਲ ਰੁਖ ਕਰ ਲੈਂਦੇ ਹਨ। ਇਸ ਵਾਰ ਵੀ ਗਰਮੀ ਦੀਆਂ ਛੁੱਟੀਆਂ ਵਿਚ ਹਿਮਾਚਲ ਵਿਚ ਵੱਡੀ ਤਾਦਾਦ ਵਿਚ ਸੈਲਾਨੀ ਪਹੁੰਚ ਰਹੇ ਹਨ। ਹਲਾਕਿ ਛੁੱਟੀਆਂ ਦਾ ਪਹਿਲਾ ਹਫ਼ਤਾ ਹੀ ਹੈ ਪਰ ਪਹਾੜਾਂ ਤੇ ਲੱਗੀਆਂ ਗੱਡੀਆਂ ਦੀਆਂ ਲੰਮੀਆਂ ਕਤਾਰਾਂ, ਟਰੈਫਿਕ ਜਾਮ ਅਤੇ ਹੋਟਲਾਂ ਵਿਚ ਬੁਕਿੰਗ ਇਹ ਦਰਸਾਉਂਦੀ ਹੈ ਕਿ ਗਰਮੀ ਤੋਂ ਬਚਣ ਲਈ ਹੁਣ ਮੈਦਾਨੀ ਇਲਾਕਿਆਂ ਦੇ ਲੋਕਾਂ ਨੇ ਪਹਾੜਾਂ ਵੱਲ ਚਾਲੇ ਪਾ ਦਿੱਤੇ ਹਨ। ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ, ਮੰਡੀ, ਧਰਮਸ਼ਾਲਾ, ਮਕਲੋਡਗੰਜ, ਲਾਹੌਲ, ਕਸੌਲੀ ਵਿਖੇ ਵਾਹਨਾਂ ਦੀਆਂ ਕਤਾਰਾਂ ਆ ਰਹੀਆ ਹਨ ਜਿੰਨ੍ਹਾਂ ਵਿਚ ਸੈਲਾਨੀ ਸਵਾਰ ਹਨ। ਜੇਕਰ ਹਿਮਾਚਲ ਪ੍ਰਦੇਸ਼ ਦੀ ਗੱਲ ਕੀਤੀ ਜਾਵੇ ਤਾਂ ਇੱਥੇ ਪਹਾੜੀ ਖੇਤਰ ਕਾਰਨ ਜਿਆਦਾਤਰ ਟੂਰਿਸਟ ਥਾਵਾਂ ਹਨ ਅਤੇ ਗਰਮੀ ਦੀਆਂ ਛੁੱਟੀਆਂ ਵਿਚ ਇਥੋਂ ਦੇ ਲੋਕਾਂ ਦਾ ਕਾਰੋਬਾਰ ਸੈਲਾਨੀਆਂ ਤੇ ਨਿਰਭਰ ਕਰਦਾ ਹੈ।ਵੱਡੇ ਵੱਡੇ ਹੋਟਲ ਅਤੇ ਸ਼ਹਿਰਾਂ ਵਿਚ ਬਣੀਆ ਮਾਰਕਿਟਾਂ ਜਿਆਦਾਤਰ ਸੈਲਾਨੀਆਂ ਦੀ ਆਮਦ ਦੀ ਉਡੀਕ ਕਰਦੀਆਂ ਹਨ। ਇਸ ਵਾਰ ਵੀ ਗਰਮੀ ਦੀਆਂ ਛੁੱਟੀਆਂ ਵਿਚ ਸੈਲਾਨੀ ਹਿਮਾਚਲ ਪ੍ਰਦੇਸ਼ ਦੇ ਇਹਨਾਂ ਸਥਾਨਾਂ ਤੇ ਵੱਡੀ ਗਿਣਤੀ ਵਿਚ ਪਹੁੰਚ ਰਹੇ ਹਨ, ਹੋਟਲਾਂ ਦੀ ਬੁਕਿੰਗ 80 ਤੋਂ 90 ਪ੍ਰਤੀਸ਼ਤ ਤੱਕ ਹੋ ਗਈ ਹੈ। ਅੰਕੜਿਆਂ ਤੇ ਨਜ਼ਰ ਮਾਰੀਏ ਤਾਂ ਅੱਟਲ ਟਨਲ ਤੇ ਲੱਗਿਆ ਟਰੈਫਿਕ ਜਾਮ ਦੱਸ ਰਿਹਾ ਹੈ ਕਿ ਵੱਡੀ ਗਿਣਤੀ ਵਿਚ ਸੈਲਾਨੀ ਆ ਰਹੇ ਹਨ। 31 ਮਈ ਤੋਂ 6 ਜੂਨ ਤੱਕ ਕਰੀਬ 3 ਲੱਖ ਵਾਹਨ ਹਿਮਾਚਲ ਪ੍ਰਦੇਸ਼ ਵਿਚ ਪ੍ਰਵੇਸ਼ ਕਰ ਚੁੱਕੇ ਹਨ। ਵਾਹਨਾਂ ਦੀ ਗਿਣਤੀ ਤੋਂ ਸੈਲਾਨੀਆਂ ਦੀ ਗਿਣਤੀ ਦਾ ਅੰਦਾਜਾ ਸਹਿਜੇ ਲੱਗ ਸਕਦਾ ਹੈ। ਸਭ ਕੁਝ ਸੁਖਦ ਰਹੇ ਅਤੇ ਸੈਲਾਨੀਆਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ, ਵੱਡੇ ਟਰੈਫਿਕ ਜਾਮ ਨਾ ਲੱਗਣ ਇਸ ਲਈ ਸਰਕਾਰ ਵੱਲੋਂ ਪਹਿਲਾ ਤੋਂ ਪ੍ਰਬੰਧ ਕੀਤੇ ਜਾ ਚੁੱਕੇ ਹਨ। ਗਰਮੀ ਦਾ ਇਹ ਸੀਜਨ ਇਸ ਵਾਰ ਹਿਮਾਚਲ ਦੇ ਉਹਨਾਂ ਕਾਰੋਬਾਰੀਆਂ ਲਈ ਸੁਖਦ ਰਹੇ ਜੋ ਲੰਮਾ ਸਮਾਂ ਇਸ ਸੀਜਨ ਦੀ ਉਡੀਕ ਕਰਦੇ ਹਨ, ਇਹ ਦੁਆ ਹਰ ਉਹ ਹਿਮਾਚਲ ਵਾਸੀ ਕਰਦਾ ਹੈ ਕਿ ਜੋ ਮਿਹਨਤ ਵਿਚ ਵਿਸਵਾਸ ਰੱਖਦਾ ਹੈ ਕਿ ਇਸ ਵਾਰ ਮੌਸਮ ਵੀ ਇਸ ਸੀਜਨ ਦੌਰਾਨ ਸਾਥ ਦੇਵੇ। ਸ਼ੁਰੂਆਤ ਦੀ ਗੱਲ ਕਰੀਏ ਤਾਂ ਬੀਤੇ ਸੀਜਨ ਦੇ ਅਖੀਰ ਦੌਰਾਨ ਅਤੇ ਇਸ ਸੀਜਨ ਦੀ ਸ਼ੁਰੂਆਤ ਤੇ ਹਿਮਾਚਲ ਵਾਸੀਆਂ ਅਤੇ ਪੰਜਾਬ ਦੇ ਨੌਜਵਾਨਾਂ ਦੀ ਹੋਈ ਹੱਥੋਪਾਈ ਦੌਰਾਨ ਬਹੁਤ ਸਾਰੇ ਗਲਤ ਸੁਨੇਹੇ ਪਹੁੰਚੇ। ਸੋਸਲ ਮੀਡੀਆ ਤੇ ਬਹੁਤ ਕੁਝ ਅਜਿਹਾ ਵੀ ਵਾਇਰਲ ਹੋਇਆ ਜ਼ੋ ਵਾਪਰਿਆ ਹੀ ਨਹੀਂ। ਦਰਅਸਲ ਕੁਝ ਕੁ ਸ਼ਰਾਰਤੀ ਅਨਸਰ ਦੇਸ਼ ਦੇ ਹਰ ਕੋਨੇ ਵਿਚ ਮਿਲ ਜਾਣਗੇ, ਇਹਨਾਂ ਅਨਸਰਾਂ ਕਰਕੇ ਪੂਰੀ ਇੱਕ ਕੌਮ, ਪੂਰੇ ਇੱਕ ਸੂਬੇ ਨੂੰ ਗਲਤ ਠਹਿਰਾਉਣਾ ਜਾਇਜ ਨਹੀਂ। ਹਿਮਾਚਲ ਵਿਚ ਛੁੱਟੀਆਂ ਮਨਾਉਣ ਜਾਂਦੇ ਪੰਜਾਬ ਅਤੇ ਹਰਿਆਣਾ ਵਾਸੀਆਂ ਦੀ ਵੱਡੀ ਗਿਣਤੀ ਹੈ ਅਤੇ ਇਸ ਦੌਰਾਨ ਜੇਕਰ ਹਿਮਾਚਲ ਦੇ ਕਿਸੇ ਗਲਤ ਅਨਸਰ ਵੱਲੋਂ ਕੁਝ ਗਲਤ ਹੁੰਦਾ ਤਾਂ ਇਸ ਲਈ ਪੂਰੀ ਇੱਕ ਕੌਮ ਨੂੰ ਗਲਤ ਨਹੀਂ ਆਖਿਆ ਜਾ ਸਕਦਾ। ਸੈਲਾਨੀਆਂ ਤੇ ਨਿਰਭਰ ਹਿਮਾਚਲ ਦੇ ਵੱਡੀ ਗਿਣਤੀ ਵਿਚ ਕਾਰੋਬਾਰੀ ਇਹ ਗੱਲ ਮੰਨਦੇ ਹਨ ਕਿ ਜੇਕਰ ਕੋਈ ਗਲਤ ਸੁਨੇਹਾ ਜਾਂਦਾ ਹੈ ਤਾਂ ਉਹਨਾਂ ਦਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ। ਇਸ ਲਈ ਮਿਹਨਤ ਦੀ ਰੋਜੀ ਰੋਟੀ ਖਾਣ ਵਾਲੇ ਲੋਕ ਕਦੇ ਵੀ ਕਿਸੇ ਫਿਰਕਾਪ੍ਰਸਤੀ ਜਾਂ ਗਲਤ ਅਨਸਰ ਨੂੰ ਸ਼ਹਿ ਨਹੀਂ ਦਿੰਦੇ। ਦੇਸ਼ ਵਿਚ ਘੁੰਮਣ ਫਿਰਨ ਲਈ ਬਹੁਤ ਥਾਵਾਂ ਹਨ, ਹਰ ਇੱਕ ਸੂਬੇ ਦੀ ਆਪਣੀ ਖੂਬਸੂਰਤੀ ਹੈ ਅਤੇ ਭਾਰਤ ਵਿਚ ਬਹੁਤ ਸਾਰੇ ਹਿਮਾਚਲ ਵਰਗੇ ਸੂਬੇ ਜੋ ਸੈਲਾਨੀਆਂ ਤੇ ਵੱਡੀ ਗਿਣਤੀ ਵਿਚ ਨਿਰਭਰ ਹਨ ਦੀਆਂ ਸਰਕਾਰਾਂ ਵੀ ਇਹ ਗੱਲ ਭਲੀਭਾਂਤ ਜਾਣਦੀਆਂ ਹਨ ਕਿ ਜੇਕਰ ਕੁਝ ਕੁ ਲੋਕਾਂ ਦੀ ਗਲਤੀ ਕਾਰਨ ਉਹਨਾਂ ਦਾ ਸੈਲਾਨੀ ਪ੍ਰਭਾਵਿਤ ਹੁੰਦਾ ਹੈ ਤਾਂ ਇਹ ਗਲਤ ਸੁਨੇਹਾ ਪੂਰੇ ਦੇਸ਼ ਵਿਚ ਜਾਵੇਗਾ ਅਤੇ ਫਿਰ ਲੋਕ ਇੱਕ ਦੀ ਜਗ੍ਹਾ ਦੂਸਰੀ ਜਗ੍ਹਾਂ ਨੂੰ ਪਹਿਲ ਦੇਣ ਲੱਗਣਗੇ। ਗਰਮੀਆਂ ਦੀਆਂ ਛੁੱਟੀਆਂ ਵਿਚ ਲੋਕ ਇਕ ਸਕੂਨ ਅਤੇ ਸ਼ਾਂਤੀ ਲਈ ਹੀ ਖੂਬਸੂਰਤ ਸਥਾਨਾਂ ਵੱਲ ਜਾਂਦੇ ਹਨ, ਹਰ ਇੱਕ ਦੀ ਆਪਣੀ ਪਸੰਦ ਹੈ। ਪਰ ਜਿੱਥੇ ਉਸ ਜਗ੍ਹਾ ਦੇ ਵਾਸੀਆਂ ਨੂੰ ਆਪਣੇ ਸੈਲਾਨੀਆਂ ਦਾ ਖੁੱਲੇ ਦਿਲ ਨਾਲ ਸਵਾਗਤ ਕਰਨਾ ਚਾਹੀਦਾ ਹੈ, ਉਥੇ ਸਕੂਨ, ਸ਼ਾਂਤੀ ਲਈ ਘੁੰਮਣ ਗਏ ਸੈਲਾਨੀਆਂ ਨੂੰ ਵੀ ਉਸ ਜਗ੍ਹਾ ਦੇ ਨਿਯਮਾਂ ਦੀ ਪਾਲਣਾ ਕਰਨੀ ਜ਼ਰੂਰੀ ਬਣਦੀ ਹੈ।

-ਕੁਲਦੀਪ ਸਿੰਘ ਰਿਣੀ

Group Editor - Gobind Singh Muktsari
Editor - Deepika Sharma, Printer and Publisher Ravi Bhardwaj for M/s RR Multimedia Private Limited, Printed from Marutinandan Printers and Publishers, Shakti Complex, 6/18, Samaypur Industrial Area, Delhi-110042, Published from Action Balaji House, B-244, Majlis Park, Lane-3, Delhi-110033.
(RNI No- DELPUN/2015/65303)

**Chandigarh Head Office -** Jan Jagran Office, First Floor, Baba Sohan Singh Bhakna Bhawan, Sec - 29D, Chandigarh

**Punjab Offices -**

**Jalandhar Office :-**
Monica Tower, 7/2, 3rd Floor, Pacca Bagh, Milap Chowk, Jalandhar, Punjab
**Patiala office :-** 667, Urban Estate, Phase - 1, Patiala, Punjab-147002
**Mansa Office :-** Court Road, Mansa, Punjab Patiala
**Delhi Office -** Shakti Complex, 6/18, Samaypur Industrial Area, Delhi-110042

# ਪਰਮਾਣੂ ਦੌੜ: ਸਭ ਦੀ ਸੁਰੱਖਿਆ ਜਾਂ ਸਭ ਦੀ ਤਬਾਹੀ?




**ਅਰੁਣ ਮਿੱਤਰਾ**

ਸੰਯੁਕਤ ਰਾਸਟਰ ਦੇ ਨਿਊਯਾਰਕ ਸਥਿਤ ਮੁੱਖ ਦਫਤਰ ਵਿੱਚ 27 ਅਪਰੈਲ ਤੋਂ 22 ਮਈ 2026 ਤੱਕ ਹੋਈ 'ਪਰਮਾਣੂ ਅਸਲਾ ਅਪਸਾਰ ਸੰਧੀ' ਦੀ ਸਮੀਖਿਆ ਕਾਨਫਰੰਸ ਦਾ ਨਾਕਾਮ ਰਹਿਣਾ ਬੇਹੱਦ ਨਿਰਾਸਾਜਨਕ ਹੈ। ਹਾਲਾਂਕਿ, ਕਾਨਫਰੰਸ ਵਿੱਚ ਹਿੱਸਾ ਲੈ ਰਹੇ ਬਹੁਤ ਵੱਡੀ ਗਿਣਤੀ ਪ੍ਰਤੀਨਿਧ ਮੰਡਲਾਂ ਨੇ ਪੂਰਨ ਪਰਮਾਣੂ ਨਿਸਸਤਰੀਕਰਨ ਦੀ ਜੋਰਦਾਰ ਵਕਾਲਤ ਕੀਤੀ। ਫਿਰ ਵੀ ਇਹ ਕਾਨਫਰੰਸ ਕਿਸੇ ਸਾਰਥਿਕ ਸਮਝੌਤੇ ਜਾਂ ਪਰਮਾਣੂ ਹਥਿਆਰਾਂ ਦੇ ਖਾਤਮੇ ਬਾਰੇ ਕੋਈ ਠੋਸ ਖਾਕਾ ਉਲੀਕੇ ਬਿਨਾਂ ਹੀ ਸਮਾਪਤ ਹੋ ਗਈ। ਪਰਮਾਣੂ ਹਥਿਆਰਾਂ ਨਾਲ ਲੈਸ ਦੇਸ ਇੱਕ ਵਾਰ ਫਿਰ ਨਿਸਸਤਰੀਕਰਨ ਵੱਲ ਅੱਗੇ ਵਧਣ ਦੀ ਆਪਣੀ ਜਿੰਮੇਵਾਰੀ ਨਿਭਾਉਣ ਵਿੱਚ ਨਾਕਾਮ ਰਹੇ ਹਨ। ਐੱਨ ਪੀ ਟੀ ਦੀ ਧਾਰਾ-6 ਸਾਰੇ ਮੈਂਬਰ ਦੇਸਾਂ ਨੂੰ ਕਾਨੂੰਨੀ ਤੌਰ 'ਤੇ ਇਸ ਗੱਲ ਲਈ ਪਾਬੰਦ ਕਰਦੀ ਹੈ ਕਿ ਉਹ ਪਰਮਾਣੂ ਹਥਿਆਰਾਂ ਦੀ ਦੌੜ ਖਤਮ ਕਰਨ ਅਤੇ ਪੂਰਨ ਪਰਮਾਣੂ ਨਿਸਸਤਰੀਕਰਨ ਲਈ ਨੇਕਨੀਅਤੀ ਨਾਲ ਗੱਲਬਾਤ ਕਰਨ। ਹਾਲਾਂਕਿ, ਇਹ ਸੰਧੀ ਲਾਗੂ ਹੋਣ ਤੋਂ ਕਈ ਦਹਾਕਿਆਂ ਬਾਅਦ ਵੀ ਪਰਮਾਣੂ ਤਾਕਤਾਂ ਆਪਣੇ ਹਥਿਆਰ ਨਸਟ ਕਰਨ ਦੀ ਬਜਾਏ ਉਨ੍ਹਾਂ ਦਾ ਆਧੁਨਿਕੀਕਰਨ ਕਰ ਕੇ ਜਖੀਰੇ 'ਚ ਵਾਧਾ ਕਰ ਰਹੀਆਂ ਹਨ।ਭਾਰਤ ਨੇ 1970 ਵਿੱਚ ਐੱਨ ਪੀ ਟੀ 'ਤੇ ਦਸਤਖਤ ਕਰਨ ਤੋਂ ਇਨਕਾਰ ਕਰ ਦਿੱਤਾ ਸੀ ਕਿਉਂਕਿ ਇਸ ਦੇ ਮੁਤਾਬਿਕ ਇਹ ਸੰਧੀ ਮੂਲ ਰੂਪ ਵਿੱਚ ਹੀ ਪੱਖਪਾਤੀ ਸੀ। ਇਸ ਸਮਝੌਤੇ ਨੇ ਉਨ੍ਹਾਂ ਮੁਲਕਾਂ ਨੂੰ ਹੀ 'ਪਰਮਾਣੂ ਹਥਿਆਰ ਸੰਪੰਨ ਰਾਜ' ਮੰਨਿਆ, ਜਿਨ੍ਹਾਂ ਨੇ 1967 ਤੋਂ ਪਹਿਲਾਂ ਪਰਮਾਣੂ ਪ੍ਰੀਖਣ ਕੀਤੇ ਸਨ। ਇਉਂ ਵਿਸਵ ਪੱਧਰ 'ਤੇ ਸਥਾਈ ਪਰਮਾਣੂ ਪਾੜੇ ਨੂੰ ਸੰਸਥਾਗਤ ਰੂਪ ਦੇ ਦਿੱਤਾ ਗਿਆ। ਭਾਰਤ ਦੀ ਦਲੀਲ ਸੀ ਕਿ ਇਹ ਸੰਧੀ ਗੈਰ-ਪਰਮਾਣੂ ਦੇਸਾਂ ਦੇ ਹੱਥ-ਪੈਰ ਤਾਂ ਸਖਤੀ ਨਾਲ ਬੰਨ੍ਹਦੀ ਹੈ, ਪਰ ਪਰਮਾਣੂ ਤਾਕਤ ਵਾਲੇ ਮੁਲਕਾਂ ਨੂੰ ਆਪਣੇ ਹਥਿਆਰ ਖਤਮ ਕਰਨ ਲਈ ਕਿਸੇ ਪੱਕੇ ਸਮੇਂ ਜਾਂ ਭਰੋਸੇਯੋਗ ਸਰਤ ਵਿੱਚ ਨਹੀਂ ਬੰਨ੍ਹਦੀ। ਭਾਰਤ ਦੀ ਨਜਰ ਵਿੱਚ ਇਸ ਸੰਧੀ ਨੇ ਪਰਮਾਣੂ ਹਥਿਆਰਾਂ ਦਾ ਖਤਰਾ ਟਾਲਣ ਦੀ ਬਜਾਏ ਦੁਨੀਆ ਅੰਦਰ ਤਕੜੇ-ਮਾੜੇ ਦੇ ਪਾੜੇ ਨੂੰ ਸਦਾ ਲਈ ਪੱਕਾ ਕਰ ਦਿੱਤਾ ਹੈ।ਸਾਲ 1998 ਵਿੱਚ ਜਦੋਂ ਭਾਰਤ ਅਤੇ ਪਾਕਿਸਤਾਨ ਨੇ ਪਰਮਾਣੂ ਧਮਾਕੇ ਕੀਤੇ ਤਾਂ ਪੂਰੇ ਦੱਖਣੀ ਏਸੀਆ ਦਾ ਮਾਹੌਲ ਹੀ ਬਦਲ ਗਿਆ ਅਤੇ ਇੱਥੇ ਹਥਿਆਰਾਂ ਦੀ ਅੰਨ੍ਹੀ ਦੌੜ ਸੁਰੂ ਹੋ ਗਈ। ਖੁਸਕਿਸਮਤੀ ਨਾਲ, ਇਸ ਮਗਰੋਂ ਕੋਈ ਨਵਾਂ ਮੁਲਕ ਇਸ 'ਪਰਮਾਣੂ ਹਥਿਆਰ ਸੰਪੰਨ ਕਲੱਬ' ਦਾ ਮੈਂਬਰ ਨਹੀਂ ਬਣਿਆ। ਦਰਅਸਲ, ਕੁਝ ਮੁਲਕਾਂ ਵੱਲੋਂ ਪਰਮਾਣੂ ਹਥਿਆਰਾਂ 'ਤੇ ਆਪਣੀ ਅਜਾਰੇਦਾਰੀ ਕਾਇਮ ਰੱਖਣਾ ਦੁਨੀਆ ਦੇ ਬਾਕੀ ਹਿੱਸਿਆਂ ਵਿੱਚ ਹਥਿਆਰਾਂ ਦੀ ਰੋਕਥਾਮ ਲਈ ਦਿੱਤੀਆਂ ਜਾਂਦੀਆਂ ਦਲੀਲਾਂ ਦੇ ਉਲਟ ਭੁਗਤਦਾ ਹੈ। ਜਦੋਂ ਤੱਕ ਵੱਡੀਆਂ ਤਾਕਤਾਂ ਖੁਦ ਇਹ ਰਾਗ ਅਲਾਪਦੀਆਂ ਰਹਿਣਗੀਆਂ ਕਿ ਪਰਮਾਣੂ ਹਥਿਆਰ ਉਨ੍ਹਾਂ ਦੀ ਆਪਣੀ ਸੁਰੱਖਿਆ ਲਈ ਜਰੂਰੀ ਹਨ, ਉਦੋਂ ਤੱਕ ਬਾਕੀ ਦੇਸਾਂ ਅੰਦਰ ਵੀ ਅਜਿਹੀ ਤਾਕਤ ਹਾਸਲ ਕਰਨ ਦੀ ਭੁੱਖ ਬਣੀ ਰਹੇਗੀ।ਦੁਨੀਆ ਦੇ ਅਜੋਕੇ ਹਾਲਾਤ ਇਸ ਖਤਰੇ ਨੂੰ ਹੋਰ ਵੀ ਡਰਾਉਣਾ ਬਣਾਉਂਦੇ ਹਨ। ਥਾਂ-ਥਾਂ ਛਿੜੀਆਂ ਜੰਗਾਂ ਪੂਰੀ ਦੁਨੀਆ ਨੂੰ ਤਬਾਹੀ ਵੱਲ ਧੱਕ ਰਹੀਆਂ ਹਨ। ਯੂਕਰੇਨ ਦੀ ਜੰਗ ਨੂੰ ਚਾਰ ਸਾਲ ਹੋ ਚੁੱਕੇ ਹਨ। ਗਾਜਾ 'ਤੇ ਹੋ ਰਹੇ ਇਜਰਾਇਲੀ ਹਮਲਿਆਂ ਵਿੱਚ 20 ਹਜਾਰ ਤੋਂ ਵੱਧ ਮਾਸੂਮ ਬੱਚਿਆਂ ਸਮੇਤ ਲਗਪਗ 75 ਹਜਾਰ ਲੋਕ ਮੌਤ ਦੇ ਮੂੰਹ ਵਿੱਚ ਜਾ ਚੁੱਕੇ ਹਨ। ਦੂਜੇ ਪਾਸੇ ਅਮਰੀਕਾ ਅਤੇ ਇਜਰਾਈਲ ਵੱਲੋਂ ਇਰਾਨ ਨੂੰ ਨਿਸਾਨਾ ਬਣਾਉਣਾ, ਸੂਡਾਨ ਸਣੇ ਹੋਰ ਅਫਰੀਕੀ ਮੁਲਕਾਂ ਵਿੱਚ ਜਾਰੀ ਗ੍ਰਹਿ-ਯੁੱਧ ਅਤੇ ਭਾਰਤ-ਪਾਕਿਸਤਾਨ ਵਿਚਾਲੇ ਲਗਾਤਾਰ ਬਣੀ ਤਲਖੀ (ਜਿੱਥੇ ਚੀਨ ਸ਼ਰ੍ਹੇਆਮ ਪਾਕਿਸਤਾਨ ਦੀ ਪਿੱਠ ਥਾਪੜ ਰਿਹਾ ਹੈ) ਨੇ ਪੂਰੀ ਦੁਨੀਆ ਵਿੱਚ ਘੋਰ ਅਨਿਸਚਿਤਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਇਹ ਸਭ ਕੁਝ ਬਲਦੀ 'ਤੇ ਤੇਲ ਪਾਉਂਦੇ ਹੋਏ ਹਥਿਆਰਾਂ ਦੀ ਦੌੜ ਨੂੰ ਹੋਰ ਤੇਜ ਕਰ ਰਿਹਾ ਹੈ।ਦੁਨੀਆ ਦਾ ਫੌਜੀ-ਉਦਯੋਗਿਕ ਗੱਠਜੋੜ ਮਨੁੱਖੀ ਜਾਨਾਂ ਦੀ ਬਲੀ ਦੇ ਕੇ, ਵਾਤਾਵਰਨ ਨੂੰ ਉਜਾੜ ਅਤੇ ਸਹਿਰਾਂ ਦੇ ਸਹਿਰ ਤਬਾਹ ਕਰ ਕੇ ਅੰਨ੍ਹੇ ਮੁਨਾਫੇ ਕਮਾ ਰਿਹਾ ਹੈ। ਅੱਜ ਲੋਕਾਂ ਦੇ ਮਨਾਂ ਵਿੱਚ ਇਹ ਗੱਲ ਪੱਕੀ ਹੁੰਦੀ ਜਾ ਰਹੀ ਹੈ ਕਿ ਅਤਿ-ਆਧੁਨਿਕ ਹਥਿਆਰਾਂ ਨਾਲ ਲੈਸ ਮੁਲਕਾਂ ਵੱਲ ਕੋਈ ਅੱਖ ਚੁੱਕ ਕੇ ਨਹੀਂ ਦੇਖਦਾ, ਜਦੋਂਕਿ ਫੌਜੀ ਤੌਰ 'ਤੇ ਕਮਜੋਰ ਮੁਲਕ ਹਰ ਵੇਲੇ ਖਤਰੇ ਹੇਠ ਰਹਿੰਦੇ ਹਨ। ਇਸੇ ਕਾਰਨ ਅੱਜ ਹਰ ਦੇਸ ਦੀ ਸਰਕਾਰ ਫੌਜੀ ਖਰਚੇ ਵਧਾਉਣ ਅਤੇ ਆਧੁਨਿਕ ਹਥਿਆਰਾਂ ਦੇ ਭੰਡਾਰ ਜਮ੍ਹਾਂ ਕਰਨ ਲਈ ਮਜਬੂਰ ਹੋ ਰਹੀ ਹੈ। ਉਦਾਹਰਨ ਵਜੋਂ, ਲੈਬਨਾਨ ਦਾ ਹਸਰ ਸਭ ਦੇ ਸਾਹਮਣੇ ਹੈ, ਜਿਸ ਨੂੰ ਅਕਸਰ ਇੱਕ ਅਜਿਹੇ ਦੇਸ ਵਜੋਂ ਦੇਖਿਆ ਜਾਂਦਾ ਹੈ ਜੋ ਆਪਣੇ ਸੀਮਿਤ ਫੌਜੀ ਬਜਟ ਅਤੇ ਕਮਜੋਰ ਫੌਜੀ ਤਾਕਤ ਹੋਣ ਕਰਕੇ ਇਜਰਾਇਲੀ ਹਮਲੇ ਅੱਗੇ ਬੇਵੱਸ ਹੈ।ਪੁਰਾਣਾ ਰਣਨੀਤਕ ਸਿਧਾਂਤ 'ਜੇ ਤੁਸੀਂ ਅਮਨ ਚਾਹੁੰਦੇ ਹੋ ਤਾਂ ਜੰਗ ਲਈ ਤਿਆਰ ਰਹੋ' ਕਦੇ ਅਪ੍ਰਸੰਗਿਕ ਮੰਨ ਲਿਆ ਗਿਆ ਸੀ, ਪਰ ਅੱਜ ਦੇ ਦੌਰ ਵਿੱਚ ਮੁੜ ਪ੍ਰਵਾਨਗੀ ਹਾਸਲ ਕਰ ਰਿਹਾ ਹੈ। ਇਸ ਅਸਾਂਤ ਮਾਹੌਲ ਵਿੱਚ ਪਰਮਾਣੂ ਲੌਬੀ ਬੜੀ ਚਲਾਕੀ ਨਾਲ ਇਹ ਦਲੀਲ ਪੇਸ ਕਰ ਰਹੀ ਹੈ ਕਿ ਪਰਮਾਣੂ ਹਥਿਆਰ ਜੰਗ ਨੂੰ ਰੋਕਣ ਲਈ ਲਾਜਮੀ ਹਨ।ਅਕਸਰ ਇਹ ਮਿਸਾਲ ਦਿੱਤੀ ਜਾਂਦੀ ਹੈ ਕਿ ਜੇਕਰ ਯੂਕਰੇਨ ਨੇ ਆਪਣੇ ਪਰਮਾਣੂ ਹਥਿਆਰ ਨਾ ਤਿਆਗੇ ਹੁੰਦੇ ਤਾਂ ਰੂਸ ਕਦੇ ਉਸ 'ਤੇ ਹਮਲਾ ਨਾ ਕਰਦਾ। ਇਹ ਦਲੀਲ ਹਕੀਕਤ ਦੀ ਕਸਵੱਟੀ 'ਤੇ ਖਰੀ ਨਹੀਂ ਉਤਰਦੀ। ਭਾਰਤ ਅਤੇ ਪਾਕਿਸਤਾਨ ਦੋਵੇਂ 1998 ਵਿੱਚ ਪਰਮਾਣੂ ਸਕਤੀਆਂ ਬਣੇ, ਫਿਰ ਵੀ ਇਹ ਘਾਤਕ ਹਥਿਆਰ ਉਨ੍ਹਾਂ ਵਿਚਕਾਰ ਫੌਜੀ ਟਕਰਾਅ ਨੂੰ ਰੋਕਣ ਵਿੱਚ ਨਾਕਾਮ ਰਹੇ। ਸਾਲ 1999 ਵਿੱਚ ਕਾਰਗਿਲ ਦੀ ਜੰਗ ਹੋਈ, ਦਹਾਕਿਆਂ ਤੋਂ ਲੁਕਵੀਆਂ ਜੰਗਾਂ ਤੇ ਦਹਿਸਤਗਰਦੀ ਦਾ ਸਿਲਸਿਲਾ ਜਾਰੀ ਰਿਹਾ ਅਤੇ ਹਾਲ ਹੀ ਵਿੱਚ ਦੋਵਾਂ ਮੁਲਕਾਂ ਨੇ ਚਾਰ ਦਿਨਾਂ ਦਾ ਇੱਕ ਹੋਰ ਖਤਰਨਾਕ ਫੌਜੀ ਟਕਰਾਅ ਹੰਢਾਇਆ। ਸਪੱਸਟ ਹੈ ਕਿ ਪਰਮਾਣੂ ਹਥਿਆਰ ਅਮਨ ਜਾਂ ਖੇਤਰੀ ਸਥਿਰਤਾ ਦੇ ਜਾਮਨ ਸਿੱਧ ਨਹੀਂ ਹੋ ਸਕੇ।ਦੂਜੀ ਆਲਮੀ ਜੰਗ ਦੀ ਭਿਆਨਕ ਤਬਾਹੀ ਮਗਰੋਂ ਦੁਨੀਆ ਨੇ ਸਾਂਤੀਪੂਰਨ ਸਹਿਹੋਂਦ ਅਤੇ ਪਰਮਾਣੂ ਸੰਜਮ ਵੱਲ ਕੁਝ ਗੰਭੀਰ ਕਦਮ ਪੁੱਟੇ ਸਨ। ਅਮਰੀਕਾ ਅਤੇ ਸੋਵੀਅਤ ਸੰਘ ਵਿਚਕਾਰ ਹਥਿਆਰਾਂ ਦੀ ਹੋੜ ਨੂੰ ਨਿਯੰਤਰਿਤ ਕਰਨ ਲਈ ਕਈ ਮਹੱਤਵਪੂਰਨ ਸਮਝੌਤੇ ਹੋਏ। ਇਸੇ ਦੌਰਾਨ ਜਵਾਹਰਲਾਲ ਨਹਿਰੂ, ਜੋਸਿਪ ਬਰੋਜ ਟੀਟੋ, ਗਮਾਲ ਅਬਦੁਲ ਨਾਸਰ ਅਤੇ ਕਵਾਮੇ ਨਕਰੂਮਾ ਵਰਗੇ ਦੂਰਅੰਦੇਸ ਆਗੂਆਂ ਦੀ ਅਗਵਾਈ ਹੇਠ ਨਵੇਂ ਆਜਾਦ ਹੋਏ ਮੁਲਕਾਂ ਨੇ 'ਗੁੱਟ ਨਿਰਲੇਪ ਅੰਦੋਲਨ' ਦੀ ਨੀਂਹ ਰੱਖੀ। 120 ਤੋਂ ਵੱਧ ਦੇਸਾਂ ਦੀ ਸਮੂਲੀਅਤ ਵਾਲੇ ਇਸ ਅੰਦੋਲਨ ਨੇ ਆਲਮੀ ਅਮਨ, ਪ੍ਰਭੂਸੱਤਾ ਦੇ ਸਤਿਕਾਰ, ਖੇਤਰੀ ਅਖੰਡਤਾ ਅਤੇ ਨਵ-ਸਾਮਰਾਜਵਾਦ ਦੇ ਵਿਰੋਧ ਦੀ ਜੋਰਦਾਰ ਵਕਾਲਤ ਕੀਤੀ।ਸੋਵੀਅਤ ਸੰਘ ਦੇ ਟੁੱਟਣ ਮਗਰੋਂ ਅਮਰੀਕਾ ਇੱਕ-ਧਰੁਵੀ ਦੁਨੀਆ ਵਿੱਚ ਇਕਮਾਤਰ ਮਹਾਸਕਤੀ ਵਜੋਂ ਉਭਰਿਆ। ਉਸ ਨੇ ਦੁਨੀਆ ਭਰ ਵਿੱਚ ਆਪਣੀ ਚੌਧਰ ਸਥਾਪਿਤ ਕਰਨ ਲਈ ਵੱਖ-ਵੱਖ ਖੇਤਰਾਂ ਵਿੱਚ ਸੈਂਕੜੇ ਫੌਜੀ ਅੱਡੇ ਕਾਇਮ ਕਰ ਲਏ। ਅੰਨ੍ਹਾ ਫੌਜੀ ਖਰਚ ਅਤੇ ਦੂਜੇ ਮੁਲਕਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਰਣਨੀਤਕ ਦਖਲਅੰਦਾਜੀ ਵਿਸਵ ਸਿਆਸਤ ਦਾ ਮੁੱਖ ਹਿੱਸਾ ਬਣ ਗਈ, ਪਰ ਅੱਜ ਕੌਮਾਂਤਰੀ ਵਿਵਸਥਾ ਵਿੱਚ ਮੁੜ ਵੱਡੇ ਬਦਲਾਅ ਆ ਰਹੇ ਹਨ। ਚੀਨ ਦੇ ਬੇਮਿਸਾਲ ਆਰਥਿਕ ਤੇ ਤਕਨੀਕੀ ਵਿਕਾਸ ਅਤੇ ਰੂਸ ਦੇ ਮੁੜ ਉਭਾਰ ਨੇ 'ਬਹੁ-ਧਰੁਵੀ ਸੰਸਾਰ' ਦੀ ਤਸਵੀਰ ਸਪੱਸ਼ਟ ਕਰ ਦਿੱਤੀ ਹੈ। ਇਸ ਬਦਲਦੇ ਸੰਦਰਭ ਵਿੱਚ 'ਬ੍ਰਿਕਸ' ਇੱਕ ਪ੍ਰਭਾਵਸਾਲੀ ਗੱਠਜੋੜ ਵਜੋਂ ਸਾਹਮਣੇ ਆਇਆ ਹੈ। ਹਾਲਾਂਕਿ, ਬ੍ਰਿਕਸ ਦੀ ਤੁਲਨਾ ਸਿੱਧੇ ਤੌਰ 'ਤੇ ਗੁੱਟ ਨਿਰਲੇਪ ਅੰਦੋਲਨ ਨਾਲ ਨਹੀਂ ਕੀਤੀ ਜਾ ਸਕਦੀ, ਪਰ ਇਹ ਪ੍ਰਭੂਸੱਤਾ ਦੀ ਸਮਾਨਤਾ, ਆਪਸੀ ਸਤਿਕਾਰ, ਸਰਬ-ਸਮੂਲੀਅਤ ਅਤੇ ਆਲਮੀ ਸੰਸਥਾਵਾਂ ਨੂੰ ਵਧੇਰੇ ਜਮਹੂਰੀ ਬਣਾਉਣ ਦੇ ਸਿਧਾਂਤ 'ਤੇ ਪਹਿਰਾ ਦਿੰਦਾ ਹੈ। ਕੌਮਾਂਤਰੀ ਵਪਾਰ ਵਿੱਚ ਅਮਰੀਕੀ ਡਾਲਰ ਦੀ ਅਜਾਰੇਦਾਰੀ ਨੂੰ ਘਟਾਉਣ ਦੇ ਇਸ ਦੇ ਯਤਨ ਬਦਲ ਰਹੀ ਵਿਸਵ ਸਿਆਸਤ ਦੀ ਗਤੀਸੀਲਤਾ ਨੂੰ ਬਾਖੂਬੀ ਦਰਸਾਉਂਦੇ ਹਨ।ਇਸ ਦੇ ਨਾਲ ਹੀ ਵੱਖ-ਵੱਖ ਮੁਲਕਾਂ ਵਿਚਾਲੇ ਵਧ ਰਹੀ ਹਮਲਾਵਰ ਬਿਆਨਬਾਜੀ ਹਥਿਆਰਾਂ ਦੀ ਦੌੜ ਨੂੰ ਹਵਾ ਦੇ ਰਹੀ ਹੈ, ਜਿਸ ਦਾ ਮੁੱਖ ਕੇਂਦਰ ਏਸੀਆ ਬਣ ਰਿਹਾ ਹੈ। ਭਾਰਤ ਅਤੇ ਪਾਕਿਸਤਾਨ ਲਗਾਤਾਰ ਆਪਣੀਆਂ ਫੌਜੀ ਸਮਰੱਥਾਵਾਂ ਨੂੰ ਮਜਬੂਤ ਕਰ ਰਹੇ ਹਨ ਜਦੋਂਕਿ ਦੂਜੇ ਪਾਸੇ ਚੀਨ ਦਾ ਰੱਖਿਆ ਬਜਟ ਤੇਜੀ ਨਾਲ ਆਸਮਾਨ ਛੂਹਣ ਲੱਗਾ ਹੈ। ਅਜੋਕੀ ਜੰਗ ਦੀ ਪ੍ਰਕਿਰਤੀ ਵੀ ਬੁਨਿਆਦੀ ਤੌਰ 'ਤੇ ਬਦਲ ਚੁੱਕੀ ਹੈ। ਡਰੋਨ, ਬੈਲਿਸਟਿਕ ਮਿਜਾਈਲਾਂ, ਸਾਈਬਰ ਯੁੱਧ ਅਤੇ ਮਸਨੂਈ ਬੁੱਧੀ ਨਾਲ ਚੱਲਣ ਵਾਲੇ ਹਥਿਆਰਾਂ ਨੇ ਤਬਾਹੀ ਦੀ ਸਮਰੱਥਾ ਨੂੰ ਰਵਾਇਤੀ ਹਥਿਆਰਾਂ ਦੇ ਮੁਕਾਬਲੇ ਕਈ ਗੁਣਾ ਵਧਾ ਦਿੱਤਾ ਹੈ। ਅੱਜ ਦੀਆਂ ਜੰਗਾਂ ਵਿੱਚ ਹਥਿਆਰਬੰਦ ਫੌਜੀਆਂ ਨਾਲੋਂ ਕਿਤੇ ਵੱਧ ਬੇਦੋਸ਼ੇ ਆਮ ਨਾਗਰਿਕ ਮੌਤ ਦੇ ਮੂੰਹ ਵਿੱਚ ਧੱਕੇ ਜਾ ਰਹੇ ਹਨ। ਏਸੀਆ ਤੇਜੀ ਨਾਲ ਭੂ-ਸਿਆਸੀ ਜੰਗ ਦੇ ਮੈਦਾਨ ਵਿੱਚ ਤਬਦੀਲ ਹੁੰਦਾ ਜਾ ਰਿਹਾ ਹੈ। ਹਾਲਾਂਕਿ, ਹਾਲੀਆ ਰਿਪੋਰਟਾਂ ਚੱਲ ਰਹੇ ਸੰਘਰਸਾਂ ਦੇ ਠੰਢੇ ਹੋਣ ਦੀ ਸੰਭਾਵਨਾ ਜਤਾਉਂਦੀਆਂ ਹਨ। ਫਿਰ ਵੀ ਕਈ ਬੁਨਿਆਦੀ ਚਿੰਤਾਵਾਂ ਹਾਲੇ ਜਿਉਂ ਦੀਆਂ ਤਿਉਂ ਹਨ, ਜਿਨ੍ਹਾਂ ਵਿੱਚ ਵਿਸਵ ਭਰ ਵਿੱਚ ਅਮਰੀਕੀ ਫੌਜੀ ਅੱਡਿਆਂ ਦੀ ਪੱਖਪਾਤੀ ਭੂਮਿਕਾ ਅਤੇ ਖੇਤਰੀ ਅਸਥਿਰਤਾ ਪੈਦਾ ਕਰਨ ਵਾਲੇ ਆਪਸੀ ਵਿਰੋਧ ਸਾਮਿਲ ਹਨ।ਗ੍ਰੀਨਲੈਂਡ ਵਰਗੇ ਰਣਨੀਤਕ ਖੇਤਰਾਂ 'ਤੇ ਆਪਣਾ ਕੰਟਰੋਲ ਜਮਾਉਣ ਦੀਆਂ ਅਮਰੀਕੀ ਕੋਸ਼ਿਸਾਂ ਅਤੇ ਕਿਊਬਾ ਤੇ ਵੈਨੇਜੁਏਲਾ ਵਰਗੇ ਦੇਸਾਂ ਪ੍ਰਤੀ ਉਸ ਦਾ ਵੈਰਪੂਰਨ ਰਵੱਈਆ ਸਾਂਤੀਪੂਰਨ ਸਹਿਹੋਂਦ ਦੇ ਸਿਧਾਂਤ ਦਾ ਸਰ੍ਹੇਆਮ ਘਾਣ ਹੈ। ਦੁਨੀਆ ਵਿੱਚ ਅਮਨ ਕਦੇ ਵੀ ਧਮਕੀਆਂ, ਜਬਰਦਸਤੀ ਅਤੇ ਇੱਕ-ਪੱਖੀ ਚੌਧਰ ਰਾਹੀਂ ਹਾਸਲ ਨਹੀਂ ਕੀਤਾ ਜਾ ਸਕਦਾ। ਬੇਸੱਕ ਇੱਕ-ਧਰੁਵੀ ਦਬਦਬੇ ਦਾ ਯੁੱਗ ਹੁਣ ਤੇਜੀ ਨਾਲ ਖਤਮ ਹੋ ਰਿਹਾ ਹੈ। ਗਲੋਬਲ ਸਾਊਥ ਹੁਣ ਕੌਮਾਂਤਰੀ ਮੰਚਾਂ 'ਤੇ ਆਪਣੀ ਆਵਾਜ ਬੁਲੰਦ ਕਰ ਰਿਹਾ ਹੈ, ਜਿਸ ਨੂੰ ਰੂਸ ਅਤੇ ਚੀਨ ਦੀ ਰਣਨੀਤਕ ਹਮਾਇਤ ਵੀ ਹਾਸਿਲ ਹੈ। ਜੇਕਰ ਅਮਰੀਕਾ ਅਤੇ ਹੋਰ ਪਰਮਾਣੂ ਤਾਕਤਾਂ ਦੁਨੀਆ ਵਿੱਚ ਪਰਮਾਣੂ ਅਪਸਾਰ ਲਈ ਸੱਚਮੁੱਚ ਸੰਜੀਦਾ ਹਨ ਤਾਂ ਉਨ੍ਹਾਂ ਨੂੰ ਸਭ ਤੋਂ ਪਹਿਲਾਂ ਸਖਤ ਆਲਮੀ ਨਿਗਰਾਨੀ ਹੇਠ ਆਪਣੇ ਪਰਮਾਣੂ ਭੰਡਾਰਾਂ ਨੂੰ ਨਸਟ ਕਰਨਾ ਪਵੇਗਾ। ਅਸਲੀ ਨਿਸਸਤਰੀਕਰਨ ਚੋਣਵਾਂ ਜਾਂ ਪੱਖਪਾਤੀ ਨਹੀਂ ਹੋ ਸਕਦਾ, ਇਹ ਸਾਰੇ ਮੁਲਕਾਂ 'ਤੇ ਬਰਾਬਰ ਰੂਪ ਵਿੱਚ ਲਾਗੂ ਹੋਣਾ ਚਾਹੀਦਾ ਹੈ।ਇਸ ਨਾਜੁਕ ਮੋੜ 'ਤੇ ਨਾਗਰਿਕ ਸਮਾਜ, ਅਮਨਪਸੰਦ ਅੰਦੋਲਨਾਂ ਅਤੇ ਨਿਸਸਤਰੀਕਰਨ ਲਈ ਵਚਨਬੱਧ ਤਾਕਤਾਂ ਸਿਰ ਇਹ ਇਤਿਹਾਸਕ ਜਿੰਮੇਵਾਰੀ ਆ ਪਈ ਹੈ ਕਿ ਉਹ ਵਧ ਰਹੇ ਫੌਜੀਕਰਨ ਅਤੇ ਜੰਗੀ ਜਨੂੰਨ ਵਾਲੀ ਸੋਚ ਨੂੰ ਚੁਣੌਤੀ ਦੇਣ। ਪਰਮਾਣੂ ਨਿਸਸਤਰੀਕਰਨ ਦੇ ਸੰਘਰਸ ਨੂੰ ਦੇਸਾਂ ਦੇ ਅੰਦਰੂਨੀ ਸਮਾਜਿਕ ਸਾਂਝ ਅਤੇ ਗੁਆਂਢੀ ਮੁਲਕਾਂ ਵਿਚਕਾਰ ਅਮਨ-ਅਮਾਨ ਦੇ ਸਬੰਧਾਂ ਦੇ ਪ੍ਰਚਾਰ ਨਾਲ ਜੋੜ ਕੇ ਹੀ ਅੱਗੇ ਵਧਾਇਆ ਜਾ ਸਕਦਾ ਹੈ। ਧਮਕੀਆਂ, ਡਰਾਉਣ-ਧਮਕਾਉਣ ਅਤੇ ਸਮੂਹਿਕ ਤਬਾਹੀ ਦੀ ਸਿਆਸਤ ਨੂੰ ਤਿਆਗ ਕੇ ਕੂਟਨੀਤੀ, ਸੰਵਾਦ ਅਤੇ ਆਪਸੀ ਸਹਿਯੋਗ ਦਾ ਰਾਹ ਅਪਣਾਉਣਾ ਸਮੇਂ ਦੀ ਮੁੱਖ ਲੋੜ ਹੈ। ਮਨੁੱਖਤਾ ਕਦੇ ਵੀ ਉਨ੍ਹਾਂ ਹਥਿਆਰਾਂ ਦੇ ਅੰਬਾਰਾਂ ਦੇ ਪਰਛਾਵੇਂ ਹੇਠ ਸੁਰੱਖਿਅਤ ਨਹੀਂ ਰਹਿ ਸਕਦੀ, ਜੋ ਖੁਦ ਮਨੁੱਖੀ ਸੱਭਿਅਤਾ ਦੇ ਵਜੂਦ ਨੂੰ ਪਲਾਂ ਵਿੱਚ ਮਿਟਾਉਣ ਦੀ ਸਮਰੱਥਾ ਰੱਖਦੇ ਹਨ।

**ਸ਼ਹੀਦੀ ਦਿਵਸ 'ਤੇ ਵਿਸ਼ੇਸ਼**

# ਬਾਬਾ ਬੰਦਾ ਸਿੰਘ ਬਹਾਦਰ: ਬਹਾਦਰੀ, ਕੁਰਬਾਨੀ ਅਤੇ ਨਿਆਂ ਦੀ ਅਮਰ ਗਾਥਾ



**ਸਰਹਿੰਦ ਦੇ ਨਵਾਬ ਵਜ਼ੀਰ ਖਾਨ ਦੁਆਰਾ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ 'ਤੇ ਕੀਤੇ ਗਏ ਅੱਤਿਆਚਾਰਾਂ ਤੋਂ ਦੁਖੀ ਹੋ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਨੂੰ ਜਿੱਤਣ ਦੀ ਯੋਜਨਾ ਬਣਾਈ। 12 ਮਈ, 1710 ਨੂੰ ਵਜ਼ੀਰ ਖਾਨ ਅਤੇ ਦੀਵਾਨ ਸੁੱਚਾ ਨੰਦ ਨੂੰ ਚੱਪੜਚਿੜੀ ਦੀ ਫੈਸਲਾਕੁੰਨ ਲੜਾਈ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ। ਦੋ ਦਿਨਾਂ ਬਾਅਦ ਹੀ ਸਰਹਿੰਦ ਨੂੰ ਖਾਲਸਾ ਫੌਜ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ।**

ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ 27 ਅਕਤੂਬਰ 1670 ਨੂੰ ਜੰਮੂ ਅਤੇ ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਦੇ ਇੱਕ ਡੋਗਰਾ ਰਾਜਪੂਤ ਪਰਿਵਾਰ ਵਿੱਚ ਹੋਇਆ ਸੀ। ਉਨ੍ਹਾਂ ਦੇ ਪਿਤਾ ਰਾਮਦੇਵ ਵੈਸ਼ਨਵ ਸੰਪਰਦਾ ਦੇ ਪੈਰੋਕਾਰ ਸਨ, ਜਿਨ੍ਹਾਂ ਨੂੰ ਬੈਰਾਗੀ ਵੀ ਕਿਹਾ ਜਾਂਦਾ ਹੈ। ਬਚਪਨ ਵਿੱਚ ਉਨ੍ਹਾਂ ਦਾ ਨਾਮ ਲਕਸ਼ਮਣ ਦਾਸ ਸੀ ਅਤੇ ਉਨ੍ਹਾਂ ਨੂੰ ਸ਼ਿਕਾਰ ਕਰਨ ਦਾ ਬਹੁਤ ਸ਼ੌਕ ਸੀ। ਇੱਕ ਦਿਨ ਸ਼ਿਕਾਰ ਦੌਰਾਨ ਇੱਕ ਗਰਭਵਤੀ ਹਿਰਨੀ ਦੀ ਦਰਦਨਾਕ ਮੌਤ ਅਤੇ ਉਸਦੇ ਅਣਜੰਮੇ ਬੱਚਿਆਂ ਦੇ ਦੁੱਖ ਨੇ ਲਕਸ਼ਮਣ ਦਾਸ ਦੇ ਮਨ ਨੂੰ ਅੰਦਰ ਤੱਕ ਹਿਲਾ ਦਿੱਤਾ ਅਤੇ ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਨੇ ਉਨ੍ਹਾਂ ਦੇ ਜੀਵਨ ਦੀ ਦਿਸ਼ਾ ਬਦਲ ਦਿੱਤੀ। ਉਨ੍ਹਾਂ ਨੇ ਸੰਸਾਰਕ ਜੀਵਨ ਤਿਆਗ ਦਿੱਤਾ ਅਤੇ ਨੰਦੇੜ ਦੇ ਜੰਗਲਾਂ ਵਿੱਚ ਗੋਦਾਵਰੀ ਨਦੀ ਦੇ ਕੰਢੇ "ਮਾਧੋਦਾਸ ਬੈਰਾਗੀ" ਨਾਮ ਨਾਲ ਇੱਕ ਸਾਧੂ ਵਜੋਂ ਰਹਿਣਾ ਸ਼ੁਰੂ ਕਰ ਦਿੱਤਾ। 1708 ਵਿੱਚ ਦਸਵੇਂ ਸਿੱਖ ਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਨੰਦੇੜ ਵਿੱਚ ਮਿਲਣ ਨਾਲ ਉਸਦੇ ਅੰਦਰ ਸੁੱਤੀ ਹੋਈ ਬਹਾਦਰੀ ਜਾਗ ਪਈ। ਜਦੋਂ ਉਨ੍ਹਾਂ ਨੇ ਪੰਜਾਬ ਵਿੱਚ ਹੋ ਰਹੇ ਅੱਤਿਆਚਾਰਾਂ ਦੀਆਂ ਕਹਾਣੀਆਂ ਸੁਣੀਆਂ, ਤਾਂ ਉਨ੍ਹਾਂ ਦਾ ਖੂਨ ਉਬਲ ਪਿਆ। ਗੁਰੂ ਜੀ ਤੋਂ ਅੰਮ੍ਰਿਤ ਛਕਣ ਤੋਂ ਬਾਅਦ ਉਹ ਪਹਿਲਾਂ "ਗੁਰਬਖ਼ਸ਼ ਸਿੰਘ" ਅਤੇ ਫਿਰ "ਬੰਦਾ ਸਿੰਘ ਬਹਾਦਰ" ਵਜੋਂ ਮਸ਼ਹੂਰ ਹੋਏ । ਗੁਰੂ ਗੋਬਿੰਦ ਸਿੰਘ ਜੀ ਦੇ ਆਸ਼ੀਰਵਾਦ ਨਾਲ ਉਹ ਕੁਝ ਸਿੱਖਾਂ ਦੀ ਟੋਲੀ ਨਾਲ ਅਨਿਆਂ ਅਤੇ ਜ਼ੁਲਮ ਨੂੰ ਖਤਮ ਕਰਨ ਲਈ ਪੰਜਾਬ ਵੱਲ ਚੱਲ ਪਏ। ਪੰਜਾਬ ਵਿੱਚ ਦਾਖਲ ਹੋਣ 'ਤੇ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੀ ਛੋਟੀ ਜਿਹੀ ਫੌਜ ਨਾਲ ਸੋਨੀਪਤ, ਸਮਾਣਾ, ਮੁਸਤਫਾਬਾਦ, ਸਢੌਰਾ, ਮਲੇਰਕੋਟਲਾ ਅਤੇ ਨਾਹਨ ਵਰਗੇ ਮੁਗਲ ਠਿਕਾਣਿਆਂ ਨੂੰ ਹਰਾਇਆ ਅਤੇ ਸਿਸ-ਸਤਲੁਜ ਦੇ ਇਲਾਕਿਆਂ ਨੂੰ ਜਿੱਤ ਲਿਆ। ਨਿਆਂ-ਪ੍ਰੇਮੀ ਅਤੇ ਧਾਰਮਿਕ ਲੋਕਾਂ ਦੇ ਸਮਰਥਨ ਨਾਲ ਉਨ੍ਹਾਂ ਦੀ ਫੌਜ ਵਧਦੀ ਗਈ।

ਸਰਹਿੰਦ ਦੇ ਨਵਾਬ ਵਜ਼ੀਰ ਖਾਨ ਦੁਆਰਾ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ 'ਤੇ ਕੀਤੇ ਗਏ ਅੱਤਿਆਚਾਰਾਂ ਤੋਂ ਦੁਖੀ ਹੋ ਕੇ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਨੂੰ ਜਿੱਤਣ ਦੀ ਯੋਜਨਾ ਬਣਾਈ। 12 ਮਈ, 1710 ਨੂੰ ਵਜ਼ੀਰ ਖਾਨ ਅਤੇ ਦੀਵਾਨ ਸੁੱਚਾ ਨੰਦ ਨੂੰ ਚੱਪੜਚਿੜੀ ਦੀ ਫੈਸਲਾਕੁੰਨ ਲੜਾਈ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ। ਦੋ ਦਿਨਾਂ ਬਾਅਦ ਹੀ ਸਰਹਿੰਦ ਨੂੰ ਖਾਲਸਾ ਫੌਜ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ। ਇਸ ਇਤਿਹਾਸਕ ਜਿੱਤ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਨੇ ਕਿਸਾਨਾਂ ਨੂੰ ਜ਼ਿਮੀਂਦਾਰਾਂ ਦੇ ਸ਼ੋਸ਼ਣ ਤੋਂ ਮੁਕਤ ਕਰਨ ਅਤੇ ਉਨ੍ਹਾਂ ਨੂੰ ਜ਼ਮੀਨ ਦੇ ਮਾਲਕ ਬਣਾਉਣ ਦਾ ਹੁਕਮ ਦਿੱਤਾ। ਉਨ੍ਹਾਂ ਨੇ ਇੱਕ ਅਜਿਹੇ ਸਮਾਜ ਦੀ ਨੀਂਹ ਰੱਖੀ ਜੋ ਧਰਮ, ਜਾਤ ਅਤੇ ਵਰਗ ਤੋਂ ਉੱਪਰ ਸੀ। ਉਨ੍ਹਾਂ ਦੀਆਂ ਨੀਤੀਆਂ ਨੂੰ ਹਿੰਦੂ ਅਤੇ ਮੁਸਲਿਮ ਦੋਵਾਂ ਭਾਈਚਾਰਿਆਂ ਦਾ ਸਮਰਥਨ ਮਿਲਿਆ ਅਤੇ ਜਲਦੀ ਹੀ ਖਾਲਸਾ ਰਾਜ ਦੀ ਗੂੰਜ ਯਮੁਨਾ, ਗੰਗਾ, ਸਹਾਰਨਪੁਰ, ਜਲੰਧਰ, ਬਟਾਲਾ, ਕਲਾਨੌਰ ਅਤੇ ਅੰਮ੍ਰਿਤਸਰ ਤੱਕ ਫੈਲ ਗਈ। 1713 ਵਿੱਚ ਉਨ੍ਹਾਂ ਨੇ ਗੁਰਦਾਸ ਨੰਗਲ ਨੂੰ ਆਪਣੀ ਰਾਜਧਾਨੀ ਘੋਸ਼ਿਤ ਕੀਤਾ ਅਤੇ ਨਿਆਂ ਅਤੇ ਜਨਹਿੱਤ 'ਤੇ ਅਧਾਰਤ ਇੱਕ ਸ਼ਾਸਨ ਸਥਾਪਤ ਕੀਤਾ। ਮੁਗਲ ਸ਼ਾਸਨ ਉਨ੍ਹਾਂ ਦੁਆਰਾ ਸਥਾਪਿਤ ਧਾਰਮਿਕ ਯੁੱਧ ਅਤੇ ਜਨ ਭਲਾਈ ਦੀ ਨੀਤੀ ਤੋਂ ਡਰ ਗਿਆ ਅਤੇ ਮੁਗਲ ਬਾਦਸ਼ਾਹ ਫਾਰੂਖਸੀਅਰ ਨੇ ਇਸ ਮਹਾਨ ਯੋਧੇ ਦੀ ਸ਼ਕਤੀ ਨੂੰ ਕੁਚਲਣ ਲਈ ਅਬਦੁਲ ਸਮਦ ਖਾਨ ਦੀ ਅਗਵਾਈ ਵਿੱਚ ਇੱਕ ਵੱਡੀ ਫੌਜ ਭੇਜੀ।

ਗੁਰਦਾਸ ਨੰਗਲ 'ਤੇ ਹਮਲਾ ਕੀਤਾ ਗਿਆ ਅਤੇ ਕਿਲ੍ਹੇ ਨੂੰ ਘੇਰ ਲਿਆ ਗਿਆ। ਲਗਭਗ ਦਸ ਮਹੀਨਿਆਂ ਤੱਕ ਚੱਲੀ ਇਸ ਘੇਰਾਬੰਦੀ ਕਾਰਨ ਕਿਲ੍ਹੇ ਵਿੱਚ ਰਾਸ਼ਨ ਅਤੇ ਪਾਣੀ ਖਤਮ ਹੋ ਗਿਆ ਅਤੇ ਦਸੰਬਰ 1715 ਵਿੱਚ, ਬਾਬਾ ਬੰਦਾ ਸਿੰਘ ਬਹਾਦਰ, ਉਨ੍ਹਾਂ ਦੇ ਲਗਭਗ 740 ਸਾਥੀ ਅਤੇ ਉਨ੍ਹਾਂ ਦੇ ਤਿੰਨ ਸਾਲ ਦੇ ਪੁੱਤਰ ਅਜੈ ਸਿੰਘ ਨੂੰ ਬੰਦੀ ਬਣਾ ਲਿਆ ਗਿਆ। 27 ਫਰਵਰੀ 1716 ਨੂੰ ਇਨ੍ਹਾਂ ਬੰਦੀਆਂ ਨੂੰ ਦਿੱਲੀ ਦੇ ਬਾਹਰਵਾਰ ਇੱਕ ਪਿੰਡ ਅਗਰਾਬਾਦ ਲਿਆਂਦਾ ਗਿਆ ਅਤੇ ਜਨਤਾ ਵਿੱਚ ਡਰ ਫੈਲਾਉਣ ਦੇ ਉਦੇਸ਼ ਨਾਲ ਇੱਕ ਜਲੂਸ ਕੱਢਿਆ ਗਿਆ। ਇਸ ਜਲੂਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੂੰ ਇੱਕ ਪਿੰਜਰੇ ਵਿੱਚ ਬੰਦ ਕਰਕੇ ਹਾਥੀ 'ਤੇ ਬਿਠਾਇਆ ਗਿਆ ਸੀ, ਉਨ੍ਹਾਂ ਦੇ ਪਿੱਛੇ 740 ਬੰਦੀਆਂ ਦੀ ਇੱਕ ਕਤਾਰ ਸੀ ਜਿਨ੍ਹਾਂ ਦੇ ਹੱਥ ਉਨ੍ਹਾਂ ਦੀ ਪਿੱਠ ਪਿੱਛੇ ਕੱਸ ਕੇ ਬੰਨ੍ਹੇ ਹੋਏ ਸਨ। ਇਸ ਭਿਆਨਕ ਜਲੂਸ ਵਿੱਚ ਮੁਗਲ ਕਮਾਂਡਰ ਮੁਹੰਮਦ ਅਮੀਨ ਖਾਨ, ਉਨ੍ਹਾਂ ਦਾ ਪੁੱਤਰ ਕਮਰ-ਉਦ-ਦੀਨ ਖਾਨ ਅਤੇ ਅਬਦੁਲ ਸਮਦ ਖਾਨ ਮਾਣ ਨਾਲ ਚੱਲ ਪਏ। ਜਲੂਸ ਲਾਹੌਰੀ ਗੇਟ ਤੋਂ ਲੰਘਿਆ ਅਤੇ ਲਾਲ ਕਿਲ੍ਹੇ ਤੱਕ ਪਹੁੰਚਿਆ। ਜਦੋਂ ਬਾਬਾ ਬੰਦਾ ਸਿੰਘ ਬਹਾਦਰ ਨੂੰ ਮੁਗਲ ਬਾਦਸ਼ਾਹ ਦੇ ਸਾਹਮਣੇ ਪੇਸ਼ ਕੀਤਾ ਗਿਆ, ਤਾਂ ਉਸਨੇ ਪੁੱਛਿਆ - "ਤੁਸੀਂ ਆਪਣੀ ਮੌਤ ਕਿਵੇਂ ਚਾਹੁੰਦੇ ਹੋ?" ਇਸ 'ਤੇ ਬਾਬਾ ਨੇ ਨਿਡਰਤਾ ਨਾਲ ਜਵਾਬ ਦਿੱਤਾ - "ਜਿਵੇਂ ਇੱਕ ਸੱਚਾ ਬਾਦਸ਼ਾਹ ਆਪਣੀ ਮੌਤ ਚਾਹੁੰਦਾ ਹੈ।" ਮੁਗਲਾਂ ਨੇ ਬੇਰਹਿਮੀ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਪਹਿਲਾਂ ਸਿੱਖ ਕੈਦੀਆਂ ਦਾ ਬੇਰਹਿਮੀ ਨਾਲ ਕਤਲੇਆਮ ਕੀਤਾ ਗਿਆ ਅਤੇ ਫਿਰ ਬਾਬਾ ਬੰਦਾ ਸਿੰਘ ਬਹਾਦਰ ਦੇ ਮਨੋਬਲ ਨੂੰ ਤੋੜਨ ਲਈ ਉਨ੍ਹਾਂ ਦੇ ਮਾਸੂਮ ਪੁੱਤਰ ਅਜੈ ਸਿੰਘ ਦਾ ਜਿਗਰ ਕੱਢ ਕੇ ਉਨ੍ਹਾਂ ਦੇ ਮੂੰਹ ਵਿੱਚ ਭਰਨ ਦੀ ਕੋਸ਼ਿਸ਼ ਕੀਤੀ ਗਈ। ਪਰ ਮੌਤ ਤੋਂ ਨਿਡਰ, ਆਪਣੇ ਵਿਸ਼ਵਾਸ 'ਤੇ ਦ੍ਰਿੜ ਰਹਿ ਕੇ, ਬੇਅੰਤ ਅੱਤਿਆਚਾਰਾਂ ਨੂੰ ਸਹਿਣ ਕਰਦੇ ਹੋਏ - ਬਾਬਾ ਬੰਦਾ ਸਿੰਘ ਬਹਾਦਰ ਨੇ 9 ਜੂਨ, 1716 ਨੂੰ ਸ਼ਹਾਦਤ ਦਾ ਜਾਮ ਪੀਤਾ। ਉਨ੍ਹਾਂ ਦੀ ਸ਼ਹੀਦੀ ਦਾ ਦ੍ਰਿਸ਼ ਦਿਲ ਨੂੰ ਦ੍ਰਿੜ ਕਰਨ ਵਾਲਾ ਸੀ, ਪਰ ਉਨ੍ਹਾਂ ਨੇ ਇਸਨੂੰ ਦ੍ਰਿੜਤਾ ਅਤੇ ਚੜ੍ਹਦੀ ਕਲਾ (ਉਤਸ਼ਾਹ ਅਤੇ ਅਧਿਆਤਮਿਕ ਤਰੱਕੀ) ਨਾਲ ਸਵੀਕਾਰ ਕੀਤਾ ਅਤੇ ਅਮਰ ਸ਼ਹੀਦ ਬਣ ਗਏ। ਬਾਬਾ ਬੰਦਾ ਸਿੰਘ ਬਹਾਦਰ ਦਾ ਜੀਵਨ ਅੱਜ ਵੀ ਸਾਨੂੰ ਬੇਇਨਸਾਫ਼ੀ ਦੇ ਵਿਰੁੱਧ ਖੜ੍ਹੇ ਹੋਣ, ਧਰਮ ਅਤੇ ਸੱਚ ਦੇ ਮਾਰਗ 'ਤੇ ਦ੍ਰਿੜ ਰਹਿਣ ਅਤੇ ਇੱਕ ਨਿਆਂਪੂਰਨ ਸਮਾਜ ਦੀ ਸਥਾਪਨਾ ਲਈ ਕੁਰਬਾਨੀ ਦੇਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਦੀ ਯਾਦ ਵਿੱਚ ਅੰਤਰਰਾਸ਼ਟਰੀ ਬੈਰਾਗੀ ਫੈਡਰੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਦੀ ਅਗਵਾਈ ਹੇਠ ਰਕਬਾ (ਲੁਧਿਆਣਾ) ਵਿਖੇ ਬਾਬਾ ਬੰਦਾ ਸਿੰਘ ਬਹਾਦੁਰ ਸਮਾਰਕ 'ਤੇ 9 ਜੂਨ ਨੂੰ ਸਵੇਰੇ 10 ਵਜੇ ਇੱਕ ਵਿਸ਼ੇਸ਼ ਸਮਾਗਮ ਕਰਵਾ ਕੇ ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦੁਰ ਜੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਜਾਵੇਗੀ। ਜਦੋਂ ਕਿ ਇਸੇ ਦਿਨ ਹੀ ਗੁਰਦੁਆਰਾ ਬਾਬਾ ਨਾਨਕ ਮਿਸ਼ਨ ਲੁਧਿਆਣਾ ਵਿਖੇ ਸਵੇਰੇ 11 ਵਜੇ ਬਾਬਾ ਸੁਖਬੀਰ ਸਿੰਘ ਖਾਲਸਾ ਦੀ ਦੇਖ-ਰੇਖ ਹੇਠ ਬਾਬਾ ਬੰਦਾ ਸਿੰਘ ਬਹਾਦੁਰ ਜੀ ਅਤੇ ਉਨ੍ਹਾਂ ਦੇ ਸੁਪੁੱਤਰ ਅਜੈ ਸਿੰਘ ਜੀ ਦੀਆਂ ਮੂਰਤੀਆਂ ਸਥਾਪਿਤ ਕੀਤੀਆਂ ਜਾਣਗੀਆਂ ਤਾਂ ਜੋ ਸਾਡੇ ਸਮਾਜ ਦੇ ਲੋਕ ਅਤੇ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੀ ਸ਼ਹਾਦਤ ਬਾਰੇ ਹੋਰ ਨੇੜਿਓਂ ਜਾਣੂ ਹੋ ਸਕਣ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈ ਸਕਣ।

- ਮੋਹਿਤ ਸਿੰਗਲਾ -
ਮੋਬਾਈਲ-90412-95900.

# ਸਥਾਨਕ ਚੋਣਾਂ ਦਾ ਬਦਲਦਾ ਰੂਪ : ਲੋਕਤੰਤਰ ਲਈ ਖ਼ਤਰੇ ਦੀ ਘੰਟੀ

ਪੰਜਾਬ ਅੰਦਰ ਸਾਲ 2026 ਦੌਰਾਨ ਹਾਲ ਵਿਚ ਹੋਈਆਂ ਸਥਾਨਕ ਸਰਕਾਰਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਨੇ ਸੂਬੇ ਦੀ ਰਾਜਨੀਤੀ ਨੂੰ ਇੱਕ ਨਵੇਂ ਅਤੇ ਚਿੰਤਾਜਨਕ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ। ਪਿਛਲੇ ਕਰੀਬ ਸੱਤਰ ਸਾਲਾਂ ਦੇ ਚੋਣਾਵੀ ਇਤਿਹਾਸ ਵਿੱਚ ਸ਼ਾਇਦ ਪਹਿਲੀ ਵਾਰ ਇੰਨਾ ਤਣਾਅ, ਧੱਕੇਸ਼ਾਹੀ, ਟਕਰਾਅ ਅਤੇ ਡਰ ਦਾ ਮਾਹੌਲ ਦੇਖਣ ਨੂੰ ਮਿਲਿਆ ਹੈ। ਇਹ ਚੋਣਾਂ ਲੋਕਤੰਤਰ ਦੇ ਤਿਉਹਾਰ ਦੀ ਥਾਂ ਇੱਕ ਅਜਿਹੇ ਮੈਦਾਨ ਵਾਂਗ ਲੱਗਣ ਲੱਗ ਪਈਆਂ ਹਨ ਜਿੱਥੇ ਆਮ ਆਦਮੀ ਲਈ ਕਦਮ ਰੱਖਣਾ ਵੀ ਮੁਸ਼ਕਲ ਹੁੰਦਾ ਜਾ ਰਿਹਾ ਹੈ। ਪਹਿਲਾਂ ਸਥਾਨਕ ਚੋਣਾਂ ਨੂੰ ਲੋਕਾਂ ਦੇ ਸਭ ਤੋਂ ਨੇੜੇ ਦੀ ਰਾਜਨੀਤੀ ਮੰਨਿਆ ਜਾਂਦਾ ਸੀ। ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਲੋਕ ਆਪਸੀ ਸਾਂਝ ਅਤੇ ਭਾਈਚਾਰੇ ਨਾਲ ਆਪਣੇ ਨੁਮਾਇੰਦਿਆਂ ਦੀ ਚੋਣ ਕਰਦੇ ਸਨ। ਚੋਣਾਂ ਦੌਰਾਨ ਖਿੱਚੋਤਾਣੀ ਤਾਂ ਹੁੰਦੀ ਸੀ, ਪਰ ਮਨਾਂ ਵਿੱਚ ਕੜਵਾਹਟ ਜਾਂ ਹਿੰਸਾ ਘੱਟ ਹੀ ਵੇਖਣ ਨੂੰ ਮਿਲਦੀ ਸੀ। ਲੋਕ ਵੱਖ-ਵੱਖ ਪਾਰਟੀਆਂ ਨੂੰ ਸਮਰਥਨ ਦੇਣ ਦੇ ਬਾਵਜੂਦ ਆਪਣੇ ਰਿਸ਼ਤੇ ਅਤੇ ਸਮਾਜਕ ਸਾਂਝ ਕਾਇਮ ਰੱਖਦੇ ਸਨ। ਪਰ ਹੁਣ ਚੋਣਾਂ ਦਾ ਮਾਹੌਲ ਤੇਜ਼ੀ ਨਾਲ ਬਦਲਦਾ ਨਜ਼ਰ ਆ ਰਿਹਾ ਹੈ। ਇਸ ਵਾਰ ਕਈ ਥਾਵਾਂ 'ਤੇ ਹੋਈਆਂ ਝੜਪਾਂ, ਦੋਸ਼-ਪ੍ਰਤਿਦੋਸ਼, ਧਮਕੀਆਂ ਅਤੇ ਮਾਰਕੁੱਟ ਨੇ ਲੋਕਾਂ ਦੇ ਮਨਾਂ ਵਿੱਚ ਡਰ ਪੈਦਾ ਕਰ ਦਿੱਤਾ ਹੈ। ਪਟਿਆਲਾ ਦੇ ਸਮਾਣਾ ਸ਼ਹਿਰ ਤੋਂ ਇਲਾਵਾ ਹੋਰ ਕਈ ਸ਼ਹਿਰਾਂ ਅਤੇ ਕਸਬਿਆਂ ਵਿੱਚ ਬਣੇ ਤਣਾਭਰੇ ਹਾਲਾਤਾਂ ਨੇ ਇਹ ਸੰਕੇਤ ਦਿੱਤਾ ਕਿ ਸਿਆਸੀ ਮੁਕਾਬਲਾ ਹੁਣ ਸਿਰਫ਼ ਵਿਚਾਰਧਾਰਾ ਜਾਂ ਵਿਕਾਸ ਦੇ ਮੁੱਦਿਆਂ ਤੱਕ ਸੀਮਿਤ ਨਹੀਂ ਰਿਹਾ। ਹੁਣ ਚੋਣਾਂ ਵਿੱਚ ਪੈਸੇ ਦੀ ਤਾਕਤ, ਧੱਕੇਸ਼ਾਹੀ ਅਤੇ ਪ੍ਰਭਾਵ ਦਾ ਦਬਦਬਾ ਵੱਧਦਾ ਦਿਖਾਈ ਦੇ ਰਿਹਾ ਹੈ। ਸਭ ਤੋਂ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਆਮ ਵਿਅਕਤੀ ਹੁਣ ਚੋਣ ਲੜਨ ਤੋਂ ਪਹਿਲਾਂ ਕਈ ਵਾਰ ਸੋਚਣ ਲਈ ਮਜਬੂਰ ਹੋਵੇਗਾ। ਇੱਕ ਸਮਾਂ ਸੀ ਜਦੋਂ ਸਮਾਜ ਸੇਵਾ ਕਰਨ ਵਾਲਾ ਕੋਈ ਵੀ ਇਨਸਾਨ ਲੋਕਾਂ ਦੇ ਸਮਰਥਨ ਨਾਲ ਚੋਣ ਮੈਦਾਨ ਵਿੱਚ ਉਤਰ ਆਉਂਦਾ ਸੀ। ਪਰ ਹੁਣ ਬਹੁਤ ਸਾਰੇ ਲੋਕਾਂ ਨੂੰ ਇਹ ਡਰ ਸਤਾਉਣ ਲੱਗ ਪਿਆ ਹੈ ਕਿ ਕਿਤੇ ਚੋਣਾਂ ਦੌਰਾਨ ਉਹਨਾਂ ਨੂੰ ਰਾਜਨੀਤਿਕ ਵੈਰ-ਵਿਰੋਧ, ਦਬਾਅ ਜਾਂ ਹਿੰਸਾ ਦਾ ਸਾਹਮਣਾ ਨਾ ਕਰਨਾ ਪਵੇ। ਇਹ ਹਾਲਾਤ ਲੋਕਤੰਤਰ ਲਈ ਚੰਗੇ ਸੰਕੇਤ ਨਹੀਂ ਮੰਨੇ ਜਾ ਸਕਦੇ। ਚੋਣਾਂ ਦਾ ਮਕਸਦ ਲੋਕਾਂ ਨੂੰ ਆਪਣੀ ਆਵਾਜ਼ ਉਠਾਉਣ ਦਾ ਮੌਕਾ ਦੇਣਾ ਹੁੰਦਾ ਹੈ, ਪਰ ਜੇਕਰ ਡਰ ਦਾ ਮਾਹੌਲ ਬਣ ਜਾਵੇ ਤਾਂ ਲੋਕਤੰਤਰ ਦੀ ਅਸਲ ਆਤਮਾ ਹੀ ਕਮਜ਼ੋਰ ਹੋ ਜਾਂਦੀ ਹੈ। ਜਦੋਂ ਆਮ ਲੋਕ ਪਿੱਛੇ ਹਟਣ ਲੱਗਣ ਅਤੇ ਸਿਰਫ਼ ਪ੍ਰਭਾਵਸ਼ਾਲੀ ਜਾਂ ਤਾਕਤਵਰ ਵਰਗ ਹੀ ਚੋਣਾਂ ਵਿੱਚ ਅੱਗੇ ਆਉਣ, ਤਾਂ ਫਿਰ ਇਹ ਪ੍ਰਣਾਲੀ ਸਿਰਫ਼ ਨਾਮ ਦੀ ਹੀ ਲੋਕਤੰਤਰਕ ਰਹਿ ਜਾਵੇਗੀ। 2026 ਦੀਆਂ ਸਥਾਨਕ ਚੋਣਾਂ (ਨਗਰ ਕੌਂਸਲ) ਨੇ ਇੱਕ ਹੋਰ ਵੱਡਾ ਸਵਾਲ ਖੜ੍ਹਾ ਕੀਤਾ ਹੈ ਕਿ ਜੇਕਰ ਛੋਟੇ ਪੱਧਰ ਦੀਆਂ ਚੋਣਾਂ ਵਿੱਚ ਇੰਨਾ ਤਣਾਅ ਅਤੇ ਹਿੰਸਾ ਦੇਖਣ ਨੂੰ ਮਿਲ ਰਹੀ ਹੈ ਤਾਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੌਰਾਨ ਹਾਲਾਤ ਕਿਹੋ ਜਿਹੇ ਹੋਣਗੇ? ਲੋਕਾਂ ਦੇ ਮਨਾਂ ਵਿੱਚ ਇਹ ਡਰ ਵਧ ਰਿਹਾ ਹੈ ਕਿ ਕਿਤੇ ਆਉਣ ਵਾਲੀਆਂ ਚੋਣਾਂ ਸਿਆਸੀ ਜੰਗ ਦੀ ਥਾਂ ਖੂਨੀ ਮੰਜ਼ਰ ਨਾ ਬਣ ਜਾਣ। ਜੇਕਰ ਸਮੇਂ ਸਿਰ ਇਸ ਮਾਹੌਲ ਨੂੰ ਕਾਬੂ ਨਾ ਕੀਤਾ ਗਿਆ ਤਾਂ ਇਸਦਾ ਨੁਕਸਾਨ ਸਿਰਫ਼ ਰਾਜਨੀਤਿਕ ਪਾਰਟੀਆਂ ਨੂੰ ਹੀ ਨਹੀਂ, ਸਗੋਂ ਪੂਰੇ ਸਮਾਜ ਅਤੇ ਲੋਕਤੰਤਰ ਨੂੰ ਭੁਗਤਣਾ ਪਵੇਗਾ। ਇਸ ਹਾਲਾਤ ਲਈ ਸਿਰਫ਼ ਇੱਕ ਪਾਰਟੀ ਜਾਂ ਇੱਕ ਧਿਰ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਸਿਆਸਤ ਵਿੱਚ ਵਧ ਰਹੀ ਅਸਹਿਣਸ਼ੀਲਤਾ, ਤੁਰੰਤ ਲਾਭ ਦੀ ਰਾਜਨੀਤੀ ਅਤੇ ਵਿਰੋਧੀ ਵਿਚਾਰਾਂ ਨੂੰ ਦੁਸ਼ਮਣ ਸਮਝਣ ਦੀ ਸੋਚ ਨੇ ਹਾਲਾਤ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਸੋਸ਼ਲ ਮੀਡੀਆ ਨੇ ਵੀ ਕਈ ਵਾਰ ਮਾਹੌਲ ਨੂੰ ਗਰਮਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ, ਜਿੱਥੇ ਛੋਟੀਆਂ ਗੱਲਾਂ ਨੂੰ ਵੱਡਾ ਰੂਪ ਦੇ ਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਭੜਕਾਇਆ ਜਾਂਦਾ ਹੈ। ਅੱਜ ਲੋੜ ਇਸ ਗੱਲ ਦੀ ਹੈ ਕਿ ਸਾਰੀਆਂ ਸਿਆਸੀ ਪਾਰਟੀਆਂ ਅਤੇ ਆਗੂ ਆਪਣੀ ਜ਼ਿੰਮੇਵਾਰੀ ਨੂੰ ਸਮਝਣ। ਚੋਣਾਂ ਨੂੰ ਨਫ਼ਰਤ ਅਤੇ ਤਾਕਤ ਦੇ ਪ੍ਰਦਰਸ਼ਨ ਦੀ ਥਾਂ ਵਿਚਾਰਾਂ ਅਤੇ ਵਿਕਾਸ ਦੀ ਲੜਾਈ ਬਣਾਇਆ ਜਾਵੇ। ਪ੍ਰਸ਼ਾਸਨ ਨੂੰ ਵੀ ਨਿਰਪੱਖ ਹੋ ਕੇ ਕਾਨੂੰਨ ਦੀ ਪਾਲਣਾ ਕਰਵਾਉਣੀ ਚਾਹੀਦੀ ਹੈ ਤਾਂ ਜੋ ਹਰ ਉਮੀਦਵਾਰ ਅਤੇ ਹਰ ਵੋਟਰ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕੇ। ਪੰਜਾਬ ਦੀ ਧਰਤੀ ਨੇ ਹਮੇਸ਼ਾ ਭਾਈਚਾਰੇ, ਸਾਂਝ ਅਤੇ ਲੋਕਤੰਤਰਕ ਰਿਵਾਇਤਾਂ ਨੂੰ ਮਜ਼ਬੂਤ ਕੀਤਾ ਹੈ। ਜੇਕਰ ਚੋਣਾਂ ਦੌਰਾਨ ਹਿੰਸਾ ਅਤੇ ਡਰ ਦਾ ਮਾਹੌਲ ਵਧਦਾ ਗਿਆ ਤਾਂ ਇਹ ਸਿਰਫ਼ ਸਿਆਸੀ ਪਤਨ ਨਹੀਂ, ਸਗੋਂ ਸਮਾਜਕ ਤੌਰ 'ਤੇ ਵੀ ਇੱਕ ਵੱਡੀ ਹਾਰ ਹੋਵੇਗੀ। ਲੋਕਤੰਤਰ ਦੀ ਖੂਬਸੂਰਤੀ ਤਾਕਤ ਨਾਲ ਨਹੀਂ, ਲੋਕਾਂ ਦੇ ਭਰੋਸੇ ਨਾਲ ਬਣਦੀ ਹੈ। ਜੇਕਰ ਅਸੀਂ ਅੱਜ ਵੀ ਨਹੀਂ ਸੰਭਲੇ, ਤਾਂ ਆਉਣ ਵਾਲਾ ਸਮਾਂ ਪੰਜਾਬ ਦੀ ਰਾਜਨੀਤੀ ਲਈ ਹੋਰ ਵੀ ਚਿੰਤਾਜਨਕ ਹੋ ਸਕਦਾ ਹੈ।

ਗੁਰਮੇਲ ਸਿੰਘ ਸੰਗਤਪੁਰਾ 98769-57180

# ਮੁਫਤ ਏਆਈ ਕੋਰਸ ਦਾ ਨੌਜਵਾਨ ਲੈ ਰਹੇ ਨੇ ਲਾਹਾ: ਪੰਮਾ ਸੰਧੂ

## 500 ਲੜਕੇ ਲੜਕੀਆਂ ਨੂੰ ਕਰਵਾਇਆ ਜਾ ਰਿਹਾ ਮੁਫ਼ਤ ਏ ਆਈ ਕੋਰਸ

ਸ਼੍ਰੀ ਮੁਕਤਸਰ ਸਾਹਿਬ, 8 ਜੂਨ (ਚਾਵਲਾ / ਅਨਮੋਲ): "ਡਿਜ਼ਾਇਨ ਫੰਡਾਮੈਂਟਲਸ ਵਿਦ ਏਆਈ" (ਆਰਟੀਫਿਸ਼ਅਲ ਇੰਟੈਲੀਜੰਸ ) ਅਡੋਬ ,ਸੰਯੁਕਤ ਰਾਸ਼ਟਰ ਬਾਲ ਫੰਡ ਯੂਨੀਸੈਫ ਤੇ ਯੁਵਾਹ ਦੁਆਰਾ ਚਲਾਇਆ ਜਾ ਰਿਹਾ ਇੱਕ ਵਿਸ਼ਵ ਪੱਧਰੀ ਈ ਲਰਨਿੰਗ ਪ੍ਰੋਗਰਾਮ ਅਧੀਨ ਆਰਟੀਫਿਸ਼ਅਲ ਇੰਟੈਲੀਜੰਸ (ਏਆਈ )ਕੋਰਸ ਹੈ। ਇਹ ਕੋਰਸ ਭਾਰਤ ਸਰਕਾਰ ਤੋਂ ਮਾਨਤਾ ਪ੍ਰਾਪਤ ਨਰਿੰਦਰਾ ਸੀਐਸਸੀ ਅਕੈਡਮੀ ਕੋਟਕਪੂਰਾ ਰੋਡ ਸ਼੍ਰੀ ਮੁਕਤਸਰ ਸਾਹਿਬ ਵਿਖੇ ਮੁਫਤ ਕਰਵਾਇਆ ਜਾ ਰਿਹਾ ਹੈ। ਸੀਐਸਸੀ ਅਕੈਡਮੀ ਦੇ ਸੰਚਾਲਕ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਵੱਖ-ਵੱਖ ਮੰਤਰਾਲਿਆਂ ਜਿਨਾਂ ਵਿੱਚ ਇਲੈਕਟਰੋਨਿਕ ਅਤੇ ਸੂਚਨਾ ਟੈਕਨਾਲੋਜੀ ਮੰਤਰਾਲਾ, ਹੁਨਰ ਵਿਕਾਸ ਅਤੇ ਉੱਦਮਤਾ ਮੰਤਰਾਲਾ, ਯੁਵਾ ਮਾਮਲੇ ਖੇਡ ਮੰਤਰਾਲਾ ਤੇ ਸਿੱਖਿਆ ਮੰਤਰਾਲੇ ਸਿੱਧੇ ਤੌਰ ਤੇ ਯੂਨੀਸੈਫ ਨੂੰ



ਸਹਿਯੋਗ ਦੇ ਕੇ ਅਜਿਹੇ ਕੋਰਸ ਕਰਵਾ ਰਹੇ ਹਨ। ਉਹਨਾਂ ਦੱਸਿਆ ਕਿ ਇਹ ਮੁਫਤ ਆਰਟੀਫਿਸ਼ਅਲ ਇੰਟੈਲੀਜੰਸ ਕੋਰਸ ਕਰਨ ਲਈ ਲੜਕੇ ਲੜਕੀਆਂ ਦੀ ਉਮਰ ਹੱਦ 14 ਤੋਂ 29 ਸਾਲ ਤੱਕ ਹੋਣੀ ਚਾਹੀਦੀ ਹੈ। ਸੰਧੂ ਨੇ ਦੱਸਿਆ ਕਿ ਇਹ ਕੋਰਸ ਅਜੋਕੇ ਡਿਜੀਟਲ ਯੁੱਗ ਵਿੱਚ ਨੌਜਵਾਨਾਂ ਨੂੰ ਭਵਿੱਖ ਵਿੱਚ ਆਧੁਨਿਕ ਹੁਨਰ ਨਾਲ ਜੋੜਨ ਵਿੱਚ ਸਹਾਇਕ ਸਿੱਧ ਹੋਵੇਗਾ। ਇਸ ਮੁਫਤ ਆਰਟੀਫਿਸ਼ਅਲ ਇੰਟੈਲੀਜੰਸ ਕੋਰਸ ਨੂੰ ਕਰਨ ਲਈ ਵਿਦਿਆਰਥੀ ਨੂੰ ਇੱਕ ਵਾਰ ਅਕੈਡਮੀ ਵਿੱਚ ਆਪਣੇ ਆਧਾਰ ਕਾਰਡ, ਵਿਦਿਅਕ ਯੋਗਤਾ ਸਰਟੀਫਿਕੇਟ ਅਤੇ ਮੋਬਾਇਲ ਨੰਬਰ ਨਾਲ ਲਿਆ ਕੇ ਰਜਿਸਟਰੇਸ਼ਨ ਕਰਵਾਉਣੀ ਹੋਵੇਗੀ ਅਤੇ ਉਸ ਤੋਂ ਬਾਅਦ ਇਹ ਕੋਰਸ ਮੋਬਾਈਲ ਜਾਂ ਕੰਪਿਊਟਰ ਉੱਪਰ ਘਰ ਬੈਠ ਕੇ ਹੀ ਕੀਤਾ ਜਾ ਸਕਦਾ ਹੈ। ਕੋਰਸ ਕਰਨ ਉਪਰੰਤ ਵਿਦਿਆਰਥੀ ਨੂੰ ਸੀਐਸਸੀ ਅਕੈਡਮੀ ਵਿੱਚੋਂ ਹੀ ਮਾਨਤਾ ਪ੍ਰਾਪਤ ਸਰਟੀਫਿਕੇਟ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਨੌਜਵਾਨ ਲੜਕੇ ਲੜਕੀਆਂ ਇਸ ਕੋਰਸ ਦਾ ਲਾਹਾ ਲੈ ਰਹੇ ਹਨ।

# ਐਸ.ਆਈ.ਆਰ. ਜ਼ਿਲ੍ਹੇ 'ਚ 89.21 ਫੀਸਦੀ ਵੋਟਰਾਂ ਦੀ ਹੋਈ ਮੈਪਿੰਗ: ਜ਼ਿਲ੍ਹਾ ਚੋਣ ਅਫ਼ਸਰ

## ਬੂਥ ਲੈਵਲ ਅਫ਼ਸਰਾਂ ਵਲੋਂ ਵਿਸ਼ੇਸ਼ ਕੈਂਪ ਦੌਰਾਨ 8700 ਦੇ ਕਰੀਬ ਵੋਟਰਾਂ ਨੂੰ ਕੀਤਾ ਗਿਆ ਮੈਪ

ਹੁਸ਼ਿਆਰਪੁਰ, 8 ਜੂਨ (ਰਿੰਕੂ ਥਾਪਰ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਹਲਕਿਆਂ ਵਿਚ ਪੈਂਦੇ ਪੋਲਿੰਗ ਸਟੇਸ਼ਨਾਂ 'ਤੇ ਵੋਟਰ ਸੂਚੀਆ ਦੀ ਸਪੈਸ਼ਲ ਇੰਨਟੈਂਸਿਵ ਰਵੀਜ਼ਨ ਤਹਿਤ ਵੋਟਰ ਸੂਚੀਆਂ ਦੀ ਮੈਪਿੰਗ ਲਈ ਵਿਸ਼ੇਸ਼ ਕੈਂਪ ਦੌਰਾਨ ਕਰੀਬ 8700 ਵੋਟਰਾਂ ਨੂੰ ਬੂਥ ਲੈਵਲ ਅਫ਼ਸਰਾਂ ਵਲੋਂ ਮੈਪ ਕੀਤਾ ਗਿਆ ਜਿਸ ਨਾਲ ਜ਼ਿਲ੍ਹੇ ਵਿਚ ਕੁੱਲ ਮੈਪ ਕੀਤੇ ਵੋਟਰਾਂ ਦੀ ਗਿਣਤੀ 11,31,748 ਹੋ ਗਈ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਐਤਵਾਰ ਨੂੰ ਜ਼ਿਲ੍ਹੇ ਦੇ 1500 ਵੱਧ ਪੋਲਿੰਗ ਸਟੇਸ਼ਨਾਂ 'ਤੇ ਬੂਥ ਲੈਵਲ ਅਫ਼ਸਰਾਂ ਵਲੋਂ ਐਸ.ਆਈ.ਆਰ. ਤਹਿਤ ਵੋਟਾਂ ਦੀ ਮੈਪਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਵੋਟਰਾਂ ਦੀ ਕੁੱਲ ਗਿਣਤੀ 1268635 ਹੈ ਜਿਸ ਵਿਚੋਂ 1131749 ਮੈਪਡ ਵੋਟਰ ਹਨ ਅਤੇ 136886 ਵੋਟਰਾਂ ਨੂੰ ਲਿਸਟਾਂ ਮੁਤਾਬਕ ਅਪਡੇਟ ਕੀਤਾ ਜਾਣਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ 89.21 ਫੀਸਦੀ ਵੋਟਰਾਂ ਦੀ ਮੈਪਿੰਗ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ ਅਤੇ ਰਹਿੰਦੇ ਵੋਟਰਾਂ ਨੂੰ ਵੀ ਜਲਦ ਅਪਡੇਟ ਕਰਨ ਲਈ ਬੀ.ਐਲ.ਓਜ਼ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਜਿਨ੍ਹਾਂ ਵੋਟਰਾਂ ਦੇ ਵੇਰਵਿਆਂ ਵਿਚ ਕੁਝ ਕਮੀਆਂ ਸਾਹਮਣੇ ਆਈਆਂ ਹਨ ਉਨ੍ਹਾਂ ਦੀ ਦਰੁਸਤਗੀ ਲਈ ਬੀ.ਐਲ.ਓਜ਼ ਵਲੋਂ ਲੋੜੀਂਦੇ ਦਸਤਾਵੇਜਾਂ ਦੀ ਮੰਗ ਕੀਤੀ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ 39-ਮੁਕੇਰੀਆਂ ਵਿਚ ਕੁੱਲ ਵੋਟਰਾਂ ਦੀ ਗਿਣਤੀ 205133 ਹੈ ਜਿਨ੍ਹਾਂ ਵਿਚੋਂ 187898 ਵੋਟਰਾਂ ਨੂੰ ਮੈਪ ਕੀਤਾ ਜਾ ਚੁੱਕਾ ਹੈ ਅਤੇ ਰਹਿੰਦੇ ਵੋਟਰਾਂ ਨੂੰ ਅਪਡੇਟ ਕਰਨ ਦਾ ਕਾਰਜ ਜਾਰੀ ਹੈ। ਉਨ੍ਹਾਂ ਦੱਸਿਆ ਕਿ ਹਲਕਾ ਮੁਕੇਰੀਆਂ ਵਿਚ 91.60 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ 40-ਦਸੂਹਾ ਵਿਚ



ਕੁੱਲ 195167 ਵੋਟਰ ਹਨ ਜਿਨਾਂ ਵਿਚੋ 176586 ਵੋਟਰਾਂ ਨੂੰ ਮੈਪ ਕੀਤਾ ਜਾ ਚੁੱਕਾ ਹੈ। ਦਸੂਹਾ ਵਿਧਾਨ ਸਭਾ ਹਲਕੇ ਵਿਚ 90.48 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਵਿਧਾਨ ਸਭਾ ਹਲਕਾ 41-ਉੜਮੁੜ ਵਿਖੇ 173657 ਕੁੱਲ ਵੋਟਰ ਹਨ ਜਿਨ੍ਹਾਂ ਵਿਚੋਂ 156847 ਨੂੰ ਮੈਪ ਕੀਤਾ ਜਾ ਚੁੱਕਾ ਹੈ ਜਿਸ ਨਾਲ ਹਲਕੇ ਵਿਚ 90.32 ਫੀਸਦੀ ਮੈਪਿੰਗ ਮੁਕੰਮਲ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ 42-ਸ਼ਾਮਚੁਰਾਸੀ ਵਿਖੇ 173896 ਵੋਟਰ ਹਨ ਜਿਨਾਂ ਵਿਚੋਂ 159386 ਨੂੰ ਮੈਪ ਕੀਤਾ ਜਾ ਚੁੱਕਾ ਹੈ ਅਤੇ ਹਲਕੇ ਵਿਚ 91.66 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਇਸੇ ਤਰ੍ਹਾਂ 43-ਹੁਸ਼ਿਆਰਪੁਰ ਵਿਖੇ 188608 ਕੁੱਲ ਵੋਟਰ ਹਨ ਜਿਨਾਂ ਵਿਚੋ? 146069 ਵੋਟਰਾਂ ਦੀ ਮੈਪਿੰਗ ਹੋ ਚੁੱਕੀ ਹੈ ਅਤੇ ਹਲਕੇ ਵਿਚ 77.45 ਫੀਸਦੀ ਮੈਪਿੰਗ ਕੀਤੀ ਜਾ ਚੁੱਕੀ ਹੈ। 44-ਚੱਬੇਵਾਲ ਵਿਖੇ ਕੁੱਲ ਵੋਟਰਾਂ ਦੀ ਗਿਣਤੀ 159700 ਹੈ ਜਿਨ੍ਹਾਂ ਵਿਚੋਂ 146144 ਦੀ ਮੈਪਿੰਗ ਮੁਕੰਮਲ ਕੀਤੀ ਜਾ ਚੁੱਕੀ ਹੈ ਅਤੇ ਰਹਿੰਦੇ ਵੋਟਰਾਂ ਨੂੰ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਲਈ ਕਿਹਾ ਗਿਆ ਹੈ। ਹਲਕੇ ਵਿਚ 91.51 ਫੀਸਦੀ ਮੈਪਿੰਗ ਦਾ ਕੰਮ ਕੀਤਾ ਜਾ ਚੁੱਕਾ ਹੈ। ਇਸੇ ਤਰ੍ਹਾਂ ਹਲਕਾ 45-ਗੜ੍ਹਸ਼ੰਕਰ ਵਿਖੇ ਕੁੱਲ ਵੋਟਰਾਂ 172474 ਹੈ ਜਿਨ੍ਹਾਂ ਵਿਚੋਂ 158819 ਦੀ ਮੈਪਿੰਗ ਕੀਤੀ ਜਾ ਚੁੱਕੀ ਹੈ ਜਿਸ ਨਾਲ ਹਲਕੇ ਵਿਚ ਹੁਣ ਤੱਕ 92.08 ਫੀਸਦੀ ਮੈਪਿੰਗ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਬੀਤੇ ਦਿਨੀਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਐਸ.ਆਈ.ਆਰ. ਸਬੰਧੀ ਵਿਸਥਾਰਤ ਮੀਟਿੰਗ ਦੌਰਾਨ ਅਪੀਲ ਕੀਤੀ ਗਈ ਕਿ ਵੋਟਾਂ ਨਾਲ ਸਬੰਧਤ ਇਸ ਅਹਿਮ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪਾਰਟੀਆਂ ਵਲੋਂ ਲੋੜੀਂਦੇ ਸਹਿਯੋਗ ਦੇ ਨਾਲ-ਨਾਲ ਆਪਣੇ ਨੁਮਾਇੰਦੇ ਵੀ ਤਾਇਨਾਤ ਕੀਤੇ ਜਾਣ ਤਾਂ ਜੋ ਸਾਰੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ। ਵੋਟਰ ਸੂਚੀਆਂ ਦਾ ਡਰਾਫਟ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਅਤੇ ਦਾਅਵੇ ਤੇ ਇਤਰਾਜ਼ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ। ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਦੀ ਪ੍ਰਕਿਰਿਆ 3 ਅਗਸਤ ਤੋਂ 28 ਸਤੰਬਰ 2026 ਤੱਕ ਚੱਲੇਗੀ। ਅੰਤਿਮ ਵੋਟਰ ਸੂਚੀ ਦਾ ਪ੍ਰਕਾਸ਼ਨ 1 ਅਕਤੂਬਰ 2026 ਨੂੰ ਕੀਤਾ ਜਾਵੇਗਾ।

# ਐਸ.ਡੀ.ਐਮ. ਨੇ ਜਨਗਣਨਾ ਕਰਮਚਾਰੀਆਂ ਨੂੰ ਕੀਤਾ ਸਨਮਾਨਿਤ




ਸ੍ਰੀ ਮੁਕਤਸਰ ਸਾਹਿਬ, 8 ਜੂਨ (ਅਨਮੋਲ / ਚਾਵਲਾ): ਗੁਰਕਿਰਨਦੀਪ ਸਿੰਘ ਸਿੱਧੂ ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਨੇ ਜਨਗਣਨਾ 2027 ਦੇ ਪਹਿਲੇ ਫੇਜ਼ (ਹਾਊਸ ਲਿਸਟਿੰਗ ਆਪਰੇਸ਼ਨ) ਦਾ ਕੰਮ ਸਭ ਤੋਂ ਪਹਿਲਾਂ ਮੁਕੰਮਲ ਕਰਨ ਵਾਲੇ 125 ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਐਸ.ਡੀ.ਐਮ. ਨੇ ਕਿਹਾ ਕਿ ਜਿ?ਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵਲੋਂ ਜਿਹਨਾਂ ਕਰਮਚਾਰੀਆਂ ਦੀ ਤਹਿਸੀਲ ਸ੍ਰੀ ਮੁਕਤਸਰ ਸਾਹਿਬ ਦੀ ਜਨਗਣਨਾ 2027 ਦੇ ਸਰਵੇ ਲਈ ਡਿਊਟੀ ਲਗਾਈ ਗਈ ਸੀ। ਇਹਨਾਂ ਸਾਰੇ ਕਰਮਚਾਰੀਆਂ ਨੇ ਬਹੁਤ ਵਧੀਆਂ ਅਤੇ ਸਾਨਦਾਰ ਢੰਗ ਨਾਲ ਆਪਣੀਆਂ ਸੇਵਾਵਾਂ ਪ੍ਰਦਾਨ ਕਰਕੇ ਆਪਣਾ ਅਹਿਮ ਫਰਜ਼ ਅਦਾ ਕੀਤਾ ਹੈ। ਇਸ ਮੌਕੇ ਕਰਮਚਾਰੀਆਂ ਦੀ ਹੌਸਲਾ ਅਫਜਾਈ ਕਰਦੇ ਹੋਏ ਕਿਹਾ ਕਿ ਉਹਨਾਂ ਵਲੋਂ ਇਸ ਰਾਸ਼ਟਰੀ ਪੱਧਰ ਤੇ ਕੰਮ ਵਿੱਚ ਬਹੁਤ ਹੀ ਵੱਡਮੁੱਲਾ ਯੋਗਦਾਨ ਪਾਇਆ ਹੈ ਅਤੇ ਆਪਣੀ ਡਿਊਟੀ ਨੂੰ ਮਿਹਨਤ,ਸਮਰਪਣ ਅਤੇ ਵਧੀਆ ਕਾਰਗੁਜਾਰੀ ਨਾਲ ਨੇਪਰੇ ਚਾੜਿ?ਹਆ ਹੈ। ਇਸ ਮੌਕੇ 'ਤੇ ਚਰਨਜੀਤ ਕੌਰ ਤਹਿਸੀਲਦਾਰ -ਕਮ-ਸੈਂਸਜ ਅਫਸਰ ਸ੍ਰੀ ਮੁਕਤਸਰ ਸਾਹਿਬ ਵੀ ਮੌਜੂਦ ਸਨ।

# ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਲੋਂ 'ਮਿਸ਼ਨ ਲਾਈਫ਼: ਵਾਤਾਵਰਣ ਜਾਗਰੂਕਤਾ ਅਤੇ ਟਿਕਾਊ ਜੀਵਨ ਸ਼ੈਲੀ' ਤਹਿਤ 15 ਮਈ 2026 ਤੋਂ 5 ਜੂਨ 2026 ਤੱਕ ਵੱਖ-ਵੱਖ ਸਮਾਗਮਾਂ ਦਾ ਆਯੋਜਨ ਕੀਤਾ ਗਿਆ

ਹੁਸ਼ਿਆਰਪੁਰ, 8 ਜੂਨ (ਰਿੰਕੂ ਥਾਪਰ): ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਜੀ ਅਤੇ ਹਰਦਮਨ ਸਿੰਘ ਮਿਨਹਾਸ ਜੀ (ਸਕੱਤਰ), ਉਪ-ਕੁਲਪਤੀ ਡਾ. ਵਿਜੈ ਧੀਰ ਜੀ ਦੀ ਅਗਵਾਈ ਵਿਚ ਮਿਸ਼ਨ ਲਾਈਫ਼ ਵਾਤਾਵਰਣ ਜਾਗਰੂਕਤਾ ਅਤੇ ਟਿਕਾਊ ਗਤੀਵਿਧੀਆਂ ਮੁਹਿੰਮ ਤਹਿਤ 15 ਮਈ 2026 ਤੋਂ 5 ਜੂਨ 2026 ਤੱਕ ਵੱਖ-ਵੱਖ ਸਮਾਗਮਾਂ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ, ਭਾਰਤ ਸਰਕਾਰ ਦੁਆਰਾ ਵਿਸ਼ਵ ਵਾਤਾਵਰਣ ਦਿਵਸ 2026 ਦੇ ਮੌਕੇ 'ਤੇ ਸ਼ੁਰੂ ਕੀਤੀ ਗਈ ਦੇਸ਼ ਵਿਆਪੀ ਮੁਹਿੰਮ ਦੇ ਹਿੱਸੇ ਵਜੋਂ ਚਲਾਈ ਗਈ ਸੀ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ, ਫੈਕਲਟੀ ਅਤੇ ਸਥਾਨਕ ਭਾਈਚਾਰੇ ਵਿੱਚ ਵਾਤਾਵਰਣ ਦੀ ਸੰਭਾਲ, ਟਿਕਾਊ




ਜੀਵਨ ਸ਼ੈਲੀ, ਸਰੋਤਾਂ ਦੇ ਪ੍ਰਬੰਧਨ ਅਤੇ ਕੁਦਰਤ ਦੀ ਰੱਖਿਆ ਲਈ ਵਿਅਕਤੀਗਤ ਜ਼ਿੰਮੇਵਾਰੀ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਇਸ ਮੁਹਿੰਮ ਦੌਰਾਨ, ਐਗਰੀਕਲਚਰ ਫੈਕਲਟੀ ਵੱਲੋਂ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜ਼ਿੰਮੇਵਾਰਾਨਾ ਵਿਵਹਾਰ ਨੂੰ ਉਤਸ਼ਾਹਿਤ ਕਰਨ ਅਤੇ ਮਿਸ਼ਨ ਲਾਈਫ਼ ਦੇ ਸਿਧਾਂਤਾਂ ਦੇ ਪ੍ਰਚਾਰ ਲਈ ਕਈ ਵਿਦਿਅਕ, ਜਾਗਰੂਕਤਾ ਅਤੇ ਭਾਗੀਦਾਰੀ ਵਾਲੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਹ ਸਾਰੀਆਂ ਗਤੀਵਿਧੀਆਂ ਡਾ. ਕੁਲਬੀਰ ਸਿੰਘ (ਡੀਨ ਦੇ ਨਿਰਦੇਸ਼ਾਂ ਅਤੇ ਡਾ. ਗੁਰਪ੍ਰੀਤ ਕੌਰ ਮੁਖੀ ਦੇ ਤਾਲਮੇਲ ਹੇਠ ਨੇਪਰੇ ਚੜ੍ਹੀਆਂ। ਪ੍ਰਬੰਧਕੀ ਕਮੇਟੀ ਵਿੱਚ ਡਾ. ਕਨਿਕਾ ਪਾਂਡੇ (ਨੋਡਲ ਅਫ਼ਸਰ), ਡਾ. ਅਜੀਤਪਾਲ ਸਿੰਘ, ਡਾ. ਵਿਜੇ ਕੁਮਾਰ, ਡਾ. ਕਸ਼ਮਾ ਕੁਮਾਰੀ ਅਤੇ ਡਾ. ਰੌਬਿਨ ਸ਼ਾਮਲ ਸਨ। ਇਸ ਦੁਰਾਨ ਟਿਕਾਊ ਜੀਵਨ ਸ਼ੈਲੀ ਸਹੁੰ ਚੁੱਕ ਗਤੀਵਿਧੀ, ਮਾਡਲ ਪ੍ਰਦਰਸ਼ਨੀ ਗਤੀਵਿਧੀ, ਵਾਤਾਵਰਣ ਦੀਆਂ ਚੁਣੌਤੀਆਂ ਅਤੇ ਟਿਕਾਊ ਜੀਵਨ ਸ਼ੈਲੀ 'ਤੇ ਲੈਕਚਰ, ਪੌਦੇ ਲਗਾਉਣ ਦੀ ਮੁਹਿੰਮ, ਸਫ਼ਾਈ ਮੁਹਿੰਮ, ਭਾਸ਼ਣ ਮੁਕਾਬਲਾ,ਪੋਸਟਰ ਮੁਕਾਬਲਾ, ਵਾਤਾਵਰਣ ਜਾਗਰੂਕਤਾ ਰੈਲੀ, ਕੂੜੇ ਤੋਂ ਵਧੀਆ ਚੀਜ਼ਾਂ ਬਣਾਉਣ ਦਾ ਮੁਕਾਬਲਾ ਗਤੀਵਿਧੀਆਂ ਕਰਵਾਈਆਂ ਗਈਆਂ।ਇਨ੍ਹਾਂ ਸਾਰੀਆਂ ਗਤੀਵਿਧੀਆਂ ਦਾ ਸਮੂਹਿਕ ਪ੍ਰਭਾਵ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਭਾਗੀਦਾਰਾਂ ਨੂੰ ਸਧਾਰਨ ਪਰ ਸਾਰਥਕ ਵਿਵਹਾਰਕ ਤਬਦੀਲੀਆਂ ਰਾਹੀਂ ਸੰਭਾਲ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ।ਇਨ੍ਹਾਂ ਪਹਿਲਕਦਮੀਆਂ ਰਾਹੀਂ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਨੇ ਇੱਕ ਸਮਾਜਿਕ ਅਤੇ ਵਾਤਾਵਰਣ ਪੱਖੋਂ ਜ਼ਿੰਮੇਵਾਰ ਸੰਸਥਾ ਵਜੋਂ ਆਪਣੀ ਸਥਿਤੀ ਨੂੰ ਮੁੜ ਦੁਹਰਾਇਆ, ਜੋ ਟਿਕਾਊ ਜੀਵਨ ਨੂੰ ਉਤਸ਼ਾਹਿਤ ਕਰਦੀ ਹੈ, ਭਾਈਚਾਰਕ ਭਾਗੀਦਾਰੀ ਨੂੰ ਵਧਾਉਂਦੀ ਹੈ ਅਤੇ ਵਾਤਾਵਰਣ ਸੰਭਾਲ ਤੇ ਟਿਕਾਊ ਵਿਕਾਸ ਵੱਲ ਸਕਾਰਾਤਮਕ ਤਬਦੀਲੀ ਲਈ ਪ੍ਰੇਰਿਤ ਕਰਦੀ ਹੈ।ਇਸ ਮੁਹਿੰਮ ਦੌਰਾਨ ਚਲਾਈਆਂ ਗਈਆਂ ਗਤੀਵਿਧੀਆਂ ਨੇ ਨਾ ਸਿਰਫ਼ ਭਾਗੀਦਾਰਾਂ ਦੀ ਵਾਤਾਵਰਣ ਦੀਆਂ ਚੁਣੌਤੀਆਂ ਬਾਰੇ ਸਮਝ ਨੂੰ ਅਮੀਰ ਬਣਾਇਆ, ਬਲਕਿ ਉਨ੍ਹਾਂ ਨੂੰ ਆਪਣੇ ਭਾਈਚਾਰਿਆਂ ਵਿੱਚ ਸਕਾਰਾਤਮਕ ਤਬਦੀਲੀ ਦੇ ਵਾਹਕ ਵਜੋਂ ਕੰਮ ਕਰਨ ਦੇ ਯੋਗ ਵੀ ਬਣਾਇਆ। ਜਾਗਰੂਕਤਾ, ਰਚਨਾਤਮਕਤਾ, ਨਵੀਨਤਾ ਅਤੇ ਭਾਈਚਾਰਕ ਭਾਗੀਦਾਰੀ ਨੂੰ ਇੱਕ ਸੂਤਰ ਵਿੱਚ ਪਰੋ ਕੇ, ਇਸ ਮੁਹਿੰਮ ਨੇ ਮਿਸ਼ਨ ਲਾਈਫ਼ ਦੇ ਦ੍ਰਿਸ਼ਟੀਕੋਣ ਨੂੰ ਜ਼ਮੀਨੀ ਪੱਧਰ 'ਤੇ ਸਫਲਤਾਪੂਰਵਕ ਲਾਗੂ ਕੀਤਾ। ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ਼ ਦੀ ਉਤਸ਼ਾਹਜਨਕ ਭਾਗੀਦਾਰੀ ਨੇ ਵਾਤਾਵਰਣ ਦੀ ਦੇਖਭਾਲ ਅਤੇ ਟਿਕਾਊ ਵਿਕਾਸ ਪ੍ਰਤੀ ਯੂਨੀਵਰਸਿਟੀ ਦੇ ਸਾਂਝੇ ਸਮਰਪਣ ਨੂੰ ਪ੍ਰਦਰਸ਼ਿਤ ਕੀਤਾ। ਇਸ ਮੁਹਿੰਮ ਨੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਡੂੰਘਾ ਕੀਤਾ ਅਤੇ ਇਹ ਸਿੱਧ ਕੀਤਾ ਕਿ ਗਲੋਬਲ ਵਾਤਾਵਰਣ ਸੰਬੰਧੀ ਚਿੰਤਾਵਾਂ ਨੂੰ ਹੱਲ ਕਰਨ ਵਿੱਚ ਵਿਅਕਤੀਗਤ ਕਦਮ ਬਹੁਤ ਮਹੱਤਵ ਰੱਖਦੇ ਹਨ। ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਭਵਿੱਖ ਵਿੱਚ ਵੀ ਅਜਿਹੀਆਂ ਪਹਿਲਕਦਮੀਆਂ ਨੂੰ ਜਾਰੀ ਰੱਖਣ,ਇੱਕ ਹਰੇ-ਭਰੇ, ਸਿਹਤਮੰਦ ਅਤੇ ਵਧੇਰੇ ਲਚਕੀਲੇ ਸਮਾਜ ਦੇ ਨਿਰਮਾਣ ਲਈ ਟਿਕਾਊ ਅਭਿਆਸਾਂ ਨੂੰ ਅੱਗੇ ਵਧਾਉਣ ਲਈ ਦ੍ਰਿੜ ਸੰਕਲਪ ਕਰਦੀ ਹੈ।

# ਪੜ੍ਹੇ ਲਿਖੇ ਤੇ ਇਮਾਨਦਾਰ ਸੂਝਵਾਨ ਉਮੀਦਵਾਰ ਊਸ਼ਾ ਸਹੋਤਾ ਨੇ ਵਾਰਡ ਵਾਸੀਆਂ ਨੂੰ ਕੀਤੀ ਅਪੀਲ

ਹੁਸ਼ਿਆਰਪੁਰ, 8 ਜੂਨ (ਰਿੰਕੂ ਥਾਪਰ): ਸ਼ਾਮ ਚੁਰਾਸੀ ਨਗਰ ਕੌਂਸਲ ਦੀ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਵੱਖ ਵੱਖ ਪਾਰਟੀ ਦੇ ਆਗੂਆਂ ਵੱਲੋ ਚੋਣ ਪ੍ਰਚਾਰ ਬੜੀ ਤੇਜੀ ਨਾਲ ਕੀਤਾ ਜਾ ਰਿਹਾ ਹੈ। ਜੇਕਰ ਵਾਰਡ ਨੰਬਰ ਨੌ ਦੀ ਗੱਲ ਕਰੀਏ ਤਾਂ ਮਿਹਨਤੀ ਤੇ ਪੜੇ ਲਿਖੇ ਇਮਾਨਦਾਰ ਸੂਝਵਾਨ ਉਮੀਦਵਾਰ ਊਸ਼ਾ ਸਹੋਤਾ ਨੂੰ ਆਮ ਆਦਮੀ ਪਾਰਟੀ ਵੱਲੋਂ ਉਮੀਦਵਾਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਉਮੀਦਵਾਰ ਊਸ਼ਾ ਸਹੋਤਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਕਸਬਾ ਸ਼ਾਮ ਚੁਰਾਸੀ ਦਾ ਵਿਕਾਸ ਬਹੁਤ ਕੀਤਾ। ਉਸਨੇ ਕਿਹਾ ਕਿ ਇਥੇ ਕਾਂਗਰਸ ਪਾਰਟੀ ਦੀ ਸਰਕਾਰ ਦੇ ਵਿਧਾਇਕ ਬਣੇ ਅਕਾਲੀ ਦਲ ਬਾਦਲ ਪਾਰਟੀ ਦੇ ਵਿਧਾਇਕ ਬਣੇ ਪਰ ਕਿਸੇ ਨੇ ਵੀ ਕੋਈ ਖਾਸ ਧਿਆਨ ਨਹੀਂ ਦਿੱਤਾ। ਉਹਨਾ ਕਿਹਾ ਕਿ ਨਗਰ ਕੌਂਸਲ ਕਮੇਟੀ ਦੀਆਂ ਚੋਣਾਂ ਹੀ ਤੈਅ ਕਰਦੀਆਂ ਹਨ ਕਿ ਵਿਧਾਇਕ ਕਿਸ ਪਾਰਟੀ ਦਾ ਹੋਵੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਿਧਾਇਕ ਡਾਕਟਰ ਰਵਜੋਤ ਸਿੰਘ ਵੱਲੋਂ ਕੀਤਾ



ਵਿਕਾਸ ਮੂੰਹੋਂ ਬੋਲ ਰਿਹਾ ਹੈ।ਇਸ ਕਰਕੇ ਲੋਕ ਉਹਨਾਂ ਦੀ ਪਾਰਟੀ ਨੂੰ ਪਸੰਦ ਕਰਦੇ ਹਨ। ਉਹਨਾਂ ਕਿਹਾ ਕਿ ਜੇਕਰ ਵਾਰਡ ਨੰਬਰ ਨੌ ਦੀ ਗੱਲ ਕਰੀਏ ਤੇ ਇੱਥੇ ਵੀ ਕੁਝ ਵਿਕਾਸ ਦੇ ਅਧੂਰੇ ਕੰਮ ਹਨ ਪਰ ਉਹ ਜਿੱਤਣ ਤੋਂ ਬਾਅਦ ਪਹਿਲ ਦੇ ਆਧਾਰ ਤੇ ਇਹ ਕੰਮ ਕਰਵਾਉਣਗੇ । ਉਹਨਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਸ ਨੂੰ ਜਿੱਤਾ ਕੇ ਆਮ ਆਦਮੀ ਪਾਰਟੀ ਨੂੰ ਕਾਮਯਾਬ ਬਣਾਓ।

# ਭਾਰਤ ਨੇ ਆਪਣੇ ਨਾਗਰਿਕਾਂ ਨੂੰ ਇਰਾਨ ਛੱਡਣ ਲਈ ਕਿਹਾ

## ਇਜ਼ਰਾਈਲ ਵਿੱਚ ਰਹਿ ਰਹੇ ਭਾਰਤੀ ਨਾਗਰਿਕਾਂ ਲਈ ਤਾਜ਼ਾ ਐਡਵਾਈਜ਼ਰੀ ਜਾਰੀ

ਨਵੀਂ ਦਿੱਲੀ, 8 ਜੂਨ (ਰਿੰਕੂ)-ਪੱਛਮੀ ਏਸ਼ੀਆ ਵਿੱਚ ਮੁੜ ਸ਼ੁਰੂ ਹੋਏ ਤਣਾਅ ਦਰਮਿਆਨ, ਭਾਰਤ ਨੇ ਸੋਮਵਾਰ ਨੂੰ ਇਰਾਨ ਅਤੇ ਇਜ਼ਰਾਈਲ ਵਿੱਚ ਰਹਿ ਰਹੇ ਆਪਣੇ ਨਾਗਰਿਕਾਂ ਲਈ ਤਾਜ਼ਾ ਸੁਰੱਖਿਆ ਐਡਵਾਈਜ਼ਰੀ ਜਾਰੀ ਕੀਤੀ ਹੈ। ਇਸ ਵਿੱਚ ਭਾਰਤੀਆਂ ਨੂੰ ਇਰਾਨ ਦੀ ਯਾਤਰਾ ਨਾ ਕਰਨ ਅਤੇ ਉੱਥੇ ਪਹਿਲਾਂ ਤੋਂ ਮੌਜੂਦ ਲੋਕਾਂ ਨੂੰ ਤੁਰੰਤ ਦੇਸ਼ ਛੱਡਣ ਲਈ ਕਿਹਾ ਗਿਆ ਹੈ। ਦੂਜੇ ਪਾਸੇ, ਇਜ਼ਰਾਈਲ ਵਿੱਚ ਰਹਿ ਰਹੇ ਭਾਰਤੀਆਂ ਨੂੰ ਚੌਕਸ ਰਹਿਣ ਅਤੇ ਬਿਨਾਂ ਕਿਸੇ ਜ਼ਰੂਰੀ ਕੰਮ ਦੇ ਇੱਧਰ-ਉੱਧਰ ਨਾ ਜਾਣ ਦੀ ਸਲਾਹ ਦਿੱਤੀ ਗਈ ਹੈ। ਤਹਿਰਾਨ ਸਥਿਤ ਭਾਰਤੀ ਦੂਤਾਵਾਸ ਨੇ ਇੱਕ ਬਿਆਨ ਜਾਰੀ ਕਰਕੇ "ਇਸ ਇਲਾਕੇ ਦੇ ਤਾਜ਼ਾ ਹਾਲਾਤ" ਨੂੰ ਦੇਖਦੇ ਹੋਏ ਇਰਾਨ ਨਾ ਜਾਣ ਦੀ ਆਪਣੀ ਪਹਿਲੀ ਐਡਵਾਈਜ਼ਰੀ ਨੂੰ ਦੁਹਰਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਇਸ ਵੇਲੇ ਇਰਾਨ ਵਿੱਚ ਰਹਿ ਰਹੇ ਭਾਰਤੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਉਣ-ਜਾਣ ਲਈ ਮੌਜੂਦ ਸਾਧਨਾਂ (ਫਲਾਈਟਾਂ ਆਦਿ) ਦੀ ਵਰਤੋਂ ਕਰਕੇ ਤੁਰੰਤ ਦੇਸ਼ ਛੱਡ ਦੇਣ। ਇਹ ਐਡਵਾਈਜ਼ਰੀ ਇਜ਼ਰਾਈਲ ਅਤੇ ਇਰਾਨ ਵਿਚਕਾਰ ਵਧੇ ਤਾਜ਼ਾ ਤਣਾਅ ਕਰਕੇ ਜਾਰੀ ਕੀਤੀ ਗਈ ਹੈ। ਦਰਅਸਲ, ਤਹਿਰਾਨ ਵੱਲੋਂ ਮਿਜ਼ਾਈਲਾਂ ਦਾਗੇ ਜਾਣ ਤੋਂ ਬਾਅਦ ਹੁਣ ਕੇਂਦਰੀ ਅਤੇ ਪੱਛਮੀ ਇਰਾਨ ਵਿੱਚ ਕਈ ਨਿਸ਼ਾਨਿਆਂ 'ਤੇ ਇਜ਼ਰਾਈਲ ਵੱਲੋਂ ਹਵਾਈ ਹਮਲੇ ਕੀਤੇ ਜਾਣ ਦੀਆਂ ਖ਼ਬਰਾਂ ਹਨ, ਜਿਸ ਕਾਰਨ ਪੂਰੇ ਇਲਾਕੇ ਵਿੱਚ ਇੱਕ ਵੱਡੀ ਜੰਗ ਛਿੜਨ ਦਾ ਡਰ ਹੋਰ ਵਧ ਗਿਆ ਹੈ। ਦੂਜੇ ਪਾਸੇ, ਤੇਲ ਅਵੀਵ ਸਥਿਤ ਭਾਰਤੀ ਦੂਤਾਵਾਸ ਨੇ ਇਜ਼ਰਾਈਲ ਵਿੱਚ ਮੌਜੂਦ ਸਾਰੇ ਭਾਰਤੀ ਨਾਗਰਿਕਾਂ ਨੂੰ ਮੌਜੂਦਾ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ "ਬਹੁਤ ਜ਼ਿਆਦਾ ਸਾਵਧਾਨੀ" ਵਰਤਣ ਅਤੇ ਚੌਕਸ ਰਹਿਣ ਦੀ ਸਲਾਹ ਦਿੱਤੀ ਹੈ।



# "ਰੰਗਮੰਚ ਫ਼ਿਲਮ ਐਕਟਿੰਗ ਵਰਕਸ਼ਾਪ" ਦੌਰਾਨ ਪੰਜਵੇਂ ਦਿਨ ਨਵਰਸ ਵਰਤਕੇ ਕੀਤੀਆਂ ਪੇਸ਼ਕਾਰੀਆਂ

ਨਿਹਾਲ ਸਿੰਘ ਵਾਲਾ 7 ਜੂਨ (ਮਿੰਟੂ ਖੁਰਮੀ ਹਿੰਮਤਪੁਰਾ) ਅਲਾਇੰਸ ਕਲੱਬਜ਼ ਇੰਟਰਨੈਸ਼ਨਲ,ਨਿਹਾਲ ਸਿੰਘ ਵਾਲਾ ਵੱਲੋਂ ਆਯੋਜਿਤ "ਰੰਗਮੰਚ ਫ਼ਿਲਮ ਐਕਟਿੰਗ ਵਰਕਸ਼ਾਪ 2026" ਦਾ ਪੰਜਵਾਂ ਦਿਨ 21 ਸਿਖਿਆਰਥੀਆਂ ਨਾਲ ਮੈਡੀਟੇਸ਼ਨ ਕਲਾਸ ਤੋਂ ਸ਼ੁਰੂ ਹੋਇਆ। ਰੰਗਮੰਚੀ ਖੇਡਾਂ ਖੇਡਦੇ ਬੱਚਿਆਂ ਨੇ ਰਸ ਭਾਵ ਤੇ ਕੰਮ ਕੀਤਾ। ਨਵਰਸ ਦੀ ਕਲਾਸ ਵਿੱਚ ਅੱਜ ਸੀਨ ਵਰਕ ਉੱਤੇ ਕੰਮ ਹੋਇਆ,ਜਿਸ ਵਿੱਚ ਬੱਚਿਆਂ ਨੇ ਖੁਦ ਕਹਾਣੀ ਬਣਾਉਣ ਦਾ ਤਜ਼ੁਰਬਾ ਕੀਤਾ ਉਹਨਾਂ ਸ਼ੁਰੂ,ਮੱਧ,ਅੰਤ ਦਾ ਥੀਮ ਵਰਤਕੇ ਕਹਾਣੀ ਤਿਆਰ ਕੀਤੀ ਫਿਰ ਨਵਰਸ ਦੇ ਨੌ ਰਸ ਭਾਵ ਕਹਾਣੀ ਨੂੰ ਨਾਟਕੀ ਰੂਪ ਰਾਹੀਂ ਪੇਸ਼ ਕੀਤਾ। ਬੱਚਿਆਂ ਨੇ ਆਪਣੇ-ਆਪਣੇ ਕਿਰਦਾਰ ਪੰਜ ਦਿਨ ਦੇ ਰਸ ਭਾਵਾਂ ਨੂੰ ਸਮਝਦੇ ਹੋਏ ਖ਼ੁਦ ਘੜੇ ਜਿਸਨੂੰ ਹੋਰ ਡੂੰਘਾਈ ਨਾਲ ਡਾਇਰੈਕਟਰ ਸੁਖਦੇਵ ਲੱਧੜ ਨੇ ਸਮਝਾਉਂਦੇ ਹੋਏ ਬੱਚਿਆਂ ਤੋਂ ਪੇਸ਼ਕਾਰੀ ਕਰਵਾਈ। ਐਕਟ ਤਿਆਰ ਕਰਦੇ ਸਮੇਂ ਦਿਮਾਗ,ਸ਼ਰੀਰ ਅਤੇ ਆਵਾਜ਼ ਦੇ ਮੈਥਡ ਨੂੰ ਬੜੇ ਵਧੀਆ ਢੰਗ ਨਾਲ ਬੱਚਿਆਂ




ਨੇ ਸਮਝਕੇ ਪੇਸ਼ ਕੀਤਾ। ਸ਼ਬਦਾਂ ਦੀ ਸ਼ੁੱਧਤਾ ਅਤੇ ਡਾਇਲਾਗ ਬੋਲਣ ਦੀ ਪ੍ਰਕਿਰਿਆ 'ਚ ਟੰਗ ਟਵਿਸਟ ਕਸਰਤ ਕਰਵਾਈ ਗਈ।ਹੇਜ਼ਲਜੋਤ ਕੌਰ,ਪ੍ਰਜ਼ਲੀਨ ਕੌਰ ਤੇ ਪ੍ਰਭਮਾਨ ਸਿੰਘ ਨੇ ਗਾਣੇ ਸੁਣਾਕੇ ਵਰਕਸ਼ਾਪ ਦੀ ਰੌਣਕ ਵਧਾਈ। ਸਿਖਿਆਰਥੀਆਂ ਨੇ ਵਰਕਸ਼ਾਪ ਦੇ ਮਹੱਤਵ ਨੂੰ ਸਮਝਦਿਆਂ ਸਾਰੇ ਕੰਮਾਂ ਤੇ ਧਿਆਨ ਰੱਖਣ ਦਾ ਖਿਆਲ ਏਸ ਤਰੀਕੇ ਨਾਲ ਜ਼ਾਹਿਰ ਕਰਵਾਇਆ, ਉਹਨਾਂ ਐਕਟ ਤਿਆਰ ਕਰਦੇ ਸਮੇਂ ਖੁਦ ਸੀਨ ਤੇ ਡਾਇਲਾਗ ਇਮਪਰੋਵਾਇਜ ਕੀਤੇ ਜਿੰਨ੍ਹਾਂ ਉਤੇ ਪੇਸ਼ਕਾਰੀ ਤੋਂ ਬਾਅਦ ਹੋਰ ਨਿਖਾਰਨ ਲਈ ਕੰਮ ਹੋਇਆ। ਬੱਚਿਆਂ ਵਿੱਚ ਵਰਕਸ਼ਾਪ ਪ੍ਰਤੀ ਉਤਸ਼ਾਹ ਦਿਨੋਂ ਦਿਨ ਵੱਧ ਰਿਹਾ। ਕਲਾਸ ਦੌਰਾਨ ਨਿਮਰਤ ਸੁੱਖ (ਮੀਤ ਪ੍ਰਧਾਨ - ਅਲਾਇੰਸ ਕਲੱਬਜ਼ ਇੰਟਰਨੈਸ਼ਨਲ) ਵਿਸ਼ੇਸ਼ ਤੌਰ ਤੇ ਹਾਜਰ ਰਹੇ। ਜ਼ਿਕਰਯੋਗ ਹੈ ਕਿ ਇਹ ਵਰਕਸ਼ਾਪ ਡਾਕਟਰ ਹਰਗੁਰਪ੍ਰਤਾਪ ਸਿੰਘ (ਦੀਪ ਹਸਪਤਾਲ) ਦੀ ਪ੍ਰੇਰਨਾ ਸਦਕਾ ਹਰ ਸਾਲ ਜੂਨ ਦੇ ਮਹੀਨੇ ਲਗਾਈ ਜਾਂਦੀ ਹੈ।

# ਜਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਨਾਲ ਮੀਟਿੰਗ ਦਾ ਆਯੋਜਨ



ਸ੍ਰੀ ਮੁਕਤਸਰ ਸਾਹਿਬ, 8 ਜੂਨ (ਅਨਮੋਲ / ਦੀਪੰਕਰ): ਜਿਲ੍ਹੇ ਦੇ ਵਪਾਰੀਆਂ ਨੂੰ ਉਨ੍ਹਾਂ ਦੇ ਵਪਾਰ ਨਾਲ ਸਬੰਧਿਤ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ, ਇਹ ਜਾਣਕਾਰੀ ਗੁਰਕਿਰਨਦੀਪ ਸਿੰਘ ਸਿੱਧੂ ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਨੇ ਜ਼ਿਲ੍ਹੇ ਨਾਲ ਸਬੰਧਿਤ ਟਰੇਡ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਇਸ ਮੌਕੇ ਤੇ ਅਰਵਿੰਦਰ ਪਾਲ ਸਿੰਘ ਐਸ.ਡੀ.ਐਮ. ਗਿੱਦੜਬਾਹਾ, ਪੰਕਜ ਕੁਮਾਰ ਐਸ.ਡੀ.ਐਮ. ਮਲੋਟ ਵੀ ਮੌਜੂਦ ਸਨ। ਉਹਨਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਉਹਨਾਂ ਨੂੰ ਭਵਿੱਖ ਵਿੱਚ ਕੋਈ ਸਮੱਸਿਆ ਪੇਸ਼ ਨਾ ਆਵੇ। ਉਹਨਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਵਪਾਰੀਆਂ ਦੀ ਸਮੱਸਿਆਵਾਂ ਦੇ ਹੱਲ ਲਈ ਹਰ ਹਫਤੇ ਹਲਕਾ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀਆਂ ਜਾ ਰਹੀਆਂ ਹਨ ਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਰਿਵਿਊ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਵਨੀਤ ਜਿੰਦਲ ਚੇਅਰਮੈਨ ਜਿਲ੍ਹਾ ਟਰੇਡਰਜ਼ ਕਮਿਸ਼ਨ, ਕੁਲਵਿੰਦਰ ਕੰਡਾ ਚੇਅਰਮੈਨ ਵਿਧਾਨ ਸਭਾ ਟਰੇਡਰਜ਼ ਕਮਿਸ਼ਨ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਦੇ ਨੁਮਾਇੰਦੇ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਵੱਲੋਂ ਡੇਂਗੂ/ਮਲੇਰੀਆ/ਚਿਕਨਗੁਨੀਆ ਦੀ ਰੋਕਥਾਮ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕਰਨ ਦੇ ਨਿਰਦੇਸ਼

## ਡੇਂਗੂ /ਮਲੇਰੀਆ /ਚਿਕਨਗੁਨੀਆ ਰੋਕਣ ਲਈ ਵਿਭਾਗੀ ਕਾਰਵਾਈਆਂ ਤੇਜ ਕਰਨ ਦੇ ਨਿਰਦੇਸ਼



ਮੋਗਾ, 8 ਜੂਨ (ਲਛਮਣ ਜੀਤ ਸਿੰਘ ਪੁਰਬਾ): ਮਲੇਰੀਆ/ਡੇਂਗੂ/ ਚਿਕਨਗੁਨੀਆ ਬਿਮਾਰੀਆਂ ਦੀ ਰੋਕਥਾਮ ਅਤੇ ਇਸ ਪ੍ਰਤੀ ਆਮ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਵੱਲੋਂ ਸਬੰਧਤ ਵਿਭਾਗਾਂ ਦੀ ਮੀਟਿੰਗ ਬੁਲਾਈ। ਇਸ ਮੀਟਿੰਗ ਵਿੱਚ ਇਸ ਮੀਟਿੰਗ ਵਿੱਚ ਨਗਰ ਨਿਗਮ, ਐਸ.ਡੀ.ਐਮ., ਵਾਟਰ ਸਪਲਾਈ ਤੇ ਸੀਵਰੇਜ ਬੋਰਡ, ਪੰਚਾਇਤੀ ਰਾਜ, ਸਿੱਖਿਆ ਵਿਭਾਗ ਤੇ ਸਿਹਤ ਵਿਭਾਗ ਦੇ ਨੁਮਾਇੰਦੇ ਹਾਜ਼ਰ ਸਨ। ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਦੱਸਿਆ ਕਿ ਇਨ੍ਹਾਂ ਬਿਮਾਰੀਆਂ ਦੀ ਰੋਕਥਾਮ ਲਈ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨ ਦੀ ਜ਼ਰੂਰਤ ਹੈ। ਸਿਹਤ ਵਿਭਾਗ ਦੇ ਨੁਮਾਇੰਦਆਂ ਨੇ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਸਿਹਤ ਕਰਮਚਾਰੀਆਂ ਵੱਲੋਂ ਘਰ-ਘਰ ਜਾ ਕੇ ਬੁਖਾਰ ਵਾਲੇ ਮਰੀਜ਼ਾਂ ਦਾ ਖੂਨ ਟੈਸਟ ਮੁਫ਼ਤ ਕੀਤਾ ਜਾਂਦਾ ਹੈ ਅਤੇ ਮਲੇਰੀਆ ਦੀ ਰਿਪੋਰਟ ਪਾਜੀਟਿਵ ਆਉਣ 'ਤੇ ਮਰੀਜ਼ਾਂ ਨੂੰ ਪੂਰਾ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਂਦਾ ਹੈ। ਮਲੇਰੀਆ ਅਤੇ ਡੇਂਗੂ ਪ੍ਰਭਾਵਿਤ ਇਲਾਕੇ ਵਿੱਚ ਫੀਵਰ ਸਰਵੇ ਅਤੇ ਸਪਰੇਅ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨੂੰ ਆਦੇਸ਼ ਜਾਰੀ ਕੀਤੇ ਕਿ ਉਹ ਜ਼ਿਲ੍ਹੇ ਦੇ ਛੱਪੜਾਂ ਵਿੱਚ ਗੰਬੂਜੀਆ ਮੱਛੀਆਂ ਜੋ ਕਿ ਮੱਛਰਾਂ ਦਾ ਲਾਰਵਾ ਖਾਂਦੀਆਂ ਹਨ, ਨੂੰ ਛੱਡਣਾ ਯਕੀਨੀ ਬਣਾਉਣ। ਨਗਰ ਨਿਗਮ ਦੇ ਅਧਿਕਾਰੀਆਂ ਨੂੰ ਉਨ੍ਹਾਂ ਹਦਾਇਤ ਜਾਰੀ ਕੀਤੀ ਕਿ ਉਹ ਡੇਂਗੂ/ਚਿਕਨਗੁਨੀਆ/ ਮਲੇਰੀਆ ਨੂੰ ਰੋਕਣ ਲਈ ਕਰਵਾਈ ਜਾਣ ਵਾਲੀ ਫਾਗਿੰਗ ਜਾਂ ਲਾਰਵੇ ਦੀ ਚੈਕਿੰਗ ਜਾਂ ਹੋਰ ਕਾਰਵਾਈ ਦਾ ਰੋਸਟਰ ਬਣਾ ਕੇ ਦਫ਼ਤਰ ਨੂੰ ਜਮ?ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਏਡੀਜ਼ ਦੀ ਬ੍ਰੀਡਿੰਗ ਦੇ ਖਾਤਮੇ ਲਈ ਹਰ ਸ਼ੁੱਕਰਵਾਰ ਨੂੰ ਡ?ਰਾਈ ਡੇ ਦੇ ਤੌਰ 'ਤੇ ਮਨਾਉਣ ਅਤੇ ਘਰਾਂ ਵਿੱਚ ਮੱਛਰਾਂ ਦੀ ਬ੍ਰੀਡਿੰਗ ਦੇ ਖਾਤਮੇ ਲਈ ਹਰ ਐਤਵਾਰ ਡੇਂਗ 'ਤੇ ਵਾਰ ਦਾ ਪ੍ਰਚਾਰ ਜੋਰਾਂ 'ਤੇ ਕੀਤਾ ਜਾਵੇ। ਇਸ ਦੌਰਾਨ ਘਰਾਂ ਵਿੱਚ ਪਏ ਪਾਣੀ ਸਟੋਰ ਕਰਨ ਵਾਲੇ ਬਰਤਨਾਂ ਜਾਂ ਕੰਨਟੇਨਰਾਂ ਨੂੰ ਢੱਕਕੇ ਰੱਖਿਆ ਜਾਵੇ ਅਤੇ ਘਰਾਂ ਵਿੱਚ ਪਏ ਖਾਲੀ ਕੰਨਟੇਨਰ, ਗਮਲੇ, ਟਾਇਰਾਂ, ਕੂਲਰ ਜਾਂ ਫਰਿਜਾਂ ਦੀਆਂ ਡਿਸਪੋਜ਼ਲ ਟ?ਰੇਆਂ ਨੂੰ ਸਾਫ਼ ਕਰਵਾਇਆ ਜਾਵੇ। ਉਨ੍ਹਾਂ ਮਿਉਂਸਪਲ ਕਾਰਪੋਰੇਸ਼ਨ ਅਤੇ ਲੋਕਲ ਸਰਕਾਰੀ ਕਮੇਟੀਆਂ ਨੂੰ ਫਾਗਿੰਗ ਲਗਾਤਾਰ ਜਾਰੀ ਰੱਖਣ ਲਈ ਕਿਹਾ। ਉਨ੍ਹਾਂ ਕਿਹਾ ਕਿ ਏਡੀਜ਼ ਮੱਛਰ ਦਿਨ ਵੇਲੇ ਕੱਟਦਾ ਹੈ ਇਸ ਲਈ ਫਾਗਿੰਗ ਕਰਨ ਦਾ ਸਮਾਂ ਸਵੇਰੇ 9 ਤੋਂ 11 ਵਜੇ ਅਤੇ ਸ਼ਾਮ 4 ਤੋਂ 7 ਵਜੇ ਦੇ ਵਿੱਚ ਹੀ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਨੂੰ ਆਦੇਸ਼ ਜਾਰੀ ਕੀਤੇ ਡੇਂਗੂ/ ਚਿਕਨਗੁਨੀਆ /ਮਲੇਰੀਆ ਲਈ ਰੋਕਥਾਮ ਗਤੀਵਿਧੀਆਂ ਅਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਕੋਈ ਵੀ ਕਸਰ ਬਾਕੀ ਨਾ ਛੱਡੀ ਜਾਵੇ ਤਾਂ ਕਿ ਜ਼ਿਲ੍ਹੇ ਵਿੱਚ ਇਨ੍ਹਾਂ ਦੇ ਕੇਸਾਂ ਨੂੰ ਘਟਾਇਆ ਜਾ ਸਕੇ।



# ਪਤੰਜਲੀ ਯੋਗ ਸਮਿਤੀ, ਫਰੀਦਕੋਟ ਵਲੋਂ ਅੱਠ ਦਿਨਾਂ ਯੋਗ ਕੈਂਪ ਆਯੋਜਿਤ



ਫਰੀਦਕੋਟ, 8 ਜੂਨ (ਕੁਮਾਰ): ਭਾਰਤੀ ਯੋਗ ਸੰਸਥਾਨ ਅਤੇ ਪਤੰਜਲੀ ਯੋਗ ਸਮਿਤੀ, ਫਰੀਦਕੋਟ ਨੇ ਸ਼੍ਰੀ ਪ੍ਰੇਮ ਸੰਕੀਰਤਨ ਮੰਡਲ ਦੇ ਸਹਿਯੋਗ ਨਾਲ ਮਹਾਤਮਾ ਗਾਂਧੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੱਠ ਦਿਨਾਂ ਦਾ ਸਧਾਰਨ ਯੋਗ ਕੈਂਪ ਲਗਾਇਆ। ਇਸ ਵਿੱਚ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਹਿੱਸਾ ਲਿਆ। ਯੋਗ ਅਧਿਆਪਕ ਅਸ਼ੋਕ ਅਰੋੜਾ ਅਤੇ ਹਰੀ ਅਰੋੜਾ ਨੇ ਬੱਚਿਆਂ ਨੂੰ ਸੂਖਮ ਕਸਰਤਾਂ, ਪ੍ਰਾਣਾਯਾਮ, ਅਨੁਲੋਮ ਵਿਲੋਮ, ਕਪਾਲਭਾਤੀ, ਭਸਤ੍ਰਿਕਾ, ਅਤੇ ਭਾਨਵਰਾ ਹਮਜਨ, ਹਾਸੇ ਦੀ ਕਿਰਿਆ ਦੇ ਲਾਭ ਸਿਖਾਏ। ਮੰਡੁਕਾਸਨ, ਚੰਦਰਾਕਰ ਆਸਣ, ਭੂ ਨਮਨ ਆਸਣ, ਬਜਰੰਗਬਲੀ ਆਸਣ, ਵ੍ਰਿਕਸ਼ਾਸਨ, ਤਾਡਾਸਨ, ਆਦਿ। ਕੈਂਪ ਦੇ ਆਖਰੀ ਦਿਨ, ਹਰੀ ਅਰੋੜਾ ਨੇ ਮੁੱਖ ਮਹਿਮਾਨ, ਸੰਸਕ੍ਰਿਤ ਵਿਦਵਾਨ ਅਤੇ ਕਈ ਕਿਤਾਬਾਂ ਦੇ ਲੇਖਕ, ਸ਼੍ਰੀ ਨਿਰਮਲ ਕੌਸ਼ਿਕ ਨੂੰ ਸਿਰੋਪਾ (ਇੱਕ ਪਵਿੱਤਰ ਧਾਗਾ) ਭੇਟ ਕਰਕੇ ਸਨਮਾਨਿਤ ਕੀਤਾ। ਬਾਅਦ ਵਿੱਚ, ਕੌਸ਼ਿਕ ਨੇ ਸ਼੍ਰੀ ਅਸ਼ੋਕ ਅਰੋੜਾ ਨੂੰ ਯਾਦਗਾਰੀ ਚਿੰਨ੍ਹ ਅਤੇ ਸਿਰੋਪਾ (ਇੱਕ ਪਵਿੱਤਰ ਧਾਗਾ) ਦੇ ਕੇ ਸਨਮਾਨਿਤ ਕੀਤਾ। ਯੋਗ ਕੈਂਪ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਤੋਹਫ਼ੇ ਦੇ ਕੇ ਉਤਸ਼ਾਹਿਤ ਕੀਤਾ ਗਿਆ। ਕੌਸ਼ਿਕ ਨੇ ਬੱਚਿਆਂ ਨੂੰ ਰੋਜ਼ਾਨਾ ਯੋਗਾ ਕਰਨ ਦੀ ਸਲਾਹ ਦਿੱਤੀ। ਅੰਤ ਵਿੱਚ ਬੱਚਿਆਂ ਨੂੰ ਫਲ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਅਸ਼ੀਸ਼ ਗੋਇਲ, ਰੋਹਿਤ, ਭਵਯਮ, ਵੰਸ਼ ਰਾਜ, ਹੇਮੰਤ ਕੁਮਾਰ, ਜਸ਼ਨ ਨਮਨਦੀਪ, ਹਰਨੂਰ ਸਿੰਘ, ਪ੍ਰਭਜੋਤ ਸਿੰਘ ਰਾਜ ਮੌਰੀਆ, ਉੱਤਮ ਮੌਰੀਆ, ਵਿਨੈ ਨੰਨ੍ਹਾ ਮਾਹੀ ਵਿਸ਼ਨੂੰ ਆਦਿ ਹਾਜ਼ਰ ਸਨ।

# ਝੋਨੇ ਦੀ ਸਿੱਧੀ ਬਿਜਾਈ ਅਤੇ ਮੱਕੀ ਦੀ ਕਾਸ਼ਤ ਨੂੰ ਮਿਲੇਗਾ ਉਤਸ਼ਾਹ

## ਬਠਿੰਡਾ ਵਿੱਚ ਖੇਤੀਬਾੜੀ ਅਧਿਕਾਰੀਆਂ ਦੀ ਅਹਿਮ ਬੈਠਕ

ਫਾਜ਼ਿਲਕਾ, 7 ਜੂਨ (ਬਿਊਰੋ ਚੀਫ): ਸੰਯੁਕਤ ਡਾਇਰੈਕਟਰ ਖੇਤੀਬਾੜੀ (ਪੀ.ਪੀ.) ਪੰਜਾਬ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ.) ਅਤੇ ਸਾਉਣੀ ਮੱਕੀ ਹੇਠ ਰਕਬਾ ਵਧਾਉਣ ਸਬੰਧੀ ਜ਼ਿਲ੍ਹਾ ਬਠਿੰਡਾ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੁੱਖ ਖੇਤੀਬਾੜੀ ਅਫਸਰ ਡਾ. ਹਰਪ੍ਰੀਤਪਾਲ ਕੌਰ ਦੀ ਹਾਜ਼ਰੀ ਵਿੱਚ ਸਮੂਹ ਬਲਾਕ ਖੇਤੀਬਾੜੀ ਅਫਸਰਾਂ, ਖੇਤੀਬਾੜੀ ਵਿਕਾਸ ਅਫਸਰਾਂ, ਖੇਤੀਬਾੜੀ ਵਿਸਥਾਰ ਅਫਸਰਾਂ ਅਤੇ ਹੈੱਡਕੁਆਰਟਰ ਬਠਿੰਡਾ ਵਿਖੇ ਤਾਇਨਾਤ ਅਧਿਕਾਰੀਆਂ ਨਾਲ ਸਮੀਖਿਆ ਬੈਠਕ ਕੀਤੀ। ਬੈਠਕ ਦੌਰਾਨ ਡਾ. ਬੈਨੀਪਾਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿਛਲੇ ਸਾਲ ਦੇ ਮੁਕਾਬਲੇ ਝੋਨੇ ਦੀ ਸਿੱਧੀ ਬਿਜਾਈ ਹੇਠ ਰਕਬਾ ਵਧਾਉਣ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡੀ.ਐੱਸ.ਆਰ. ਅਪਣਾਉਣ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ, ਜਿਸ ਲਈ ਕਿਸਾਨਾਂ ਦਾ ਸਬੰਧਤ ਆਨਲਾਈਨ ਪੋਰਟਲ 'ਤੇ ਰਜਿਸਟਰੇਸ਼ਨ ਕਰਵਾਉਣਾ ਲਾਜ਼ਮੀ ਹੈ। ਉਨ੍ਹਾਂ ਨੇ ਸਾਉਣੀ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਵੀ ਅਧਿਕਾਰੀਆਂ ਨੂੰ ਵੱਧ ਤੋਂ ਵੱਧ ਕਿਸਾਨਾਂ ਨਾਲ ਸੰਪਰਕ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਉਣੀ ਮੱਕੀ ਦੀ ਫਸਲ ਲਈ 17,500 ਰੁਪਏ ਪ੍ਰਤੀ ਹੈਕਟੇਅਰ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇਗੀ। ਇਹ ਰਾਸ਼ੀ ਕੇਵਲ ਉਨ੍ਹਾਂ ਕਿਸਾਨਾਂ ਨੂੰ ਹੀ ਮਿਲੇਗੀ, ਜਿਨ੍ਹਾਂ ਨੇ ਝੋਨੇ ਦੀ ਥਾਂ ਮੱਕੀ ਦੀ ਕਾਸ਼ਤ ਕੀਤੀ ਹੋਵੇਗੀ। ਸੰਯੁਕਤ ਡਾਇਰੈਕਟਰ ਨੇ ਫਾਰਮਰ ਰਜਿਸਟਰੀ ਦੇ ਕੰਮ ਦੀ ਵੀ ਸਮੀਖਿਆ ਕੀਤੀ ਅਤੇ ਸਮੂਹ ਸਟਾਫ ਨੂੰ ਇਹ ਕੰਮ ਸਮੇਂ-ਸਿਰ ਮੁਕੰਮਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਫਾਰਮਰ ਰਜਿਸਟਰੀ ਮੁਕੰਮਲ ਹੋਣ ਨਾਲ ਕਿਸਾਨਾਂ ਨੂੰ ਖੇਤੀਬਾੜੀ ਇਨਪੁੱਟਸ ਸਮੇਂ ਸਿਰ ਉਪਲਬਧ ਕਰਵਾਉਣ ਅਤੇ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਪਹੁੰਚਾਉਣ ਵਿੱਚ ਸੁਵਿਧਾ ਹੋਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਸਾਨਾਂ ਤੱਕ ਸਰਕਾਰੀ ਸਕੀਮਾਂ ਦੀ ਜਾਣਕਾਰੀ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਅਤੇ ਖੇਤੀਬਾੜੀ ਵਿੱਚ ਵਿਭਿੰਨਤਾ ਲਿਆਉਣ ਲਈ ਜਾਗਰੂਕਤਾ ਮੁਹਿਮ ਹੋਰ ਤੇਜ਼ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਹਰਪ੍ਰੀਤਪਾਲ ਕੌਰ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਅਤੇ ਸਾਉਣੀ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਪਿੰਡ ਪੱਧਰ ਤੱਕ ਜਾਗਰੂਕਤਾ ਮੁਹਿਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਪ੍ਰੋਤਸਾਹਨ ਰਾਸ਼ੀਆਂ ਅਤੇ ਹੋਰ ਸਕੀਮਾਂ ਦਾ ਲਾਭ ਦਿਵਾਉਣ ਲਈ ਵਿਭਾਗ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਾਰਮਰ ਰਜਿਸਟਰੀ ਅਤੇ ਸਬੰਧਤ ਪੋਰਟਲਾਂ 'ਤੇ ਸਮੇਂ ਸਿਰ ਰਜਿਸਟਰੇਸ਼ਨ ਕਰਵਾਉਣ ਤਾਂ ਜੋ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕੀਤਾ ਜਾ ਸਕੇ।



ਕੈਪਸਨ: ਮੀਟਿੰਗ ਦੌਰਾਨ ਮੌਜੂਦ ਖੇਤੀਬਾੜੀ ਵਿਭਾਗ ਦੇ ਅਧਿਕਾਰੀ।

# ਅਗਨੀਵੀਰ ਆਰਮੀ ਭਰਤੀ ਲਈ ਫਿਜ਼ੀਕਲ ਦੀ ਮੁਫ਼ਤ ਤਿਆਰੀ ਲਈ ਕੈਂਪ ਦੀ ਸ਼ੁਰੂਆਤ

ਸ੍ਰੀ ਮੁਕਤਸਰ ਸਾਹਿਬ, 8 ਜੂਨ ( ਦੀਪਕ / ਅਨਮੋਲ ): ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ (ਫਿਰੋਜ਼ਪੁਰ) ਦੇ ਕੈਂਪ ਟਰੇਨਿੰਗ ਅਫ਼ਸਰ ਕੈਪਟਨ (ਰਿਟਾਇਡ) ਗੁਰਦਰਸ਼ਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਨ੍ਹਾਂ ਯੁਵਕਾਂ ਨੇ ਜੂਨ 2026 ਵਿੱਚ ਅਗਨੀਵੀਰ ਦੀ ਲਿਖਤੀ ਪ੍ਰੀਖਿਆ ਦੇ ਦਿੱਤੀ ਹੈ ਅਤੇ ਫਿਜ਼ੀਕਲ ਦੀ ਤਿਆਰੀ ਕਰਨਾ ਚਾਹੁੰਦੇ ਹਨ, ਇਸ ਸਬੰਧੀ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਾਜਿਲਕਾ ਅਤੇ ਫਰੀਦਕੋਟ ਜ਼ਿਲ੍ਹਿਆਂ ਦੇ ਯੁਵਕਾਂ ਦੀ ਫ਼ਿਜ਼ੀਕਲ ਟੈਸਟ ਦੀ ਟਰੇਨਿੰਗ 08 ਜੂਨ 2026 ਤੋਂ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਫਿਜ਼ੀਕਲ ਟੈਸਟ ਦੀ ਟਰੇਨਿੰਗ ਸੀ-ਪਾਈਟ ਦੇ ਤਜ਼ਰਬੇਕਾਰ ਸਟਾਫ ਅਤੇ ਫੌਜ਼ ਦੇ ਤਜ਼ਰਬੇਕਾਰ ਸਟਾਫ ਵੱਲੋਂ ਕਰਵਾਈ ਜਾ ਰਹੀ ਹੈ। ਅਗਨੀਵੀਰ ਆਰਮੀ ਭਰਤੀ ਰੈਲੀ 18 ਅਗਸਤ 2026 ਤੋਂ ਸ਼ੁਰੂ ਹੋ ਰਹੀ ਹੈ । ਇਸ ਲਈ ਨੌਜਵਾਨਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਉਣ ਅਤੇ ਜਲਦੀ ਤੋਂ ਜਲਦੀ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਰਿਪੋਰਟ ਕਰਨ ਦੀ ਕ੍ਰਿਪਾਲਤਾ ਕਰਨ ਕਿਉਂਕਿ ਫਿਜੀਕਲ੍ਹ ਦੀ ਤਿਆਰੀ ਲਈ ਸਮਾਂ ਬਹੁਤ ਘੱਟ ਹੈ। ਯੁਵਕ ਸਵੇਰੇ 09:00 ਵਜੇ ਤੋਂ 11:30 ਵਜੇ ਤੱਕ ਕੈਂਪ ਵਿੱਚ ਪਹੁੰਚ ਕੇ ਐਡਮਿਸ਼ਨ ਕਰਵਾ ਸਕਦੇ ਹਨ। ਕੈਂਪ ਵਿੱਚ ਆਉਣ ਸਮੇਂ ਆਨ ਲਾਈਨ ਰਜ਼ਿਸਟਰੇਸ਼ਨ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤਿ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ। ਯੁਵਕ ਦੀ ਛਾਤੀ ਬਿਨ੍ਹਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ ਅਤੇ ਕੱਦ 5 ਫੁੱਟ 07 ਇੰਚ ਹੋਵੇ। ਕੈਂਪ ਵਿੱਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁੱਲ ਮੁਫ਼ਤ ਦਿੱਤੀ ਜਾਵੇਗੀ ਅਤੇ ਫਿਜ਼ੀਕਲ ਦੀ ਤਿਆਰੀ ਦੀ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ । ਵਧੇਰੇ ਜਾਣਕਾਰੀ ਲਈ 73476-66557 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# 21 ਜੂਨ ਨੂੰ ਦਰਬਾਰ ਗੰਜ ਵਿਖੇ ਮਨਾਇਆ ਜਾਵੇਗਾ ਜਿਲ੍ਹਾ ਪੱਧਰੀ ਅੰਤਰ ਰਾਸ਼ਟਰੀ ਯੋਗ ਦਿਵਸ: ਡੀ.ਸੀ

### ਜੈਤੋ ਦੀ ਕਾਲੂ ਰਾਮ ਦੀ ਬਗੀਚੀ ਨੇੜੇ ਪੰਚਾਇਤੀ ਗਊਸ਼ਾਲਾ ਅਤੇ ਕੋਟਕਪੂਰਾ ਲਾਲਾ ਲਾਜਪਤਰਾਏ ਪਾਰਕ ਵਿਖੇ ਹੋਣਗੇ ਯੋਗ ਸਮਾਗਮ



ਫਰੀਦਕੋਟ, 8 ਜੂਨ (ਕੁਮਾਰ): ਹਰ ਬਜੁਰਗ, ਬੱਚੇ ਅਤੇ ਨੋਜਵਾਨ ਨੂੰ ਆਪਨੀ ਸਿਹਤ ਪ੍ਰਤੀ ਹੋਰ ਸੁਚੇਤ ਕਰਨ ਲਈ ਪੁਰਾਤਨ ਵਿਧੀ, ਯੋਗਾ ਰਾਹੀਂ ਨਿਰੋਗ ਰਹਿਣ ਅਤੇ ਪ੍ਰੇਰਿਤ ਕਰਨ ਹਿੱਤ 21 ਜੂਨ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਸਥਾਨਕ ਦਰਬਾਰ ਗੰਜ ਫਰੀਦਕੋਟ, ਕਾਲੂ ਰਾਮ ਦੀ ਬਗੀਚੀ ਨੇੜੇ ਪੰਚਾਇਤੀ ਗਊਸ਼ਾਲਾ ਜੈਤੋ ਅਤੇ ਲਾਲਾ ਲਾਜਪਤਰਾਏ ਪਾਰਕ ਕੋਟਕਪੂਰਾ, ਵਿਖੇ ਸਵੇਰੇ 6ਵਜੇ ਤੋਂ 7 ਵਜੇ ਤੱਕ ਮਨਾਇਆ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਯੋਗਾ ਦਿਵਸ ਸਬੰਧੀ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਦਾ ਜਾਇਜਾ ਲੈਣ ਮੌਕੇ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਯੋਗ ਆਸਣ ਸਬੰਧੀ ਲੋਕਾਂ ਨੂੰ ਅਭਿਆਸ ਕਰਵਾ ਕੇ ਇਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਵਿਧੀ ਨੂੰ ਹਰ ਰੋਜ਼ ਦੁਹਰਾ ਕੇ ਲੋਕਾਂ ਨੂੰ ਨਿਰੋਗ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਯੋਗ ਗੁਰੂ ਨਿਯੁਕਤ ਕੀਤੇ ਗਏ ਹਨ। । ਡਿਪਟੀ ਕਮਿਸ਼ਨਰ ਨੇ ਵੱਧ-ਵੱਧ ਲੋਕਾਂ ਨੂੰ ਯੋਗ ਦਿਵਸ ਮੌਕੇ ਪਹੁੰਚਣ ਦੀ ਅਪੀਲ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਨੇ ਹੈਲਪਲਾਈਨ ਨੰਬਰ ਸਥਾਪਿਤ ਕੀਤਾ ਹੈ, ਜਿਸ ਤੇ ਮੁਫਤ ਯੋਗ ਕਲਾਸਾਂ ਆਪਣੇ ਮੁਹੱਲੇ ਵਿੱਚ ਲਗਾਉਣ ਲਈ ਲੋਕ ਮਿਸ ਕਾਲ ਕਰ ਸਕਦੇ ਹਨ। ਇਸ ਤੋਂ ਇਲਾਵਾ ਤੇ ਵੀ ਪੰਜੀਕਰਨ ਕੀਤਾ ਜਾ ਸਕਦਾ ਹੈ। ਜੇਕਰ 25 ਲੋਕਾਂ ਦਾ ਸਮੂਹ ਹੋਵੇ ਤਾਂ ਉਹ ਆਪਣੇ ਮੁਹੱਲੇ ਜਾਂ ਕਿਸੇ ਵੀ ਕਾਲੋਨੀ ਵਿੱਚ ਯੋਗ ਕਰਨ ਦੇ ਲਈ ਮੁਫਤ ਯੋਗ ਕਲਾਸਾਂ ਲੈਣ ਲਈ ਫੋਨ ਨੰਬਰ ਤੇ ਮਿਸ ਕਾਲ ਦੇ ਸਕਦੇ ਹਨ। ਮਾਹਿਰ ਯੋਗ ਟ?ਰੇਨਰ ਉਨ੍ਹਾਂ ਨੂੰ ਖੁੱਲ੍ਹੇ ਪਾਰਕਾਂ ਤੇ ਹੋਰ ਸਰਵਜਨਿਕ ਸਥਾਨਾਂ ਤੇ ਮੁਫਤ ਯੋਗ ਕਲਾਸਾਂ ਦੇਣਗੇ। ਇਸ ਮੌਕੇ ਬੇਅੰਤ ਸਿੰਘ ਐੱਸ.ਡੀ.ਐੱਮ ਕੋਟਕਪੂਰਾ, ਵਿਕਰਮਜੀਤ ਸਿੰਘ ਐੱਸ.ਡੀ.ਐੱਮ ਜੈਤੋ, ਵਿਸ਼ਵਦੀਪ ਗੋਇਲ ਡੀ.ਐੱਮ.ਸੀ., ਬਲਜਿੰਦਰ ਸਿੰਘ ਜਿਲ੍ਹਾ ਖੇਡ ਅਫ਼ਸਰ, ਅੰਜਨਾ ਕੌਸ਼ਲ ਜਿਲ੍ਹਾ ਸਿੱਖਿਆ ਅਫ਼ਸਰ, ਇਕਬਾਲ ਸਿੰਘ ਬੀ.ਡੀ.ਪੀ.ਓ ਜੈਤੋ, ਵਿਕਾਸ ਸ਼ਰਮਾ ਬੀ.ਡੀ.ਪੀ.ਓ ਕੋਟਕਪੂਰਾ, ਆਦਿ ਅਧਿਕਾਰੀ ਹਾਜਰ ਸਨ।

# ਡਾ. ਰਮਨਦੀਪ ਸਿੰਘ ਜੈਤੋ ਵੱਲੋਂ ਸਮਾਜ ਸੇਵੀ ਡਾ. ਐਸ. ਪੀ. ਸਿੰਘ ਉਬਰਾਏ ਨਾਲ ਵਿਸ਼ੇਸ਼ ਮੁਲਾਕਾਤ

ਜੈਤੋ, 8 ਜੂਨ (ਮਨਜੀਤ ਢੱਲਾ): ਡਾ. ਰਮਨਦੀਪ ਸਿੰਘ ਜੈਤੋ ਨੇ ਅੱਜ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧ ਸਮਾਜ ਸੇਵੀ ਡਾ. ਐਸ. ਪੀ. ਸਿੰਘ ਉਬਰਾਏ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਹ ਮੁਲਾਕਾਤ ਸਮਾਜ ਸੇਵਾ, ਲੋਕ ਭਲਾਈ ਅਤੇ ਨੌਜਵਾਨਾਂ ਦੇ ਉਤਥਾਨ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਕੇਂਦਰਿਤ ਰਹੀ। ਮੁਲਾਕਾਤ ਦੌਰਾਨ ਦੋਹਾਂ ਸ਼ਖ਼ਸੀਅਤਾਂ ਨੇ ਸਮਾਜਿਕ ਭਲਾਈ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ, ਨੌਜਵਾਨਾਂ ਨੂੰ ਸਮਾਜ ਸੇਵਾ ਨਾਲ ਜੋੜਨ ਅਤੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਸਬੰਧੀ ਵਿਚਾਰਾਂ ਦਾ ਆਦਾਨ -ਪ੍ਰਦਾਨ ਕੀਤਾ। ਡਾ. ਉਬਰਾਏ ਨੇ ਮਨੁੱਖਤਾ ਦੀ ਸੇਵਾ, ਲੋੜਵੰਦਾਂ ਦੀ ਮਦਦ ਅਤੇ ਵਿਦੇਸ਼ਾਂ ਵਿੱਚ ਫਸੇ ਭਾਰਤੀ ਨੌਜਵਾਨਾਂ ਦੀ ਸਹਾਇਤਾ ਲਈ ਕੀਤੇ ਜਾ ਰਹੇ ਆਪਣੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੇ ਮਨੁੱਖਤਾ-ਕੇਂਦਰਿਤ ਯਤਨਾਂ ਨੂੰ ਦੇਸ਼-ਵਿਦੇਸ਼ ਵਿੱਚ ਵਿਸ਼ੇਸ਼ ਮਾਨਤਾ ਪ੍ਰਾਪਤ ਹੈ। ਇਸ ਮੌਕੇ ਡਾ. ਰਮਨਦੀਪ ਸਿੰਘ ਜੈਤੋ ਨੇ ਕਿਹਾ ਕਿ ਡਾ. ਐਸ. ਪੀ. ਸਿੰਘ ਉਬਰਾਏ ਵਰਗੀਆਂ ਪ੍ਰੇਰਣਾਦਾਇਕ ਸ਼ਖ਼ਸੀਅਤਾਂ ਨਾਲ ਮੁਲਾਕਾਤ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਡਾ. ਉਬਰਾਏ ਦਾ ਜੀਵਨ ਅਤੇ ਸੇਵਾ ਭਾਵਨਾ ਸਮਾਜ ਲਈ ਇੱਕ ਮਿਸਾਲ ਹੈ, ਜੋ ਹਰ ਵਿਅਕਤੀ ਨੂੰ ਮਨੁੱਖਤਾ ਦੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਣਾ ਦਿੰਦੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਮੁਲਾਕਾਤ ਭਵਿੱਖ ਵਿੱਚ ਹੋਰ ਵਿਆਪਕ ਸਮਾਜ ਸੇਵਾ ਪ੍ਰੋਜੈਕਟਾਂ ਲਈ ਨਵੀਂ ਦਿਸ਼ਾ ਅਤੇ ਊਰਜਾ ਪ੍ਰਦਾਨ ਕਰੇਗੀ। ਇਸ ਦੌਰਾਨ ਲੋਕ ਭਲਾਈ ਦੇ ਖੇਤਰ ਵਿੱਚ ਭਵਿੱਖੀ ਸਹਿਯੋਗ ਦੀਆਂ ਸੰਭਾਵਨਾਵਾਂ 'ਤੇ ਵੀ ਵਿਚਾਰ ਕੀਤਾ ਗਿਆ। ਇਹ ਮੁਲਾਕਾਤ ਬਹੁਤ ਹੀ ਯਾਦਗਾਰ, ਪ੍ਰੇਰਣਾਦਾਇਕ ਅਤੇ ਸਕਾਰਾਤਮਕ ਰਹੀ, ਜਿਸ ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਨਵੀਂ ਸੋਚ ਅਤੇ ਉਤਸ਼ਾਹ ਨੂੰ ਹੋਰ ਬਲ ਮਿਲੇਗਾ।



# ਵੋਟਰਾਂ ਦੀ ਮੈਪਿੰਗ ਲਈ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਲਗਾਏ ਗਏ ਵਿਸ਼ੇਸ਼ ਕੈਂਪ: ਜ਼ਿਲ੍ਹਾ ਚੋਣ ਅਫ਼ਸਰ

### ਐੱਸਆਈਆਰ ਤਹਿਤ 25 ਜੂਨ ਤੋਂ ਬੀ.ਐੱਲ.ਓ. ਘਰ-ਘਰ ਜਾ ਕੇ ਵੋਟਰਾਂ ਦੇ ਭਰਨਗੇ ਫਾਰਮ



ਬਠਿੰਡਾ, 7 ਜੂਨ (ਗਗਨਦੀਪ ਸਿੰਘ): ਭਾਰਤ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਕੀਤੇ ਜਾ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸਆਈਆਰ) ਦੇ ਮੱਦੇਨਜ਼ਰ ਮੁੱਖ ਚੋਣ ਅਫ਼ਸਰ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਠਿੰਡਾ ਦੇ 1192 ਪੋਲਿੰਗ ਸਟੇਸ਼ਨਾਂ 'ਤੇ ਅੱਜ ਪ੍ਰੀ ਮੈਪਿੰਗ (ਸਾਲ 2003 ਦੀ ਵੋਟਰ ਸੂਚੀ ਨੂੰ ਸਾਲ 2025 ਨਾਲ ਮੈਪ ਕਰਨਾ) ਕੈਂਪ ਲਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ. ਨੇ ਦੱਸਿਆ ਕਿ ਅੱਜ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਬਠਿੰਡਾ (ਸ਼ਹਿਰੀ), ਬਠਿੰਡਾ (ਦਿਹਾਤੀ), ਤਲਵੰਡੀ ਸਾਬੋ, ਰਾਮਪੁਰਾ, ਮੌੜ ਅਤੇ ਭੁੱਚੋ ਵਿੱਚ ਪੋਲਿੰਗ ਬੂਥਾਂ 'ਤੇ ਇੱਕ-ਰੋਜ਼ਾ ਵਿਸ਼ੇਸ਼ ਕੈਂਪ ਪ੍ਰੀ-ਮੈਪਿੰਗ ਨੂੰ ਹੋਰ ਤੇਜ਼ੀ ਨਾਲ ਅੰਜਾਮ ਦੇਣ ਲਈ ਲਗਾਏ ਗਏ। ਉਹਨਾਂ ਦੱਸਿਆ ਕਿ ਵੋਟਰ ਮੈਪਿੰਗ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਬੀਐਲਓਜ਼ ਇਸ ਕੈਂਪ ਵਿੱਚ ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਰਹੇ ਅਤੇ ਕੈਂਪਾਂ ਨੂੰ ਵੋਟਰਾਂ ਦਾ ਚੰਗਾ ਹੁੰਗਾਰਾ ਮਿਲਿਆ। ਉਹਨਾਂ ਦੱਸਿਆ ਕਿ ਜ਼ਿਲ੍ਹੇ ਵਿਚ 25 ਜੂਨ ਤੋਂ ਵਿਸ਼ੇਸ਼ ਗਹਿਰੀ ਸੁਧਾਈ ਦਾ ਕੰਮ ਸ਼ੁਰੂ ਹੋਣਾ ਹੈ। 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐਲ.ਓ. ਘਰ-ਘਰ ਜਾ ਕੇ ਵੋਟਰਾਂ ਦੇ ਫਾਰਮ ਭਰਨਗੇ। ਐਸ.ਆਈ.ਆਰ.-2026 ਦੇ ਰਿਵਾਈਜ਼ਡ ਸ਼ਡਿਊਲ ਅਨੁਸਾਰ ਪਹਿਲਾਂ 31 ਜੁਲਾਈ 2026 ਨੂੰ ਹੋਣ ਵਾਲੀ ਡਰਾਫਟ ਪ੍ਰਕਾਸ਼ਨਾ ਹੁਣ 3 ਅਗਸਤ 2026 ਨੂੰ ਕੀਤੀ ਜਾਵੇਗੀ। ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦਾ ਸਮਾਂ 3 ਅਗਸਤ ਤੋਂ 2 ਸਤੰਬਰ-2026 ਤੱਕ ਰਹੇਗਾ ਜਦਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਕਿਸੇ ਵੀ ਕਿਸਮ ਦੀ ਵਧੇਰੇ ਜਾਣਕਾਰੀ ਲਈ ਟੌਲ ਫਰੀ ਨੰਬਰ 1950 'ਤੇ ਦਫਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

# ਟੁੱਟੀ ਸੜਕ ਹਾਦਸਿਆਂ ਨੂੰ ਦੇ ਰਹੀ ਹੈ ਸੱਦਾ, ਰਾਹਗੀਰਾਂ ਨੇ ਕੀਤੀ ਤੁਰੰਤ ਮੁਰੰਮਤ ਦੀ ਮੰਗ



ਸੁਨਾਮ ਊਧਮ ਸਿੰਘ ਵਾਲਾ, 8 ਜੂਨ (ਰਾਜੂ ਸਿੰਗਲਾ / ਰਾਜੇਸ਼ ਕੁਮਾਰ): ਸੁਨਾਮ ਸ਼ਹਿਰ ਦੇ ਮੁੱਖ ਲਾਂਘਿਆਂ ਵਿੱਚੋਂ ਇੱਕ ਸ਼ਿਵ ਨਿਕੇਤਨ ਚੌਂਕ ਤੋਂ ਮਾਤਾ ਮੋਦੀ ਚੌਂਕ ਨੂੰ ਜੋੜਣ ਵਾਲੀ ਸੜਕ ਪਿਛਲੇ ਲੰਮੇ ਸਮੇਂ ਤੋਂ ਬਦਹਾਲੀ ਦੇ ਹੰਝੂ ਰੋ ਰਹੀ ਹੈ। ਇਸ ਟੁੱਟੀ ਹੋਈ ਸੜਕ ਅਤੇ ਇਸ ਵਿੱਚ ਪਏ ਡੂੰਘੇ ਖੱਡੇ ਹੁਣ ਰਾਹਗੀਰਾਂ ਅਤੇ ਸਥਾਨਕ ਨਿਵਾਸੀਆਂ ਲਈ ਵੱਡੀ ਮੁਸੀਬਤ ਦਾ ਸਬੱਬ ਬਣ ਚੁੱਕੇ ਹਨ, ਜਿਸ ਕਾਰਨ ਇੱਥੋਂ ਲੰਘਣ ਵਾਲੇ ਲੋਕਾਂ ਨੇ ਪ੍ਰਸ਼ਾਸਨ ਤੋਂ ਇਸ ਨੂੰ ਤੁਰੰਤ ਠੀਕ ਕਰਵਾਉਣ ਦੀ ਗੁਹਾਰ ਲਗਾਈ ਹੈ। ਸਥਾਨਕ ਲੋਕਾਂ ਅਤੇ ਰਾਹਗੀਰਾਂ ਦਾ ਕਹਿਣਾ ਹੈ ਕਿ ਇਸ ਰੋਡ 'ਤੇ ਰੋਜ਼ਾਨਾ ਵੱਡੀ ਗਿਣਤੀ ਵਿੱਚ ਵਾਹਨ ਲੰਘਦੇ ਹਨ, ਪਰ ਸੜਕ 'ਤੇ ਪਏ ਖੱਡਿਆਂ ਕਾਰਨ ਗੱਡੀਆਂ ਅਤੇ ਖਾਸ ਕਰਕੇ ਦੋਪਹੀਆ ਵਾਹਨ ਚਾਲਕਾਂ ਦਾ ਸੰਤੁਲਨ ਵਿਗੜ ਜਾਂਦਾ ਹੈ। ਓਧਰ ਇਸ ਸੜਕ ਦੇ ਦੁਕਾਨਦਾਰ ਵੀ ਸੜਕ ਟੁੱਟੀ ਹੋਣ ਕਾਰਨ ਉਡਦੀ ਧੂੜ-ਮਿੱਟੀ ਤੋਂ ਬੇਹੱਦ ਪ੍ਰੇਸ਼ਾਨ ਹਨ। ਲੋਕਾਂ ਦੀ ਮੰਗ ਹੈ ਕਿ ਕਿਸੇ ਵੱਡੇ ਹਾਦਸੇ ਦਾ ਇੰਤਜ਼ਾਰ ਕੀਤੇ ਬਿਨਾਂ ਸ਼ਿਵ ਨਿਕੇਤਨ ਚੌਂਕ ਤੋਂ ਮਾਤਾ ਮੋਦੀ ਚੌਂਕ ਤੱਕ ਦੀ ਇਸ ਸੜਕ ਦੀ ਤੁਰੰਤ ਨਵ-ਉਸਾਰੀ ਜਾਂ ਮੁਰੰਮਤ ਕਰਵਾਈ ਜਾਵੇ ਤਾਂ ਜੋ ਜਨਤਾ ਨੂੰ ਇਸ ਰੋਜ਼ਾਨਾ ਦੀ ਮਾਨਸਿਕ ਅਤੇ ਸਰੀਰਕ ਪਰੇਸ਼ਾਨੀ ਤੋਂ ਨਿਜਾਤ ਮਿਲ ਸਕੇ।

# ਸ਼੍ਰੀ ਰਾਧਾਕ੍ਰਿਸ਼ਨ ਮੰਦਰ ਵਿਖੇ ਕੌਂਸਲਰ ਚੰਚਲ ਅਰੋੜਾ ਅਤੇ ਆਸ਼ੂ ਕੁਮਾਰ ਗੱਪਾ ਦਾ ਸਨਮਾਨ

## ਸ਼੍ਰੀ ਹਰਿਨਾਮ ਸੰਕੀਰਤਨ ਦਾ ਵਿਸ਼ਾਲ ਆਯੋਜਨ



ਕੋਟਕਪੂਰਾ, 8 ਜੂਨ (ਮੋਹਿਤ ਮਹਿਤਾ): ਸਥਾਨਕ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਵਿਖੇ ਐਤਵਾਰ ਦੇਰ ਸ਼ਾਮ ਸ਼ਰਧਾ, ਭਗਤੀ ਅਤੇ ਸਨਮਾਨ ਦਾ ਇੱਕ ਅਨੋਖਾ ਸੰਗਮ ਦੇਖਣ ਨੂੰ ਮਿਲਿਆ। ਮੰਦਰ ਕੰਪਲੈਕਸ ਵਿੱਚ ਕਰਵਾਏ ਗਏ ਸ਼੍ਰੀ ਹਰਿਨਾਮ ਸੰਕੀਰਤਨ ਅਤੇ ਸਨਮਾਨ ਸਮਾਰੋਹ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਿੱਸਾ ਲਿਆ ਅਤੇ ਪ੍ਰਭੂ ਭਗਤੀ ਦਾ ਆਨੰਦ ਮਾਣਿਆ। ਇਸ ਦੌਰਾਨ ਮੰਦਰ ਖੇਤਰ ਦੇ ਵਾਰਡ ਨੰਬਰ 24 ਤੋਂ ਲਗਾਤਾਰ ਦੂਜੀ ਵਾਰ ਚੁਣੇ ਗਏ ਕੌਂਸਲਰ ਚੰਚਲ ਅਰੋੜਾ ਅਤੇ ਵਾਰਡ ਨੰਬਰ 14 ਤੋਂ ਚੁਣੇ ਗਏ ਕੌਂਸਲਰ ਤੇ ਮੰਦਰ ਕਮੇਟੀ ਮੈਂਬਰ ਆਸ਼ੂ ਕੁਮਾਰ ਗੱਪਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਰਾਜਕੁਮਾਰ ਅਗਰਵਾਲ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਇਸ ਸਮਾਗਮ ਦੀ ਸ਼ੁਰੂਆਤ ਵਿੱਚ ਸ਼੍ਰੀ ਸੰਕੀਰਤਨੀਆ ਸਦਾ ਹਰੀ ਦੇ ਕਲਾਕਾਰਾਂ ਨੇ ਸੰਜੀਵ ਸ਼ਰਮਾ, ਰਾਜਿੰਦਰ ਸ਼ਰਮਾ ਅਤੇ ਅਨਿਲ ਗਰਗ ਦੀ ਅਗਵਾਈ ਹੇਠ ਮਧੁਰ ਭਜਨਾਂ ਅਤੇ ਸੰਕੀਰਤਨ ਰਾਹੀਂ ਪ੍ਰਭੂ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਤੋਂ ਬਾਅਦ ਸ਼੍ਰੀਧਾਮ ਵ੍ਰਿੰਦਾਵਨ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਰਸਿਕਜਨ ਰੂਪੇਸ਼ ਸ਼ਰਨ ਜੀ ਮਹਾਰਾਜ ਅਤੇ ਗੋਪਾਲ ਸ਼ਰਨ ਜੀ ਮਹਾਰਾਜ ਨੇ ਸ਼੍ਰੀ ਹਰਿਨਾਮ ਸੰਕੀਰਤਨ ਰਾਹੀਂ ਸਾਰਿਆਂ ਨੂੰ ਮੰਤਰ-ਮੁਗਧ ਕਰ ਦਿੱਤਾ। ਪ੍ਰੋਗਰਾਮ ਦੇ ਦੂਜੇ ਪੜਾਅ ਵਿੱਚ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਮੰਦਰ ਕਮੇਟੀ ਵੱਲੋਂ ਸ਼੍ਰੀਧਾਮ ਵ੍ਰਿੰਦਾਵਨ ਤੋਂ ਆਏ ਰਸਿਕਜਨਾਂ ਦੇ ਨਾਲ-ਨਾਲ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਵਿੱਚ ਮੰਦਰ ਖੇਤਰ ਦੇ ਵਾਰਡ ਨੰਬਰ 24 ਤੋਂ ਦੁਬਾਰਾ ਕੌਂਸਲਰ ਬਣੇ ਚੰਚਲ ਅਰੋੜਾ, ਉਨ੍ਹਾਂ ਦੀ ਧਰਮਪਤਨੀ ਮੋਨਿਕਾ ਅਰੋੜਾ ਅਤੇ ਵਾਰਡ ਨੰਬਰ 14 ਤੋਂ ਕੌਂਸਲਰ ਚੁਣੇ ਗਏ ਮੰਦਰ ਕਮੇਟੀ ਦੇ ਸਰਗਰਮ ਮੈਂਬਰ ਆਸ਼ੂ ਕੁਮਾਰ ਗੱਪਾ ਤੇ ਉਨ੍ਹਾਂ ਦੀ ਧਰਮਪਤਨੀ ਪਿੰਕੀ ਗਰਗ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਇੰਜੀ. ਰਾਜਕੁਮਾਰ ਅਗਰਵਾਲ ਨੇ ਕਿਹਾ ਕਿ ਮੰਦਰ ਕਮੇਟੀ ਨੂੰ ਆਪਣੇ ਉਨ੍ਹਾਂ ਮੈਂਬਰਾਂ ਅਤੇ ਸ਼ੁਭਚਿੰਤਕਾਂ 'ਤੇ ਮਾਣ ਹੈ, ਜਿਨ੍ਹਾਂ ਨੇ ਜਨਸੇਵਾ ਦੇ ਖੇਤਰ ਵਿੱਚ ਸਫਲਤਾ ਹਾਸਲ ਕਰਕੇ ਸਮਾਜ ਦਾ ਨਾਂ ਰੌਸ਼ਨ ਕੀਤਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਦੋਵੇਂ ਕੌਂਸਲਰ ਆਪਣੇ-ਆਪਣੇ ਵਾਰਡਾਂ ਦੇ ਵਿਕਾਸ ਦੇ ਨਾਲ-ਨਾਲ ਧਾਰਮਿਕ ਅਤੇ ਸਮਾਜਿਕ ਕਾਰਜਾਂ ਵਿੱਚ ਵੀ ਸਰਗਰਮ ਯੋਗਦਾਨ ਪਾਉਂਦੇ ਰਹਿਣਗੇ। ਇਸ ਮੌਕੇ ਪੰਕਜ ਭਾਰਤੀ, ਨਰੇਸ਼ ਮਿੱਤਲ, ਸਤੀਸ਼ ਮਿੱਤਲ, ਸੰਜੇ ਮਿੱਤਲ, ਪ੍ਰਦੀਪ ਅਗਰਵਾਲ, ਸੰਜੀਵ ਗਰਗ, ਸੁਨੀਲ ਕਾਲੜਾ, ਰਾਕੇਸ਼ ਕਾਲੜਾ, ਪਵਨ ਮਿੱਤਲ, ਅਨਿਲ ਅਗਰਵਾਲ, ਪੰਡਿਤ ਅਖਿਲ ਕੌਸ਼ਿਕ, ਓਮ ਪ੍ਰਕਾਸ਼ ਗੋਇਲ, ਕੈਲਾਸ਼ ਗੋਇਲ, ਗੋਪਾਲ ਗੋਇਲ, ਮੰਦਰ ਦੇ ਪੁਜਾਰੀ ਸੰਜੇ ਸ਼ਰਮਾ, ਕ੍ਰਿਸ਼ਨ ਲਾਲ ਸਮੇਤ ਸ਼ਹਿਰ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ, ਮੰਦਰ ਕਮੇਟੀ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

# ਵਧੀਕ ਡਿਪਟੀ ਕਮਿਸ਼ਨਰ ਵਲੋਂ ਹਰਿਆਣਾ ਵਿਖੇ ਮੁਢਲੀਆਂ ਸਹੂਲਤਾਂ ਦਾ ਨਿਰੀਖਣ ਸਬੰਧਤ ਅਧਿਕਾਰੀਆਂ ਨੂੰ ਸਫ਼ਾਈ ਵਿਵਸਥਾ

### ਪਾਣੀ ਦੀ ਸਪਲਾਈ ਆਦਿ ਹੋਰ ਸੁਚੱਜੇ ਢੰਗ ਨਾਲ ਯਕੀਨੀ ਬਣਾਉਣ ਦੇ ਨਿਰਦੇਸ਼



ਹੁਸ਼ਿਆਰਪੁਰ, 8 ਜੂਨ (ਰਿੰਕੂ ਥਾਪਰ): ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਗਰ ਕੌਂਸਲਾਂ ਵਿਚ ਸਫ਼ਾਈ ਪ੍ਰਬੰਧਾਂ ਦਾ ਨਿਰੀਖਣ ਕਰਨ ਦੀ ਲੜੀ ਨੂੰ ਸ਼ੁਰੂ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ ਨੇ ਨਗਰ ਕੌਂਸਲ ਹਰਿਆਣਾ ਦਾ ਅਚਨਚੇਤ ਦੌਰਾ ਕਰਕੇ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਹੋਰ ਵੀ ਸੁਚੱਜੇ ਢੰਗ ਨਾਲ ਸ਼ਹਿਰ ਦੀ ਸਫ਼ਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਵਧੀਕ ਡਿਪਟੀ ਕਮਿਸ਼ਨਰ ਨੇ ਹਰਿਆਣਾ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ, ਸਫ਼ਾਈ ਸੁਪਰਵਾਈਜ਼ਰਾਂ, ਸਫ਼ਾਈ ਸੇਵਕ ਯੂਨਿਅਨ ਦੇ ਪ੍ਰਧਾਨ ਅਤੇ ਹੋਰ ਨੁਮਾਇੰਦਿਆਂ ਦੀ ਮੌਜੂਦਗੀ ਵਿਚ ਸ਼ਹਿਰ ਦਾ ਚੱਕਰ ਲਗਾਇਆ ਅਤੇ ਕੂੜਾ ਸੁੱਟਣ ਵਾਲੀਆਂ ਥਾਵਾਂ, ਪਾਣੀ ਸਪਲਾਈ ਦੇ ਪ੍ਰਬੰਧਾਂ ਅਤੇ ਸਟਰੀਟ ਲਾਈਟਾਂ ਦੀ ਮੌਜੂਦਾ ਹਾਲਤ ਦਾ ਜਾਇਜ਼ਾ ਲੈਂਦਿਆਂ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੁਚੱਜੀ ਸਫ਼ਾਈ ਵਿਵਸਥਾ ਦੀ ਲਗਾਤਾਰਤਾ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਨੂੰ ਮੁਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਭਵਿੱਖ ਵਿਚ ਵੀ ਸਮੇਂ-ਸਮੇਂ ਸਿਰ ਚੈਕਿੰਗ ਕੀਤੀ ਜਾਵੇਗੀ। ਇਸ ਮੌਕੇ ਸਫ਼ਾਈ ਸੁਪਰਵਾਈਜ਼ ਆਕਾਸ਼, ਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਰਮਨ ਕੁਮਾਰ ਆਦਿ ਵੀ ਮੌਜੂਦ ਸਨ।






सत्यमेव जयते
हरियाणा सरकार
भारत सरकार



ਜਿਨ੍ਹਾਂ ਦੇ ਜੀਵਨ ਦਾ ਹਰ ਪਲ, ਸੇਵਾ ਅਤੇ ਰਾਸ਼ਟਰ ਹਿੱਤ ਦੇ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਤੀਕ ਹੈ, ਜਿਨ੍ਹਾਂ ਦੇ ਲਈ ਜਨ ਕਲਿਆਣ ਹੀ ਜੀਵਨ ਸਾਧਨਾ ਹੈ, ਅਜਿਹੇ **ਸੇਵਾ-ਵ੍ਰਤਿ ਨਰੇਂਦਰ ਮੋਦੀ ਜੀ** ਦੀ ਅਗਵਾਈ ਵਿੱਚ ਭਾਰਤ ਦੀ ਨਿਰੰਤਰ ਤਰੱਕੀ ਦੀ ਗਵਾਹੀ ਪੂਰਾ ਦੇਸ਼ ਦੱਸ ਰਿਹਾ ਹੈ...

# 12 ਸਾਲ ਵਿਸ਼ਵਾਸ ਕੇ, ਵਿਕਾਸ ਕੇ, ਜਨ-ਕਲਿਆਣ ਕੇ

## ਗ਼ਰੀਬ ਕਲਿਆਣ

- 81+ ਕਰੋੜ ਲੋਕਾਂ ਨੂੰ ਹਰ ਮਹੀਨੇ ਮੁਫ਼ਤ ਰਾਸ਼ਨ
- 4+ ਕਰੋੜ ਪੀਐੱਮ ਆਵਾਸ, 10.5+ ਕਰੋੜ ਉੱਜਵਲਾ ਗੈਸ ਕਨੈਕਸ਼ਨ ਅਤੇ 12+ ਕਰੋੜ ਪਖਾਨਿਆਂ ਨਾਲ ਜੀਵਨ ਹੋਇਆ ਅਸਾਨ

## ਯੁਵਾ ਸ਼ਕਤੀ

- ਲਗਭਗ 2 ਕਰੋੜ ਨੌਜਵਾਨਾਂ ਨੂੰ ਸਕਿੱਲ ਟ੍ਰੇਨਿੰਗ
- 40 ਲੱਖ ਕਰੋੜ ਰੁਪਏ ਦੇ ਮੁਦਰਾ ਲੋਨ
- ਦੇਸ਼ ਭਰ ਵਿੱਚ 2.2 ਲੱਖ ਸਟਾਰਟਅੱਪਸ
- 10,000+ ਅਟਲ ਟਿੰਕਰਿੰਗ ਲੈਬਸ ਤੋਂ ਨਵੀਨਤਾ ਨੂੰ ਹੁਲਾਰਾ

## ਕਿਸਾਨ ਭਲਾਈ

- 4.3 ਲੱਖ ਕਰੋੜ ਰੁਪਏ ਦੀ ਪੀਐੱਮ ਕਿਸਾਨ ਸਨਮਾਨ ਨਿਧੀ
- 4+ ਕਰੋੜ ਕਿਸਾਨਾਂ ਨੂੰ 2 ਲੱਖ ਕਰੋੜ ਰੁਪਏ ਦਾ ਫਸਲ ਬੀਮਾ
- 26+ ਲੱਖ ਕਰੋੜ ਰੁਪਏ ਦੀ ਫਸਲ ਖਰੀਦ MSP 'ਤੇ
- 8 ਕਰੋੜ ਕਿਸਾਨਾਂ ਨੂੰ ਕਿਸਾਨ ਕ੍ਰੈਡਿਟ ਕਾਰਡ

## ਨਾਰੀ ਸ਼ਕਤੀ

- 32+ ਕਰੋੜ ਮਹਿਲਾਵਾਂ ਦੇ ਜਨ-ਧਨ ਖਾਤੇ ਖੁੱਲ੍ਹੇ
- ਸੈਨਾ ਵਿੱਚ ਮਹਿਲਾਵਾਂ ਨੂੰ ਮਿਲਿਆ ਸਥਾਈ ਕਮਿਸ਼ਨ
- 3+ ਕਰੋੜ ਲਖਪਤੀ ਦੀਦੀ
- 10 ਕਰੋੜ ਗ੍ਰਾਮੀਣ ਮਹਿਲਾਵਾਂ, 91+ ਲੱਖ ਸੈਲਫ ਹੈਲਪ ਗਰੁੱਪ ਰਾਹੀਂ ਸਸ਼ਕਤ

## ਸਿਹਤ ਸੰਭਾਲ

- 70+ ਦੇ ਬਜ਼ੁਰਗਾਂ ਨੂੰ ਵੀ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ
- 60+ ਕਰੋੜ ਲੋਕਾਂ ਨੂੰ ਆਯੁਸ਼ਮਾਨ ਭਾਰਤ ਦੀ ਸੁਰੱਖਿਆ
- ਦੇਸ਼ ਭਰ ਵਿੱਚ 19,000+ ਜਨ-ਔਸ਼ਧੀ ਕੇਂਦਰਾਂ 'ਤੇ 90 ਪ੍ਰਤੀਸ਼ਤ ਤੱਕ ਸਸਤੀਆਂ ਦਵਾਈਆਂ

## ਮੱਧ ਵਰਗ

- 12.75 ਲੱਖ ਰੁਪਏ ਤੱਕ ਦਾ ਸਲਾਨਾ ਇਨਕਮ ਟੈਕਸ ਫ੍ਰੀ
- UDAN ਯੋਜਨਾ ਦੇ ਤਹਿਤ 1.6+ ਕਰੋੜ ਯਾਤਰੀਆਂ ਨੇ ਕੀਤੀ ਕਿਫਾਇਤੀ ਹਵਾਈ ਯਾਤਰਾ
- ਐੱਮਬੀਬੀਐੱਸ ਸੀਟਾਂ ਦੀ ਗਿਣਤੀ 151% ਵੱਧ ਕੇ ਕਰੀਬ 1.3 ਲੱਖ ਹੋਈ

## ਵਿਰਾਸਤ ਅਤੇ ਵਿਕਾਸ

- ਅਯੋਧਿਆ ਵਿੱਚ ਸ਼ਾਨਦਾਰ ਰਾਮ ਮੰਦਿਰ ਦਾ ਨਿਰਮਾਣ
- ਕਾਸ਼ੀ ਵਿਸ਼ਵਨਾਥ ਧਾਮ, ਮਹਾਕਾਲ ਮਹਾਲੋਕ ਅਤੇ ਕੇਦਾਰਨਾਥ ਧਾਮ ਦਾ ਕਾਇਆਕਲਪ

## ਰਾਸ਼ਟਰ ਪ੍ਰਥਮ

- ਲਗਭਗ 38,400 ਕਰੋੜ ਰੁਪਏ ਦਾ ਰਿਕਾਰਡ ਡਿਫੈਂਸ ਐਕਸਪੋਰਟ
- ਨਕਸਲ ਮੁਕਤ ਭਾਰਤ ਦਾ ਸੁਪਨਾ ਸਾਕਾਰ, ਅੱਤਵਾਦ 'ਤੇ ਹੋ ਰਹੀ ਸਖ਼ਤ ਕਾਰਵਾਈ
- ਗ਼ੁਲਾਮੀ ਦੀ ਮਾਨਸਿਕਤਾ ਤੋਂ ਮੁਕਤੀ-ਰਾਜਪੱਥ ਬਣਿਆ ਕਰਤਵਯ ਪੱਥ, ਛਤਰਪਤੀ ਸ਼ਿਵਾਜੀ ਮਹਾਰਾਜ ਦੀ ਮੁਦਰਾ ਤੋਂ ਪ੍ਰੇਰਿਤ ਜਲ ਸੈਨਾ ਦਾ ਨਵਾਂ ਝੰਡਾ

## ਰਾਸ਼ਟਰ ਨਿਰਮਾਣ

- 26 ਸ਼ਹਿਰਾਂ ਵਿੱਚ ਫੈਲਿਆ 1,100+ ਕਿਲੋਮੀਟਰ ਦਾ ਮੈਟਰੋ ਨੈੱਟਵਰਕ
- ਦੇਸ਼ ਭਰ ਵਿੱਚ ਦੌੜ ਰਹੀਆਂ 164 ਵੰਦੇ ਭਾਰਤ ਟ੍ਰੇਨਾਂ
- ਅਟਲ ਸੇਤੂ, ਸੁਦਰਸ਼ਨ ਸੇਤੂ, ਚਿਨਾਬ ਰੇਲ ਬ੍ਰਿਜ, ਬੋਗੀਬੀਲ ਬ੍ਰਿਜ, ਪੰਬਨ ਸਮੁੰਦਰੀ ਪੁਲ ਜਿਹੇ ਵੱਡੇ ਇਨਫ੍ਰਾਸਟ੍ਰਕਚਰ ਦਾ ਨਿਰਮਾਣ
- ਏਅਰਪੋਰਟਸ ਦੀ ਗਿਣਤੀ 74 ਤੋਂ ਵਧ ਕੇ 164 ਹੋਈ



ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ, ਹਰਿਆਣਾ

www.prharyana.gov.in | Follow us on @diprharyana